ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 10 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੮ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਚੋਣ ਜ਼ਾਬਤੇ ਦੌਰਾਨ ਜਲੰਧਰ 'ਚ ਚੱਲੀਆਂ ਸ਼ਰੇਆਮ ਗੋਲ਼ੀਆਂ

**ਜਲੰਧਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਨੂੰ ਲੈ ਕੇ ਜਾਰੀ ਚੋਣ ਜ਼ਾਬਤੇ ਦਰਮਿਆਨ ਜਲੰਧਰ 'ਚ



ਗੋਲ਼ੀ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਬੀਤੀ ਦੇਰ ਰਾਤ ਇਕਹਰੀ ਪੁਲ ਨੇੜੇ ਦੇਰ ਰਾਤ ਗੋਲ਼ੀਆਂ ਚੱਲਣ ਦੀ ਖ਼ਬਰ ਸਾਹਮਣੇ ਆਈ ਹੈ। ਦੱਸਿਆ ਜਾ ਰਿਹਾ ਹੈ ਕਿ ਕਾਰ 'ਚ ਸਵਾਰ ਤਿੰਨ ਨੌਜਵਾਨਾਂ ਨੇ ਹਵਾ 'ਚ ਗੋਲ਼ੀਆਂ ਚਲਾਈਆਂ। ਇਸ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਇਕਹਰੀ ਪੁਲੀ ਚੌਂਕ 'ਤੇ ਦੋ ਧਿਰਾਂ 'ਚ ਝਗੜਾ ਹੋ ਗਿਆ ਅਤੇ ਇਸ ਦੌਰਾਨ ਕਾਰ ਚਾਲਕ ਨੇ ਗੋਲ਼ੀਆਂ ਚਲਾ ਦਿੱਤੀਆਂ। ਪੁਲਸ ਨੇ ਮੌਕੇ ਤੋਂ ਕੋਈ ਖੋਲ ਬਰਾਮਦ ਨਹੀਂ ਕੀਤਾ ਹੈ। ਪੁਲਸ ਨੇ ਪੀੜਤਾ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰ ਲਿਆ ਹੈ। ਇਸ ਮਾਮਲੇ ਸਬੰਧੀ ਪੀੜਤ ਧਿਰ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਕਿਸੇ ਗੱਲ ਨੂੰ ਲੈ ਕੇ ਝਗੜਾ ਹੋਇਆ ਸੀ। ਇਸ ਦੌਰਾਨ ਦੂਜੀ ਧਿਰ ਨੇ ਗੋਲ਼ੀਆਂ ਚਲਾ ਦਿੱਤੀਆਂ ਅਤੇ ਉਨ੍ਹਾਂ ਨੇ ਆਪਣੀ ਕਾਰ ਭਜਾ ਕੇ ਆਪਣੀ ਜਾਨ ਬਚਾਈ।

## ਬਾਊਂਸਰ ਮਨੀਸ਼ ਦਾ ਕਤਲ ਕਰਨ ਵਾਲੇ

# ਗੈਂਗਸਟਰਾਂ ਦਾ ਮੁਹਾਲੀ 'ਚ ਐਨਕਾਊਂਟਰ



**ਚੰਡੀਗੜ੍ਹ, 9 ਮਈ (ਆਵਾਜ਼ਿ ਕੌਮ ਬਿਊਰੋ)**-ਖਰੜ ਨੇੜਲੇ ਪਿੰਡ ਚੰਦੋ ਵਿੱਚ ਬਾਊਂਸਰ ਮਨੀਸ਼ ਨੂੰ ਗੋਲੀਆਂ ਮਾਰਨ ਵਾਲੇ ਗੈਂਗਸਟਰਾਂ ਨਾਲ ਪੁਲਿਸ ਦਾ ਐਨਕਾਊਂਟਰ ਹੋਇਆ ਹੈ। ਮੁੱਲਾਪੁਰ ਵਿੱਚ ਸਪੈਸ਼ਲ ਸੈੱਲ ਤੇ ਗੈਂਗਸਟਰਾਂ ਵਿਚਾਲੇ ਫਾਇਰਿੰਗ ਹੋਈ ਹੈ। ਇਸ ਦੌਰਾਨ ਗੈਂਗਸਟਰਾਂ ਦੀਆਂ ਲੱਤਾਂ ਵਿੱਚ ਗੋਲੀਆਂ ਲੱਗੀਆਂ ਹਨ। ਹਾਸਲ ਜਾਣਕਾਰੀ ਮੁਤਾਬਕ ਮੁਲਜ਼ਮ ਬਾਈਕ 'ਤੇ ਜਾ ਰਹੇ ਸਨ। ਇਸ ਦੌਰਾਨ ਪੁਲਿਸ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੁਲਿਸ ਉੱਤੇ ਫਾਇਰਿੰਗ ਕਰ ਦਿੱਤੀ। ਪੁਲਿਸ ਨੇ ਵੀ ਜਵਾਬੀ ਕਾਰਵਾਈ ਕੀਤੀ। ਇਸ ਦੌਰਾਨ ਇੱਕ ਮੁਲਜ਼ਮ ਦੇ ਲੱਤ ਤੇ ਦੂਜੇ ਦੀ ਵੱਖੀ ਵਿੱਚ ਗੋਲੀਆਂ ਲੱਗੀਆਂ ਹਨ। ਦੋਵੇਂ ਮੁਹਾਲੀ ਜ਼ਿਲ੍ਹੇ ਦੇ ਵਸਨੀਕ ਦੱਸੇ ਜਾਂਦੇ ਹਨ ਜਿਨ੍ਹਾਂ ਨੇ ਦੋ ਦਿਨ ਪਹਿਲਾਂ ਬਾਊਂਸਰ ਮਨੀਸ਼ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਸੀ। ਪੁਲਿਸ ਨੇ ਦੋਵਾਂ ਨੂੰ ਗ੍ਰਿਫਤਾਰ ਕਰ ਲਿਆ। ਦੱਸ ਦਈਏ ਕਿ ਮੰਗਲਵਾਰ ਨੂੰ ਮੁਹਾਲੀ ਜ਼ਿਲ੍ਹੇ ਦੇ ਖਰੜ ਕਸਬੇ ਵਿੱਚ ਹੋਏ ਬਾਊਂਸਰ ਮਨੀਸ਼ ਦੇ ਕਤਲ ਕੇਸ ਦੀ ਜ਼ਿੰਮੇਵਾਰੀ ਬੰਬੀਹਾ ਗੈਂਗ ਨੇ ਲਈ ਸੀ। ਦਵਿੰਦਰ ਬੰਬੀਹਾ ਨਾਂ ਦੇ ਸੋਸ਼ਲ ਮੀਡੀਆ ਅਕਾਊਂਟ 'ਤੇ ਪੋਸਟ ਕਰਦੇ ਹੋਏ ਲਿਖਿਆ ਸੀ ਕਿ ਲੱਕੀ ਪਟਿਆਲ ਨੇ ਇਹ ਕਤਲ ਕਰਵਾਇਆ ਹੈ। ਇਹ 5 ਸਾਲ ਪਹਿਲਾਂ ਹੋਏ ਮੀਤ ਬਾਊਂਸਰ ਦੇ ਕਤਲ ਦਾ ਬਦਲਾ ਹੈ। ਪੋਸਟ ਵਿੱਚ ਉਨ੍ਹਾਂ ਨੇ ਚੇਤਾਵਨੀ ਵੀ ਦਿੱਤੀ ਸੀ ਕਿ ਜਿੰਨਾ ਸਮਾਂ ਲੰਘਦਾ ਜਾਏਗਾ, ਦੁਸ਼ਮਣੀ ਵੀ ਓਨੀ ਹੀ ਵਧਦੀ ਜਾਏਗੀ। ਕੋਈ ਕਿਸੇ ਕਿਸਮ ਦੀ ਗਲਤਫਹਿਮੀ ਵਿੱਚ ਨਾ ਰਵੇ। ਦੱਸ ਦਈਏ ਕਿ ਮੰਗਲਵਾਰ ਨੂੰ ਖਰੜ ਨੇੜਲੇ ਪਿੰਡ ਚੰਦੋ ਨਜ਼ਦੀਕ ਦਿਨ ਦਿਹਾੜੇ ਬਾਊਂਸਰ ਮਨੀਸ਼ ਦੀ ਮੋਟਰਸਾਈਕਲ 'ਤੇ ਆਏ ਵਿਅਕਤੀਆਂ ਵੱਲੋਂ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਮੁਨੀਸ਼ ਪਿੰਡ ਤਿਊੜ ਦਾ ਰਹਿਣ ਵਾਲਾ ਸੀ ਤੇ ਬਾਊਂਸਰ ਵਜੋਂ ਕੰਮ ਕਰਦਾ ਸੀ। ਉਹ ਆਪਣੇ ਮੋਟਰਸਾਈਕਲ 'ਤੇ ਤਿਊੜ ਜਾ ਰਿਹਾ ਸੀ ਕਿ ਸਾਢੇ 12 ਵਜੇ ਦੇ ਕਰੀਬ ਘਾਤ ਲਾ ਕੇ ਬੈਠੇ ਹਮਲਾਵਰਾਂ ਨੇ ਉਸ ਨੂੰ ਗੋਲੀ ਮਾਰ ਦਿੱਤੀ।

## ਪੰਜਾਬ 'ਚ ਹਥਿਆਰਾਂ ਦੀ ਤਸਕਰੀ ਦਾ ਪਰਦਾਫ਼ਾਸ਼, 6 ਪਿਸਤੌਲਾਂ ਤੇ 7 ਮੈਗਜ਼ੀਨਾਂ ਸਮੇਤ 2 ਤਸਕਰ ਗ੍ਰਿਫ਼ਤਾਰ


**ਜਲੰਧਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਸ ਵੱਲੋਂ ਅੰਤਰਰਾਜੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫ਼ਾਸ਼ ਕੀਤਾ ਗਿਆ ਹੈ। ਦਰਅਸਲ ਕਾਊਂਟਰ ਇੰਟੈਲੀਜੈਂਸ ਜਲੰਧਰ ਨੇ ਖ਼ੁਫ਼ੀਆ ਜਾਣਕਾਰੀ 'ਤੇ ਆਧਾਰਿਤ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ 2 ਤਸਕਰਾਂ ਨੂੰ 6 ਗੈਰ ਕਾਨੂੰਨੀ ਪਿਸਤੌਲਾਂ ਅਤੇ 7 ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਦੀ ਜਾਣਕਾਰੀ ਡੀ.ਜੀ.ਪੀ. ਗੌਰਵ ਯਾਦਵ ਵੱਲੋਂ ਟਵਿੱਟਰ ਜ਼ਰੀਏ ਦਿੱਤੀ ਗਈ ਹੈ। ਮੁੱਢਲੀ



ਜਾਂਚ ਤੋਂ ਪਤਾ ਚੱਲਦਾ ਹੈ ਕਿ ਇਹ ਰੈਕੇਟ ਤਰ੍ਹਾਂ ਯੋਜਨਾਬੱਧ ਤਰੀਕੇ ਨਾਲ ਕੰਮ ਕਰ ਰਿਹਾ ਸੀ ਅਤੇ ਪਿਛਲੇ 6 ਮਹੀਨਿਆਂ ਵਿੱਚ ਇਸ ਰੈਕੇਟ ਨੇ ਹਥਿਆਰਾਂ ਦੀਆਂ 4 ਵੱਡੀਆਂ ਖੇਪਾਂ ਖ਼ਰੀਦੀਆਂ ਸਨ। ਗੈਂਗਸਟਰਾਂ ਨੂੰ ਹਥਿਆਰਾਂ ਦੀ ਸਪਲਾਈ ਕਰਨ ਲਈ ਨਾਮਜ਼ਦ ਕੀਤੇ ਗਏ ਦੋ ਅਹਿਮ ਮਾਡਿਊਲ ਮੈਂਬਰਾਂ ਦੀ ਗ੍ਰਿਫ਼ਤਾਰੀ ਹੋਣੀ ਬਾਕੀ ਹੈ। ਅਸਲਾ ਐਕਟ ਤਹਿਤ ਐੱਫ਼. ਆਈ. ਆਰ. ਅੰਮ੍ਰਿਤਸਰ ਵਿਖੇ ਦਰਜ ਕੀਤੀ ਗਈ ਹੈ। ਇਸ ਦੇ ਨਾਲ ਹੀ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ। ਪੰਜਾਬ ਪੁਲਸ ਸੰਗਠਿਤ ਅਪਰਾਧ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਨੈੱਟਵਰਕ ਵਿਚ ਸ਼ਾਮਲ ਸਾਰੇ ਲੋਕਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰੇਗੀ।

## ਹਾਈ ਕੋਰਟ ਦਾ ਅਹਿਮ ਫੈਸਲਾ, ਮੁਸਲਮਾਨਾਂ ਨੂੰ ਲਿਵ-ਇਨ ਰਿਲੇਸ਼ਨਸ਼ਿਪ 'ਚ ਰਹਿਣ ਦਾ ਅਧਿਕਾਰ ਨਹੀਂ

**ਇਲਾਹਾਬਾਦ, , 9 ਮਈ (ਆਵਾਜ਼ਿ ਕੌਮ ਬਿਊਰੋ)**-ਇਲਾਹਾਬਾਦ ਹਾਈ ਕੋਰਟ ਨੇ ਹਾਲ ਹੀ ਵਿਚ ਆਪਣੇ ਇਕ ਅਹਿਮ ਫੈਸਲੇ ਵਿਚ ਕਿਹਾ ਹੈ ਕਿ ਇਸਲਾਮ ਧਰਮ ਦੀ ਪਾਲਣਾ ਕਰਨ ਵਾਲਾ



ਕੋਈ ਵੀ ਵਿਅਕਤੀ ਲਿਵ-ਇਨ ਰਿਲੇਸ਼ਨਸ਼ਿਪ ਵਿਚ ਰਹਿਣ ਦਾ ਦਾਅਵਾ ਨਹੀਂ ਕਰ ਸਕਦਾ। ਖ਼ਾਸ ਕਰ ਕੇ ਜੇ ਉਸ ਕੋਲ ਪਹਿਲਾਂ ਹੀ ਇਕ ਜੀਵਤ ਜੀਵਨ ਸਾਥੀ ਹੋਵੇ। ਅਦਾਲਤ ਨੇ ਕਿਹਾ ਕਿ ਮੁਸਲਮਾਨ ਜਿਸ ਰੀਤੀ-ਰਿਵਾਜ ਨੂੰ ਮੰਨਦੇ ਹਨ, ਉਹ ਉਨ੍ਹਾਂ ਨੂੰ ਲਿਵ-ਇਨ ਰਿਲੇਸ਼ਨਸ਼ਿਪ ਦਾ ਅਧਿਕਾਰ ਨਹੀਂ ਦਿੰਦਾ ਹੈ। ਜਸਟਿਸ ਅਤਾਉਰ ਰਹਿਮਾਨ ਮਸੂਦੀ ਅਤੇ ਜਸਟਿਸ ਅਜੈ ਕੁਮਾਰ ਸ੍ਰੀਵਾਸਤਵ ਦੇ ਬੈਂਚ ਨੇ ਕਿਹਾ ਕਿ ਜਦੋਂ ਕਿਸੇ ਨਾਗਰਿਕ ਦੀ ਵਿਆਹੁਤਾ ਸਥਿਤੀ ਦੀ ਵਿਖਾਇਆ ਪਰਸਨਲ ਲਾਅ ਅਤੇ ਸੰਵਿਧਾਨਕ ਅਧਿਕਾਰਾਂ ਭਾਵ ਦੋਵਾਂ ਕਾਨੂੰਨਾਂ ਦੇ ਤਹਿਤ ਕੀਤੀ ਜਾਂਦੀ ਹੈ ਤਾਂ ਧਾਰਮਿਕ ਰੀਤੀ-ਰਿਵਾਜਾਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ। ਅਦਾਲਤ ਨੇ ਕਿਹਾ ਕਿ ਸਮਾਜਿਕ ਅਤੇ ਧਾਰਮਿਕ ਰੀਤੀ-ਰਿਵਾਜ ਤੇ ਪ੍ਰੰਪਰਾਵਾਂ ਅਤੇ ਸੰਵਿਧਾਨ ਵੱਲੋਂ ਮਾਨਤਾ ਪ੍ਰਾਪਤ ਕਾਨੂੰਨ ਜਿਨ੍ਹਾਂ ਨੂੰ ਸਮਰਥ ਵਿਧਾਨ ਸਭਾ ਵੱਲੋਂ ਬਣਾਇਆ ਗਿਆ ਹੈ, ਦੋਵਾਂ ਦੇ ਸਰੋਤ ਬਰਾਬਰ ਰਹੇ ਹਨ। ਬਾਰ ਐਂਡ ਬੈਂਚ ਦੀ ਰਿਪੋਰਟ ਮੁਤਾਬਕ, ਅਦਾਲਤ ਨੇ ਕਿਹਾ ਕਿ ਇਕ ਵਾਰ ਜਦੋਂ ਸਾਡੇ ਸੰਵਿਧਾਨ ਦੇ ਢਾਂਚੇ ਅੰਦਰ ਰੀਤੀ-ਰਿਵਾਜਾਂ ਅਤੇ ਪ੍ਰੰਪਰਾਵਾਂ ਨੂੰ ਵੈਧ ਕਾਨੂੰਨ ਵਜੋਂ ਮਾਨਤਾ ਮਿਲ ਜਾਂਦੀ ਹੈ, ਤਾਂ ਅਜਿਹੇ ਕਾਨੂੰਨ ਵੀ ਢੁਕਵੇਂ ਮਾਮਲੇ ਵਿਚ ਵੀ ਲਾਗੂ ਹੁੰਦੇ ਹਨ। ਅਦਾਲਤ ਨੇ ਆਪਣੇ ਆਦੇਸ਼ ਵਿਚ ਕਿਹਾ ਕਿ ਐਕਟ 21 ਦੇ ਤਹਿਤ ਲਿਵ-ਇਨ ਰਿਲੇਸ਼ਨਸ਼ਿਪ ਦਾ ਸੰਵਿਧਾਨਕ ਅਧਿਕਾਰ ਉਦੋਂ ਲਾਗੂ ਨਹੀਂ ਹੁੰਦਾ, ਜਦੋਂ ਰੀਤੀ-ਰਿਵਾਜ ਅਤੇ ਪ੍ਰੰਪਰਾਵਾਂ ਦੋ ਵਿਅਕਤੀਆਂ ਵਿਚਕਾਰ ਅਜਿਹੇ ਸਬੰਧਾਂ ਦੀ ਮਨਾਹੀ ਕਰਦੀਆਂ ਹਨ। ਹਾਈ ਕੋਰਟ ਨੇ ਕਿਹਾ ਕਿ ਇਸਲਾਮ ਵਿਚ ਭਰੋਸਾ ਰੱਖਣ ਵਾਲਾ ਕੋਈ ਵੀ ਵਿਅਕਤੀ ਲਿਵ-ਇਨ ਰਿਲੇਸ਼ਨਸ਼ਿਪ ਦੇ ਅਧਿਕਾਰ ਦਾ ਦਾਅਵਾ ਨਹੀਂ ਕਰ ਸਕਦਾ, ਖਾਸ ਕਰ ਕੇ ਓਦੋਂ ਜਦੋਂ ਉਸਦਾ ਕੋਈ ਜੀਵਨਸਾਥੀ ਜਿੰਦਾ ਹੋਵੇ।

## ਕੋਰੋਨਾ ਤੋਂ ਬਾਅਦ ਹੁਣ ਵੱਡੀ ਤਬਾਹੀ ਦਾ ਖ਼ਤਰਾ! ਹਰ ਸਾਲ ਕਰੋੜ ਲੋਕਾਂ ਦੀ ਹੋਏਗੀ ਮੌਤ, WHO ਦੀ ਰਿਪੋਰਟ ਨੇ ਉਡਾਏ ਹੋਸ਼

**ਨਵੀਂ ਦਿੱਲੀ, 9 ਮਈ (ਆਵਾਜ਼ਿ ਕੌਮ ਬਿਊਰੋ)**-ਪੂਰੀ ਦੁਨੀਆ 'ਚ ਤਬਾਹੀ ਮਚਾਉਣ ਤੋਂ ਬਾਅਦ ਹੁਣ ਕੋਰੋਨਾ ਦੇ ਮਾੜੇ ਪ੍ਰਭਾਵ ਸਾਹਮਣੇ ਆ ਰਹੇ ਹਨ। ਹਾਲ ਹੀ ਵਿੱਚ ਕੋਵਿਡ-19 ਵੈਕਸੀਨ ਦੇ ਮਾੜੇ ਪ੍ਰਭਾਵਾਂ ਨੂੰ ਲੈ ਕੇ ਕਾਫੀ ਚਰਚਾ ਹੋਈ ਹੈ। ਹੁਣ ਵਿਸ਼ਵ ਸਿਹਤ ਸੰਗਠਨ ਯਾਨੀ WHO ਨੇ ਕੋਰੋਨਾ ਦੌਰਾਨ ਦਿੱਤੇ ਗਏ ਐਂਟੀਬਾਇਓਟਿਕਸ ਦੀ ਓਵਰਡੋਜ਼ ਨੂੰ ਲੈ ਕੇ ਖ਼ਤਰਾ ਜ਼ਾਹਰ ਕੀਤਾ ਹੈ। ਡਬਲਯੂਐਚਓ ਦੁਆਰਾ ਇੱਕ ਨਵੀਂ ਖੋਜ ਵਿੱਚ ਖੁਲਾਸਾ ਹੋਇਆ ਹੈ ਕਿ ਕੋਵਿਡ ਦੇ ਇਲਾਜ ਵਿੱਚ ਦਿੱਤੀਆਂ ਗਈਆਂ ਐਂਟੀਬਾਇਓਟਿਕਸ ਨੇ ਸੁਪਰਬੱਗ ਯਾਨੀ ਐਂਟੀਮਾਈਕਰੋਬਾਇਲ ਰਜਿਸਟੈਂਸ (AMR) ਨੂੰ ਤੇਜ਼ੀ ਨਾਲ ਫੈਲਾਉਣ ਦਾ ਕੰਮ ਕੀਤਾ ਹੈ। ਏਐਮਆਰ ਇੱਕ ਪ੍ਰਤੀਕੂਲ ਸਮਰਥਾ ਹੈ ਜੋ ਸਰੀਰ ਵਿੱਚ ਜ਼ਿਆਦਾ




ਐਂਟੀਬਾਇਓਟਿਕਸ ਜਾਣ ਨਾਲ ਪੈਦਾ ਹੁੰਦੀ ਹੈ। ਇਸ ਕਾਰਨ ਇੱਕ ਸਮੇਂ ਤੋਂ ਬਾਅਦ ਸਰੀਰ 'ਤੇ ਐਂਟੀਬਾਇਓਟਿਕਸ ਦਵਾਈਆਂ ਦਾ ਅਸਰ ਘੱਟ ਹੋਣਾ ਸ਼ੁਰੂ ਹੋ ਜਾਂਦਾ ਹੈ। ਸਿਹਤ ਮਾਹਿਰਾਂ ਦਾ ਕਹਿਣਾ ਹੈ ਕਿ ਬਗੈਰ ਜ਼ਰੂਰਤ ਹੀ ਐਂਟੀਬਾਇਓਟਿਕਸ ਦੇਣ ਨਾਲ ਫਾਇਦੇ ਦੀ ਬਜਾਏ ਨੁਕਸਾਨ ਹੁੰਦਾ ਹੈ।

### ਕੋਵਿਡ ਵਿੱਚ ਬਿਨਾਂ ਕਾਰਨ ਦਿੱਤੇ ਐਂਟੀਬਾਇਓਟਿਕਸ

WHO ਵੱਲੋਂ 2020 ਤੋਂ 2023 ਦੇ ਵਿਚਕਾਰ 65 ਦੇਸ਼ਾਂ ਵਿੱਚ ਕੋਵਿਡ ਕਾਰਨ ਦਾਖਲ ਹੋਏ ਲਗਪਗ ਸਾਢੇ ਚਾਰ ਲੱਖ ਲੋਕਾਂ 'ਤੇ ਇਹ ਖੋਜ ਕੀਤੀ ਗਈ ਸੀ। ਵਰਲਡ ਹੈਲਥ ਆਰਗੇਨਾਈਜ਼ੇਸ਼ਨ ਅਨੁਸਾਰ, ਕੋਰੋਨਾ ਕਾਰਨ ਹਸਪਤਾਲਾਂ ਵਿੱਚ ਦਾਖਲ ਹੋਏ ਲੋਕਾਂ ਵਿੱਚੋਂ ਸਿਰਫ 8 ਪ੍ਰਤੀਸ਼ਤ ਨੂੰ ਹੀ ਬੈਕਟੀਰੀਆ ਦੀ ਲਾਗ ਸੀ। ਅਜਿਹੇ ਲੋਕਾਂ ਨੂੰ ਹੀ ਐਂਟੀਬਾਇਓਟਿਕਸ ਦੇਣ ਦੀ ਲੋੜ ਸੀ। ਜਦੋਂਕਿ ਸਾਵਧਾਨੀ ਦੇ ਮੱਦੇਨਜ਼ਰ 75 ਫੀਸਦੀ ਮਰੀਜ਼ਾਂ ਨੂੰ ਵੀ ਐਂਟੀਬਾਇਓਟਿਕ ਦਵਾਈਆਂ ਦਿੱਤੀਆਂ ਗਈਆਂ। ਜ਼ਿਆਦਾ ਮਾਤਰਾ ਵਿੱਚ ਐਂਟੀਬਾਇਓਟਿਕਸ ਉਨ੍ਹਾਂ ਮਰੀਜ਼ਾਂ ਨੂੰ ਦਿੱਤੇ ਗਏ ਜਿਨ੍ਹਾਂ ਵਿੱਚ ਗੰਭੀਰ ਕੋਵਿਡ ਲੱਛਣ ਸਨ। ਹਾਲਾਂਕਿ, ਮੱਧਮ ਤੇ ਹਲਕੇ ਲੱਛਣਾਂ ਵਾਲੇ ਲੋਕਾਂ ਨੂੰ ਵੀ ਐਂਟੀਬਾਇਓਟਿਕਸ ਦੇ ਦਿੱਤੇ ਗਏ।

### ਸੁਪਰਬੱਗ ਸਭ ਤੋਂ ਵੱਡਾ ਖਤਰਾ

ਵਿਸ਼ਵ ਸਿਹਤ ਸੰਗਠਨ ਅਨੁਸਾਰ ਆਉਣ ਵਾਲੇ ਸਾਲਾਂ ਵਿੱਚ ਸਭ ਤੋਂ ਵੱਡਾ ਖ਼ਤਰਾ ਸੁਪਰਬੱਗਸ ਦੇ ਕਾਰਨ ਪੈਦਾ ਹੋਵੇਗਾ। ਯਾਨੀ ਜਦੋਂ ਐਂਟੀਬਾਇਓਟਿਕਸ ਸਰੀਰ 'ਤੇ ਕੰਮ ਕਰਨਾ ਬੰਦ ਕਰ ਦੇਣਗੇ। ਅੰਕੜਿਆਂ ਅਨੁਸਾਰ, 2019 ਵਿੱਚ ਲਗਪਗ 12.7 ਲੱਖ ਲੋਕਾਂ ਨੇ ਸੁਪਰਬੱਗਸ ਕਾਰਨ ਆਪਣੀ ਜਾਨ ਗਵਾਈ ਤੇ ਜੇਕਰ ਇਹ ਰੁਝਾਨ ਜਾਰੀ ਰਿਹਾ ਤਾਂ 2050 ਤੱਕ ਹਰ ਸਾਲ 1 ਕਰੋੜ ਲੋਕ ਆਪਣੀ ਜਾਨ ਗੁਆ ਸਕਦੇ ਹਨ।

## ਫ਼ਰੀਦਕੋਟ ਤੋਂ ਹੰਸਰਾਜ ਹੰਸ ਨੇ ਭਰੀ ਨਾਮਜ਼ਦਗੀ, ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਰਹੇ ਮੌਜੂਦ



**ਚੰਡੀਗੜ੍ਹ, 9 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 2024 ਲਈ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਅੱਜ ਤੀਜਾ ਦਿਨ ਹੈ। ਵੀਰਵਾਰ ਨੂੰ ਫ਼ਰੀਦਕੋਟ ਸੀਟ ਤੋਂ ਭਾਜਪਾ ਉਮੀਦਵਾਰ ਹੰਸਰਾਜ ਹੰਸ ਨੇ ਨਾਮਜ਼ਦਗੀ ਪੱਤਰ ਦਾਖਲ ਕੀਤਾ। ਇਸ ਦੌਰਾਨ ਉਨ੍ਹਾਂ ਨਾਲ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਵੀ ਮੌਜੂਦ ਸਨ। ਹੰਸ ਰਾਜ ਹੰਸ ਨੇ ਕਿਹਾ ਕਿ ਸੂਫੀਆਂ ਦੀ ਧਰਤੀ ਉੱਤੇ ਮੇਰਾ ਨਾਂਅ ਦਰਜ ਹੋ ਗਿਆ, ਮੈਂ ਖ਼ੁਸ਼ਨਸੀਬ ਹਾਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਜ਼ਾਰਤ ਚੋਂ ਗਜੇਂਦਰ ਸ਼ਿਖਾਵਤ ਖਾਸ ਤੌਰ ਉੱਤੇ ਸ਼ਾਮਲ ਹੋਣ ਲਈ ਆਏ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਕੀਤੇ ਹੋਏ ਕੰਮਾਂ ਨੂੰ ਲੈ ਲੋਕ ਉਨ੍ਹਾਂ ਦਾ ਸਾਥ ਦੇ ਰਹੇ ਨੇ ਤੇ ਇਸ ਵਾਰ ਫ਼ਰੀਦਕੋਟ ਦੀ ਸੀਟ 'ਤੇ ਵੀ ਬੀਜੇਪੀ ਦੀ ਜਿੱਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੀ ਲੋਕ ਨਰਿੰਦਰ ਮੋਦੀ ਦੇ ਕੀਤੇ ਹੋਏ ਕੰਮਾਂ ਨੂੰ ਵੋਟ ਦੇਣਗੇ ਅਤੇ ਪੰਜਾਬ ਵਿੱਚ ਵੀ ਬੀਜੇਪੀ ਦੀ ਜਿੱਤ ਹੋਵੇਗੀ। ਇਸ ਮੌਕੇ ਗੱਲਬਾਤ ਕਰਦਿਆਂ ਹੋਇਆਂ ਕੇਂਦਰੀ ਮੰਤਰੀ ਸ਼ੇਖਾਵਤ ਨੇ ਕਿਹਾ ਕਿ ਜਿਸ ਤਰ੍ਹਾਂ ਦੇਸ਼ ਦੇ ਲੋਕ ਨਰਿੰਦਰ ਮੋਦੀ 'ਤੇ ਵਿਸ਼ਵਾਸ਼ ਕਰ ਰਹੇ ਹਨ ਤੇ ਇਸ ਵਾਰ ਪੰਜਾਬ ਦੇ ਵਿੱਚ ਕਮਲ ਦਾ ਫੁੱਲ ਖਿੜੇਗਾ। ਉਨ੍ਹਾਂ ਕਿਹਾ ਕਿ ਹੰਸਰਾਜ ਹੰਸ ਲੋਕਾਂ ਦੇ ਵਿੱਚ ਵਿਚਰ ਰਹੇ ਨੇ ਅਤੇ ਵਿਰੋਧ ਦੇ ਚਲਦਿਆਂ ਵੀ ਲੋਕਾਂ ਦਾ ਹੁੰਗਾਰਾ ਬੀਜੇਪੀ ਨੂੰ ਮਿਲ ਰਿਹਾ ਹੈ। ਦੱਸ ਦਈਏ ਕਿ ਨਾਮਜ਼ਦਗੀਆਂ ਦਾਖ਼ਲ ਕਰਨ ਦੇ ਦੂਜੇ ਦਿਨ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਲਈ 20 ਉਮੀਦਵਾਰਾਂ ਵੱਲੋਂ 22 ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਲੋਕ ਸਭਾ ਹਲਕਾ ਗੁਰਦਾਸਪੁਰ, ਜਲੰਧਰ, ਆਨੰਦਪੁਰ ਸਾਹਿਬ ਅਤੇ ਫਤਹਿਗੜ੍ਹ ਸਾਹਿਬ ਤੋਂ ਇੱਕ-ਇੱਕ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ। ਸੰਗਰੂਰ ਤੋਂ ਪੰਜ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ਸਨ, ਜਦਕਿ ਅੰਮ੍ਰਿਤਸਰ ਤੇ ਪਟਿਆਲਾ ਤੋਂ ਤਿੰਨ-ਤਿੰਨ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ਸਨ। ਪਟਿਆਲਾ ਤੋਂ ਤਿੰਨ ਉਮੀਦਵਾਰਾਂ ਵਿੱਚੋਂ ਦੋ ਨੇ 2-2 ਫਾਰਮ ਭਰੇ ਹਨ। ਜਦੋਂਕਿ ਫਰੀਦਕੋਟ ਤੋਂ 2 ਅਤੇ ਲੁਧਿਆਣਾ ਤੋਂ 3 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਬੁੱਧਵਾਰ ਨੂੰ ਫਿਰੋਜ਼ਪੁਰ, ਖਡੂਰ ਸਾਹਿਬ, ਬਠਿੰਡਾ ਅਤੇ ਹੁਸ਼ਿਆਰਪੁਰ ਲੋਕ ਸਭਾ ਸੀਟਾਂ ਲਈ ਕਿਸੇ ਵੀ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ। ਦੱਸ ਦੇਈਏ ਕਿ ਕੱਲ੍ਹ 7 ਮਈ ਨੂੰ ਪੰਜਾਬ ਤੋਂ 13 ਉਮੀਦਵਾਰਾਂ ਵੱਲੋਂ 15 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ।

# ਫਰੀਦਕੋਟ ਤੋਂ ਪੰਥਕ ਉਮੀਦਵਾਰ ਭਾਈ ਸਰਬਜੀਤ ਸਿੰਘ ਮਲੋਆ ਦੇ ਰੋਡ ਸ਼ੋਅ ਨੂੰ ਇਲਾਕੇ ਦੀਆਂ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ

**☛ ਵੋਟਾਂ ਵਾਲੇ ਦਿਨ ਵੀ ਪੰਥਕ ਆਧਾਰ ਵਾਲੇ ਪਿੰਡਾਂ ਵਿੱਚ ਕਿਸੇ ਹੋਰ ਸਿਆਸੀ ਪਾਰਟੀ ਦੇ ਉਮੀਦਵਾਰ ਦੇ ਬੂਥ ਨਹੀਂ ਲੱਗਣਗੇ, ਪੰਥਕ ਉਮੀਦਵਾਰ ਜਿੱਤਣਗੇ-ਸਿੰਘ ਸਾਹਿਬ ☛ ਕਈ ਹੋਰ ਪੰਥਕ ਜਥੇਬੰਦੀਆਂ ਵੱਲੋਂ ਵੀ ਭਾਈ ਮਲੋਆ ਦੀ ਹਮਾਇਤ ☛ ਵੱਖ-ਵੱਖ ਥਾਵਾਂ ਤੇ ਸਿੱਕਿਆਂ ਨਾਲ ਤੋਲਿਆ**



ਸਮਾਲਸਰ/ਬਾਘਾ ਪੁਰਾਣਾ, ਭੁਪਿੰਦਰ ਸਿੰਘ, ਟਿੱਕੂ ਕਾਠਪਾਲ- ਲੋਕ ਸਭਾ ਹਲਕਾ ਫਰੀਦਕੋਟ ਤੋਂ ਪੰਥਕ ਧਿਰਾਂ ਦੇ ਸਹਿਯੋਗ ਨਾਲ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਭਾਈ ਸਰਬਜੀਤ ਸਿੰਘ ਖਾਲਸਾ ਮਲੋਆ ਸਪੁੱਤਰ ਸ਼ਹੀਦ ਭਾਈ ਬੇਅੰਤ ਸਿੰਘ ਮਲੋਆ ਅੱਜ ਗੁਰਦੁਆਰਾ ਸੰਤ ਖਾਲਸਾ (ਜਨਮ ਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ) ਪਿੰਡ ਰੋਡੇ ਤੋਂ ਅਰਦਾਸ ਕਰਨ ਉਪਰੰਤ ਵਿਸ਼ਾਲ ਰੋਡ ਸ਼ੋਅ ਦੇ ਰੂਪ ਵਿੱਚ ਫਰੀਦਕੋਟ ਪਹੁੰਚੇ ਅਤੇ ਇੱਥੇ ਬਾਬਾ ਫਰੀਦ ਜੀ ਦੇ ਸਥਾਨ ਤੇ ਨਤਮਸਤਕ ਹੋਣ ਤੋਂ ਬਾਅਦ ਉਨ੍ਹਾਂ ਨੇ ਆਪਣੇ ਕਾਗਜ਼ ਦਾਖ਼ਲ ਕਰਵਾਏ। ਕਾਗਜ਼ ਦਾਖਲ ਕਰਨ ਤੋਂ ਪਹਿਲਾਂ ਪਿੰਡ ਰੋਡੇ ਵਿਖੇ ਰੋਡ ਸ਼ੋਅ ਆਰੰਭ ਹੋਣ ਤੋਂ ਪਹਿਲਾਂ ਭਾਈ ਸਰਬਜੀਤ ਸਿੰਘ ਮਲੋਆ ਦੀ ਚੋਣ ਮੁਹਿੰਮ ਨੂੰ ਉਦੋਂ ਹੋਰ ਹੁਲਾਰਾ ਮਿਲਿਆ ਜਦ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੀ ਅਗਵਾਈ ਵਾਲੇ ਇੰਟਰਨੈਸ਼ਨਲ

ਆਵਾਜ਼ਿ ਕੌਮ AWAZE QAUM
International Newspaper & WEB TV

ਪੰਥਕ ਦਲ ਵੱਲੋਂ ਕੀਤੀ ਹਮਾਇਤ ਤੋਂ ਬਾਅਦ ਅੱਜ ਭਾਈ ਗੁਰਦੀਪ ਸਿੰਘ ਬਠਿੰਡਾ ਦੀ ਅਗਵਾਈ ਵਾਲੇ ਅਕਾਲੀ ਦਲ ਸ਼ੇਰੇ ਪੰਜਾਬ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਦੀ ਅਗਵਾਈ ਵਾਲੇ ਅਕਾਲੀ ਦਲ ਫਤਿਹ ਅਤੇ ਜਥੇਦਾਰ ਬੂਟਾ ਸਿੰਘ ਰਣਸੀਂਹ ਦੀ ਅਗਵਾਈ ਵਾਲੇ ਅਕਾਲੀ ਦਲ ਕਿਰਤੀ ਵੱਲੋਂ ਵੀ ਭਾਈ ਸਰਬਜੀਤ ਸਿੰਘ ਮਲੋਆ ਦੀ ਹਮਾਇਤ ਦਾ ਐਲਾਨ ਕੀਤਾ ਗਿਆ ।

ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਜਥੇਦਾਰ ਬੂਟਾ ਸਿੰਘ ਰਣਸੀਂਹ, ਭਾਈ ਦਲੇਰ ਸਿੰਘ ਡੋਡ ਕੌਮੀ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ, ਭਾਈ ਸੁਖਵਿੰਦਰ ਸਿੰਘ ਅਗਵਾਨ ਭਤੀਜਾ ਸ਼ਹੀਦ ਭਾਈ ਸਤਵੰਤ ਸਿੰਘ ਅਤੇ ਸ਼ਹੀਦ ਭਾਈ ਕੇਹਰ ਸਿੰਘ ਦੇ ਪਰਿਵਾਰਕ ਮੈਂਬਰਾਂ ਅਤੇ ਹੋਰ ਪੰਥਕ ਆਗੂਆਂ ਦੀ ਅਗਵਾਈ ਹੇਠ ਜਦ ਹੀ ਰੋਡ ਸ਼ੋਅ ਪਿੰਡ ਰੋਡੇ ਤੋਂ ਰਵਾਨਾ ਹੋਇਆ ਤਾਂ ਭਾਈ ਸਰਬਜੀਤ ਸਿੰਘ ਮਲੋਆ ਨੂੰ ਪਿੰਡ ਰੋਡੇ ਵਿਖੇ ਹੀ ਪੰਜ ਥਾਵਾਂ ਤੇ ਸਿੱਕਿਆਂ ਨਾਲ ਤੋਲਿਆ ਗਿਆ । ਇਸ ਮੌਕੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ, ਭਾਈ ਹਰਪਾਲ ਸਿੰਘ ਰੋਡੇ, ਭਾਈ ਜਗਸੀਰ ਸਿੰਘ ਰੋਡੇ ਵੱਲੋਂ, ਫਿਰ ਦਿਲਬਾਗ ਸਿੰਘ ਯੂ ਐੱਸ



ਏ ਦੇ ਪਰਿਵਾਰ ਵੱਲੋਂ, ਫਿਰ ਭਾਈ ਕੁਲਵੰਤ ਸਿੰਘ ਗਿੱਲ ਮੇਜਰ ਸਿੰਘ ਅਤੇ ਸੁਖਦੇਵ ਵੱਲੋਂ, ਉਸ ਤੋਂ ਬਾਅਦ ਗੁਰਦੀਪ ਸਿੰਘ ਛਿੰਦਾ ਮਨੀਲਾ, ਅਮਰਜੀਤ ਸਿੰਘ ਮਨੀਲਾ ਵੱਲੋਂ, ਫਿਰ ਬਾਬਾ ਚਮਕੌਰ ਸਿੰਘ ਵੱਲੋਂ ਅਤੇ ਫਿਰ ਭਾਈ ਮੋਹਨ ਸਿੰਘ ਯੂਕੇ ਵੱਲੋਂ ਅਲੱਗ ਅਲੱਗ ਪੰਜ ਥਾਵਾਂ ਤੇ ਸਿੱਕਿਆਂ ਨਾਲ ਤੋਲਿਆ ਗਿਆ । ਇਸ ਦੌਰਾਨ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਅਤੇ ਹੋਰ ਪੰਥਕ ਆਗੂਆਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਈ ਸਰਬਜੀਤ ਸਿੰਘ ਮਲੋਆ ਦੇ ਪਿਤਾ ਭਾਈ ਬੇਅੰਤ ਸਿੰਘ ਦੀ ਸਿੱਖ ਕੌਮ ਲਈ ਬਹੁਤ ਵੱਡੀ ਕੁਰਬਾਨੀ ਹੈ। ਇਸ ਕੁਰਬਾਨੀ ਵਾਲੇ ਪਰਿਵਾਰ ਦੇ ਸਾਹਮਣੇ ਸਾਡੀ ਵੋਟ ਤਾਂ ਬਹੁਤ ਛੋਟੀ ਹੈ। ਉਕਤ ਆਗੂਆਂ ਨੇ ਕਿਹਾ ਦੂਜੀਆਂ ਪਾਰਟੀਆਂ ਦੇ ਉਮੀਦਵਾਰਾਂ ਨੇ ਜਾਂ ਪਰਿਵਾਰਾਂ ਨੇ ਪੰਜਾਬ ਲਈ ਅਤੇ ਪੰਥ ਲਈ ਕੁੱਝ ਨਹੀਂ ਕੀਤਾ ਹੈ। ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਇਸ ਪੰਥਕ ਅਤੇ ਕੌਮੀ ਸ਼ਹੀਦੀ ਪਰਿਵਾਰ ਦੇ ਭਾਈ ਸਰਬਜੀਤ ਸਿੰਘ ਮਲੋਆ ਨੂੰ ਜਿਤਾ ਕੇ ਦੇਸ਼ ਦੀ ਪਾਰਲੀਮੈਂਟ ਵਿੱਚ ਭੇਜੀਏ ਅਤੇ ਸ਼ਹੀਦ ਬੇਅੰਤ ਸਿੰਘ ਮਲੋਆ ਵੱਲੋਂ ਕੌਮ ਲਈ ਕੀਤੀ ਕੁਰਬਾਨੀ ਦਾ ਥੋੜ੍ਹਾ ਬਹੁਤ ਕਰਜ਼ ਉਤਾਰਨ ਦੀ ਕੋਸ਼ਿਸ਼ ਕਰੀਏ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਹੋਰਾਂ ਨੇ ਕਿਹਾ ਕਿ ਪਹਿਲੀ ਜੂਨ ਨੂੰ ਵੋਟਾਂ ਵਾਲੇ ਦਿਨ ਸਾਰੇ ਪੰਥਕ ਆਗੂ ਇਹ ਯਕੀਨੀ ਬਣਾਉਣ ਕਿ ਸਾਰੇ ਪਿੰਡਾਂ ਵਿੱਚ ਸਿਰਫ ਤੇ ਸਿਰਫ ਭਾਈ ਸਰਬਜੀਤ ਸਿੰਘ ਮਲੋਆ ਦੇ ਹੀ ਚੋਣ ਬੂਥ ਲੱਗਣ, ਹੋਰ ਕਿਸੇ ਸਿਆਸੀ ਪਾਰਟੀ ਦਾ ਕੋਈ ਚੋਣ ਬੂਥ ਨਾ ਲੱਗੇ। ਉਨ੍ਹਾਂ ਇਹ ਵੀ ਕਿਹਾ ਕਿ ਪਿੰਡ ਰੋਡੇ ਦੀਆਂ ਸਾਰੀਆਂ ਵੋਟਾਂ ਭਾਈ ਸਰਬਜੀਤ ਸਿੰਘ ਮਲੋਆ ਨੂੰ ਹੀ ਪੈਣਗੀਆਂ। ਪਿੰਡ ਰੋਡੇ ਤੋਂ ਸ਼ੁਰੂ ਹੋਏ ਰੋਡ ਸ਼ੋਅ ਦਾ ਪਿੰਡ ਲੰਗੇਆਣਾ ਨਵਾਂ ਦੀਆਂ ਸਮੂਹ ਸੰਗਤਾਂ ਨੇ ਭਾਈ ਸਰਬਜੀਤ ਸਿੰਘ ਮਲੋਆ ਅਤੇ ਮਾਰਚ ਦਾ ਭਰਵਾਂ ਸਵਾਗਤ ਕੀਤਾ।

ਪਿੰਡ ਲੰਗੇਆਣਾ ਕਲਾਂ ਵਿਖੇ ਸੰਤ ਬਾਬਾ ਗੁਰਦਿਆਲ ਸਿੰਘ ਲੰਗੇਆਣਾ ਦੀ ਅਗਵਾਈ ਹੇਠ ਪਿੰਡ ਦੀਆਂ ਸੰਗਤਾਂ ਨੇ ਭਾਈ ਸਰਬਜੀਤ ਸਿੰਘ ਮਲੋਆ ਨੂੰ ਸਿੱਕਿਆਂ ਨਾਲ ਤੋਲਿਆ, ਸਿਰੋਪਾਓ ਦੇ ਕੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ, ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ, ਬਾਬਾ ਸੁਖਮੰਦਰ ਸਿੰਘ ਪ੍ਰਧਾਨ ਆਈ ਪੀ ਡੀ ਗੁਰਦਾਸਪੁਰ, ਜਥੇਦਾਰ ਸ਼ਰਨਜੀਤ ਸਿੰਘ ਨਵਾਂਸ਼ਹਿਰ, ਭਾਈ ਜਗਤਾਰ ਸਿੰਘ ਰੋਡੇ, ਭਾਈ ਜਗਸੀਰ ਸਿੰਘ ਰੋਡੇ, ਜਥੇਦਾਰ ਟੇਕ ਸਿੰਘ, ਗੁਰਪ੍ਰੀਤ ਸਿੰਘ ਨੱਥੂਵਾਲਾ, ਗੁਰਸੇਵਕ ਸਿੰਘ ਜਵਾਹਰਕੇ, ਇੰਦਰਜੀਤ ਸਿੰਘ ਵੱਡਾ ਘਰ, ਦਲੀਪ ਸਿੰਘ ਚੱਕਰ, ਗਿਆਨੀ ਬਲਵਿੰਦਰ ਸਿੰਘ ਮੁੱਖ ਸੇਵਾਦਾਰ, ਤਾਰਾ ਸਿੰਘ ਲੰਗਿਆਣਾ, ਬਾਬਾ ਇਕਬਾਲ ਸਿੰਘ ਲੰਗਿਆਣਾ, ਮਨਪ੍ਰੀਤ ਸਿੰਘ ਔਲਖ, ਭਾਈ ਕਿਰਪਾ ਸਿੰਘ ਕਿਸਾਨ ਆਗੂ, ਜਗਰੂਪ ਸਿੰਘ ਬੁੱਧ ਸਿੰਘ ਵਾਲਾ, ਜਸਵਿੰਦਰ ਸਿੰਘ ਭਲੂਰ, ਕੁਲਦੀਪ ਸਿੰਘ ਸਮਾਲਸਰ, ਅਮਨਦੀਪ ਸਿੰਘ ਸਮਾਲਸਰ, ਜਸਮੇਲ ਸਿੰਘ ਸੋਢੀ ਸਮਾਲਸਰ, ਦਇਆ ਸਿੰਘ ਮਲੂਕਾ, ਹਰਚਰਨ ਪੱਤੋ ਹੀਰਾ ਸਿੰਘ, ਮਹਾਂ ਸਿੰਘ ਦਿਆਲਪੁਰਾ ਪ੍ਰਧਾਨ, ਹਾਕਮ ਸਿੰਘ ਕੋਠਾ ਗੁਰੂ ਕਾ, ਜਸਵੰਤ ਸਿੰਘ ਸੁਖਾਨੰਦ, ਜਗਦੀਪ ਸਿੰਘ ਬੁੱਧ ਸਿੰਘ ਵਾਲਾ, ਨਿਰਮਲ ਸਿੰਘ ਹਰੀਏਵਾਲਾ, ਸੁਰਿੰਦਰ ਸਿੰਘ ਰੋਡੇ, ਬੂਟਾ ਸਿੰਘ ਰੋਡੇ, ਜਗਤਾਰ ਸਿੰਘ ਰੋਡੇ ਤੋਂ ਇਲਾਵਾ ਇਲਾਕੇ ਭਰ ਦੀਆਂ ਸੰਗਤਾਂ ਭਰਵੀਂ ਗਿਣਤੀ ਵਿਚ ਹਾਜ਼ਰ ਸਨ । ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਤੇ ਆਗੂ ਵਰਕਰ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਵੱਖ-ਵੱਖ ਅਕਾਲੀ ਦਲਾਂ ਦੇ ਅਹੁਦੇਦਾਰ ਸਾਹਿਬਾਨ ਵੀ ਹਾਜਰ ਸਨ ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8 **EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ **MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਸ੍ਰੀ ਅਕਾਲ ਜੀ ਸਹਾਇ    ਦੇਗ ਤੇਗ ਫਤਿਹ    ਪੰਥ ਕੀ ਜੀਤ

## ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2024 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV



ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਬੁੱਧਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਵੀਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਸ਼ੁੱਕਰਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਸ਼ਨੀਵਾਰ | ਮੁਰਾਦਪੁਰ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 5 ਤੋਂ 7 ਵਜੇ ਤੱਕ |
| 6 ਮਈ | ਸੋਮਵਾਰ | ਕਾਹਲਵਾ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਮੰਗਲਵਾਰ | ਉੱਦੋ ਨੰਗਲ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਬੁੱਧਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਵੀਰਵਾਰ | ਧਰਦਿਉ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਸ਼ੁੱਕਰਵਾਰ | ਧਿਆਨਪੁਰ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਸ਼ਨੀਵਾਰ | ਗੁ: ਬਾਬਾ ਪੱਲਾ ਜੀ ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਐਤਵਾਰ | ਸਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਸੋਮਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਮੰਗਲਵਾਰ | ਗੁ: ਬਾਬਾ ਮਤੂ ਜੀ ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਬੁੱਧਵਾਰ | ਭਾਮ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਵੀਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਸ਼ੁੱਕਰਵਾਰ | ਨਿੱਕੇ ਘੁੰਮਣ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਸ਼ਨੀਵਾਰ | ਗੁ: ਕੰਧ ਸਾਹਿਬ (ਬਟਾਲਾ) | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਐਤਵਾਰ | ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ; ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਮੰਗਲਵਾਰ | ਚੌਧਰੀਵਾਲ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਬੁੱਧਵਾਰ | ਤਰਸਿੱਕਾ ਭਗਤਾਂ ਦਾ ਡੇਰਾ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਵੀਰਵਾਰ | ਤਾਹਰਪੁਰ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਸ਼ੁੱਕਰਵਾਰ | ਬਾਸਰਪੁਰ | ਰਾਤ 8 ਤੋਂ 10 ਵਜੇ ਤੱਕ |
| 25 ਮਈ | ਸ਼ਨੀਵਾਰ | ਖੱਬੇ ਰਾਜਪੂਤਾਂ | ਸ਼ਾਮ 6 ਤੋਂ 8 ਵਜੇ ਤੱਕ |
| 26 ਮਈ | ਐਤਵਾਰ | ਭੀਲੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਸੋਮਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਮੰਗਲਵਾਰ | ਗੁ: ਰਾਮ ਥੰਮਣ ਸਾਹਿਬ ਮਨੋਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਬੁੱਧਵਾਰ | ਮੋਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਵੀਰਵਾਰ | ਜਲਾਲ ਉਸਮਾ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਕ ਮਹਿਤਾ ਵਿਖੇ ਸ਼ਬਦ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਰ ਗੁਰਮਤਿ ਦਮਦਮੀ ਟਕਸਾਲ ਵਿਖੇ 8ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਕਰੀ ਵਿੱਦਿਆ ਪ੍ਰਾਪਤ ਕਰੋ

ਜਾਰੀ ਕਰਤਾ: ਖਾਲਸਾ ਅਕੈਡਮੀ ਸੀ.ਬੀ.ਐੱਸ.ਈ. ਐਫੀਲੀਏਟਿਡ ਨਰਸਰੀ ਤੋਂ +2 ਤੱਕ | ਖਾਲਸਾ ਪ੍ਰੀਮੀਅਮ ਸਕੂਲ I.C.S.E. Board Pre-Nur to 8th | ਖਾਲਸਾ ਹੋਸਟਲ Fully A.C. ਗੁਰਬਾਣੀ ਸਿੱਖਿਆ | ਖਾਲਸਾ ਪੈਰਾ ਮੈਡੀਕਲ ਕਾਲਜ ਨਰਸਿੰਗ ਕੋਰਸ, O.M.I.T., ਲੈਬ ਟੈਕਨੀਸ਼ੀਅਨ ਆਦਿ। | ਦਾਖ਼ਲਾ ਸ਼ੁਰੂ 99155-85685

ਸੰਪਰਕ: 99158-00904, 97793-10040, 98158-14158, 84376-91626

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ




(ਸੰਨ 2024-25)

**ਮਾਰਚ-24 — ਚੇਤ — ਅਪ੍ਰੈਲ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਅਪ੍ਰੈਲ-24 — ਵੈਸਾਖ — ਮਈ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਮਈ-24 — ਜੇਠ — ਜੂਨ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਜੂਨ-24 — ਹਾੜ — ਜੁਲਾਈ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | ੩੨ | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਜੁਲਾਈ-24 — ਸਾਵਣ — ਅਗਸਤ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਅਗਸਤ-24 — ਭਾਦੋਂ — ਸਤੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਤੰਬਰ-24 — ਅੱਸੂ — ਅਕਤੂਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਅਕਤੂਬਰ-24 — ਕੱਤਕ — ਨਵੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਨਵੰਬਰ-24 — ਮੱਘਰ — ਦਸੰਬਰ-24**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਦਸੰਬਰ-24 — ਪੋਹ — ਜਨਵਰੀ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਜਨਵਰੀ-25 — ਮਾਘ — ਫਰਵਰੀ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫਰਵਰੀ-25 — ਫੱਗਣ — ਮਾਰਚ-25**

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ

**ਗੁਰਪੁਰਬ** | **ਇਤਿਹਾਸਕ ਦਿਹਾੜੇ** | **ਸਰਕਾਰੀ ਛੁੱਟੀਆਂ** | **ਭਗਤ ਸਾਹਿਬਾਨ ਦੇ ਦਿਹਾੜੇ**

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖ਼ਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

**ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ**

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

**ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ**

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

**★ ਗੁਰੂ ਪੰਥ ਦੇ ਦਾਸਰੇ ★**

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

# ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਅਵਤਾਰ ਪੁਰਬ

ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ, ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਸਰਹਿੰਦ ਫ਼ਤਿਹ ਦਿਵਸ, ਸਲਾਨਾ ਬਰਸੀਂ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲੇ ਗੱਗੋਬੂਹਾ (ਅੰਮ੍ਰਿਤ) ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਭਾਰਤ ਦੀ ਕਾਂਗਰਸ ਸਰਕਾਰ ਨੇ ਜੂਨ 1984 ਘੱਲੂਘਾਰੇ ਤੇ ਕੀਤੇ ਸ਼ਹੀਦ ਸਿੰਘ ਸਿੰਘਣੀਆਂ ਭੁਝੰਗੀਆਂ ਦੀ ਸ਼ਹੀਦੀ ਨੂੰ ਸਮਰਪਿਤ 40 ਦਿਨ ਹਰ ਰੋਜ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮਾਂ ਨੂੰ 7 ਤੋਂ 8 ਵਜ਼ੇ ਤੱਕ ਵਾਹਿਗੁਰੂ ਦਾ ਅਭਿਆਸ ਸਿਮਰਨ ਹੋਵੇਗਾ

ਸ਼ਨਿੱਚਰਵਾਰ 11 ਮਈ ਸ਼ਾਮ 5 ਤੋਂ 6 ਵਜ਼ੇ ਤੱਕ ਵਾਹਿਗੁਰੂ ਸਿਮਰਨ 6 ਤੋ 8 ਵਜ਼ੇ ਤੱਕ ਦੀਵਾਨ ਸੱਜਣਗੇ।

ਐਤਵਾਰ 12 ਮਈ 2024 ਸਮਾਂ 6 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਭਾਈ ਦਇਆ ਸਿੰਘ ਯੂ.,ਐਸੇ,ਏ ਵਾਲੇ ਅਤੇ ਭਾਈ ਜਸਪਾਲ ਸਿੰਘ ਬਟਾਲੇ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਇੰਟਰਨੈਸ਼ਨਲ ਪੰਥਕ ਦਲ ਦੀ ਅਹਿਮ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲਿਆਂ ਨੂੰ ਕਾਰਜਕਾਰੀ ਪੰਜਾਬ ਪ੍ਰਧਾਨ ਦੀ ਸੇਵਾ ਨਿਭਾਉਣ ਦਾ ਐਲਾਨ: ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੁੱਚੀ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦਾ ਤਹਿ ਦਿਲੋਂ ਧੰਨਵਾਦ : ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ




(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਰਹਿਨੁਮਾਈ ਹੇਠ ਹਰ ਮਹੀਨੇ ਗੁਰੂ ਰਾਮਦਾਸ ਜੀ ਦੇ ਲੰਗਰ ਵਿੱਚ ਸੇਵਾ ਕਰਨ ਤੋਂ ਉਪਰੰਤ ਮੀਟਿੰਗ ਕੀਤੀ ਜਾਂਦੀ ਹੈ। ਇਸ ਅਹਿਮ ਮੀਟਿੰਗ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਨੇ ਕਿਹਾ ਕਿ ਇਸ ਵਾਰ ਜਥੇਬੰਦੀ ਦੇ ਪ੍ਰਧਾਨ ਭਾਈ ਹਰਚੰਦ ਸਿੰਘ ਜੀ ਚੱਕਰ ਜੋ ਵਿਦੇਸ਼ ਦੌਰੇ ਤੇ ਸਿੱਖੀ ਦੇ ਪ੍ਰਚਾਰ ਵਾਸਤੇ ਗਏ ਹਨ ਉਹਨਾਂ ਨੂੰ ਵਿਦੇਸ਼ ਵਿੱਚ ਕੁਝ ਸਮਾਂ ਹੋਰ ਲੱਗਣਾ ਹੈ ਜੋ ਇੰਟਰਨੈਸ਼ਨਲ ਪੰਥਕ ਦਾ ਜਥੇਬੰਦੀ ਵੱਲੋਂ ਜੱਥੇਦਾਰ ਹਰਚੰਦ ਸਿੰਘ ਜੀ ਚੱਕਰ ਦੀ ਥਾਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੂੰ ਕਾਰਜਕਾਰੀ ਪੰਜਾਬ ਪ੍ਰਧਾਨ ਦੀ ਸੇਵਾ ਸੌਂਪੀ ਗਈ ਹੈ। ਜੋ ਜੱਥੇਦਾਰ ਭਾਈ ਹਰਚੰਦ ਸਿੰਘ ਜੀ ਚੱਕਰ ਵਾਪਸ ਪੰਜਾਬ ਦੀ ਧਰਤੀ ਤੇ ਨਹੀਂ ਆਉਂਦੇ ਉਹਨਾਂ ਦੀ ਗੈਰ ਹਾਜ਼ਰੀ ਵਿੱਚ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਸੇਵਾ ਨਿਭਾਉਣਗੇ। ਇਸੇ ਤਰ੍ਹਾਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਜੋ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੁੱਚੀ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਸੇਵਾ ਦਾਸ ਦੀ ਝੋਲੀ ਵਿੱਚ ਪਾਈ ਗਈ ਹੈ ਮੈਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੁੱਚੀ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਅਤੇ ਵਿਸ਼ਵਾਸ ਦਿਵਾਉਂਦਾ ਹਾਂ ਕਿ ਇਸ ਸੇਵਾ ਨੂੰ ਪੂਰੀ ਤਨ ਦੇਹੀ ਅਤੇ ਤਨ ਮਨ ਧਨ ਨਾਲ ਨਿਭਾਵਾਂਗਾ ਮੈਂ ਇਸ ਸੇਵਾ ਲਈ ਹਰ ਸਮੇਂ ਤਤਪਰ ਰਹਾਂਗਾ। ਇਸ ਮੌਕੇ ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਮੁੱਖ ਬੁਲਾਰੇ ipd, ਸੰਤ ਬਾਬਾ ਸਵਰਨਜੀਤ ਸਿੰਘ ਜੀ ਪੈਨਲ ਮੈਂਬਰ, ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਭਾਈ ਕਿਰਪਾ ਸਿੰਘ ਜੀ ਨੱਥੂ ਵਾਲਾ ਪੰਜਾਬ ਪ੍ਰਧਾਨ ਕਿਸਾਨ ਵਿੰਗ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ ,ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਦਮਨ ਪ੍ਰੀਤ ਸਿੰਘ ਜੀ ਜਿਲਾ ਪ੍ਰਧਾਨ ਧਾਰਮਿਕ ਵਿੰਗ , ਭਾਈ ਰਣਧੀਰ ਸਿੰਘ ਜੀ ਜਿਲਾ ਪ੍ਰਧਾਨ ਸੰਗਰੂਰ , ਭਾਈ ਜੋਗਿੰਦਰ ਸਿੰਘ ਜੀ ਮੀਤ ਪ੍ਰਧਾਨ, ਭਾਈ ਕੁਲਦੀਪ ਸਿੰਘ ਜੀ ਡੱਲਾ ਜਿਲਾ ਪ੍ਰਧਾਨ ਅਤੇ ਹੋਰ ਸਮੂਹ ਪਤਵੰਤੇ ਹਾਜ਼ਰ ਸਨ।






ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ

## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ ਸਾਹਿਬ ਵਿਖੇ ਹੋਵੇਗੀ


ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ ਅਸੀਂ ਜੱਥਾ ਠੀਕਰੀਵਾਲ ਵਲੋਂ ਮਾਤਾ ਜੀ ਦੇ ਅਕਾਲ ਚਲਾਣਾ ਕਰ ਜਾਣ ਤੇਂ ਭਾਈ ਭਾਈ ਖਾਨਿਆਨ ਜੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹਾ। ਜੱਥਾ ਠੀਕਰੀਵਾਲ ਦੇ ਮੁੱਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਕਿਹਾ ਭਾਈ ਗੁਰਮੀਤ ਸਿੰਘ ਜੀ ਸਿੱਖ ਸੰਘਰਸ਼ ਦੇ ਪਾਂਧੀ ਹਨ ਲੰਮੇ ਸਮੇ ਤੋ ਜਲਾਵਤਨ ਹਨ ਭਾਈ ਸਾਬ ਜੀ ਹਰ ਸਿੱਖ ਸੰਘਰਸ਼ ਵਿੱਚ ਵੱਧ ਚੜ ਕੇ ਹਿਸਾ ਲੈਂਦੇ ਹਨ ਓਹਨੇ ਦੀਆ ਕੀਤਿਆਂ ਮਾਤਾ ਜੀ ਪਿਤਾ ਜੀ ਵਲੋਂ ਵਿਰਸੇ ਵਿੱਚ ਮਿਲੇ ਸੰਸਕਾਰਾਂ ਦੀ ਹੀ ਉਪਜ ਹਨ ਜੋ ਭਾਈ ਸਾਬ ਜੀ ਹੋਰਾਂ ਮਾਤਾ ਜੀ ਹੋਰਾਂ ਤੋ ਬਚਪਨ ਵਿੱਚ ਸਿੱਖਿਆ ਓਹਦੇ ਕਰਕੇ ਉਹ ਗੁਰਮਤ ਤੇਂ ਗਾਡੀ ਰਾਹ ਦੇ ਪਾਂਧੀ ਬਣੇ ਹਨ ਭਾਈ ਸਾਬ ਜਲਾਵਤਨ ਹੋਣ ਕਰਕੇ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਨਹੀ ਹੋ ਸਕਣਗੇ ਸੋਂ ਸਾਰੀਆਂ ਸਿੱਖ ਸੰਸਥਾਵਾਂ ਨੂੰ ਬੇਨਤੀ ਹੈ ਮਾਤਾ ਜੀ ਦੀ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ ਸਾਹਿਬ ਵਿਖੇ ਹਾਜ਼ਰੀਆ ਭਰਨ ਦੀ ਕਿਰਪਾਲਤਾ ਕਰਨਾ ਜੀ।

ਆਵਾਜ਼ਿ ਕੌਮ AWAZE QAUM International Newspaper & WEB TV



**ਸਵ. ਮਾਤਾ ਸਤਵੰਤ ਕੌਰ ਜੀ**

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਜੀ



--✶ ਗੁਰੂ ਪੰਥ ਦਾ ਸੇਵਾਦਾਰ ✶--

# ਜਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

## ਯੂ. ਐਸ. ਏ.

## ਮੁੱਖ ਸੇਵਾਦਾਰ, ਜੱਥਾ ਠੀਕਰੀਵਾਲ

### ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਅੱਜ ਵਿਦੇਸ਼ ਮੰਤਰੀ ਡਾ. ਜੈ ਸ਼ੰਕਰ ਅਤੇ ਕੈਪਟਨ ਅਮਰਿੰਦਰ ਸਿੰਘ ਵੀ ਮੌਜੂਦਗੀ ਨਾਮਜ਼ਦਗੀ ਕਾਗਜ਼ ਦਾਖ਼ਲ ਕਰਨਗੇ

# ਅੰਮ੍ਰਿਤਸਰ ਦਾ ਵਿਕਾਸ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਮੇਰਾ ਚੋਣ ਏਜੰਡਾ - ਸੰਧੂ ਸਮੁੰਦਰੀ

**ਅੰਮ੍ਰਿਤਸਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ 10 ਮਈ ਨੂੰ ਨਾਮਜ਼ਦਗੀ ਕਾਗ.ਜ਼ ਦਾਖ਼ਲ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਵਿਦੇਸ਼ ਮੰਤਰੀ ਡਾ. ਜੈ ਸ਼ੰਕਰ ਅਤੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹਿਣਗੇ। ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਕਾਫ਼ਲਾ ਸਵੇਰੇ ਸਾਢੇ ਨੌਂ ਵਜੇ ਸਥਾਨਕ ਨਾਵਲਟੀ ਚੌਕ ਤੋਂ ਰੋਡ ਸ਼ੋਅ ਕਰਦਿਆਂ ਸਾਢੇ ਗਿਆਰਾਂ ਵਜੇ ਜ਼ਿਲ੍ਹਾ ਕਚਹਿਰੀ ਡੀ ਸੀ ਦਫ਼ਤਰ ਵਿਖੇ ਪਹੁੰਚੇਗਾ। ਜਿੱਥੇ ਸੰਧੂ ਸਮੁੰਦਰੀ ਬਤੌਰ ਭਾਜਪਾ ਉਮੀਦਵਾਰ ਅੰਮ੍ਰਿਤਸਰ ਲੋਕ ਸਭਾ ਸੀਟ ਲਈ ਨਾਮਜ਼ਦਗੀ ਕਾਗ.ਜ਼ ਦਾਖ਼ਲ ਕਰਨਗੇ।



ਇਸੇ ਦੌਰਾਨ ਸ਼ਾਮ 3:30 ਵਜੇ ਸਪੀਕਰ ਅਤੇ ਮੁੱਖ ਮਹਿਮਾਨ ਡਾ. ਜੈ ਸ਼ੰਕਰ ਬੁੱਧੀਜੀਵੀਆਂ ਦੇ ਸੰਮੇਲਨ ਨੂੰ ਸੰਬੋਧਨ ਕਰਨਗੇ। ਉਹ ਖੇਤਰੀ ਅਤੇ ਰਾਸ਼ਟਰੀ ਮੁੱਦਿਆਂ 'ਤੇ ਡੂੰਘਾਈ ਨਾਲ ਚਰਚਾ ਕਰਨਗੇ। ਇਹ ਐਸ.ਜੀ. ਠਾਕੁਰ ਸਿੰਘ ਆਰਟ ਗੈਲਰੀ, ਐੱਮ.ਐੱਮ. ਮਾਲਵੀਆ ਰੋਡ, ਸਾਹਮਣੇ ਕੰਪਨੀ ਬਾਗ, ਅੰਮ੍ਰਿਤਸਰ ਵਿਖੇ ਹੋਵੇਗਾ। ਇਸ ਮੌਕੇ ਭਾਜਪਾ ਉਮੀਦਵਾਰ ਸ: ਤਰਨਜੀਤ ਸਿੰਘ ਸੰਧੂ ਸਮੁੰਦਰੀ ਤੋਂ ਇਲਾਵਾ ਡਾ. ਜਸਵਿੰਦਰ ਸਿੰਘ ਢਿੱਲੋਂ ਸਾਬਕਾ ਵੀ ਸੀ ਅਤੇ ਜ਼ਿਲ੍ਹਾ ਪ੍ਰਧਾਨ ਬੀ ਜੇ ਪੀ ਸ਼ਹਿਰੀ ਹਰਵਿੰਦਰ ਸਿੰਘ ਸੰਧੂ ਮੌਜੂਦ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

**ਸ਼ਾਮ ਨੂੰ ਡਾ. ਜੈ ਸ਼ੰਕਰ ਆਰਟ ਗੈਲਰੀ ਵਿਖੇ ਬੁੱਧੀਜੀਵੀਆਂ ਦੇ ਸੰਮੇਲਨ ਦੌਰਾਨ ਖੇਤਰੀ ਅਤੇ ਰਾਸ਼ਟਰੀ ਮੁੱਦਿਆਂ 'ਤੇ ਡੂੰਘੀ ਚਰਚਾ ਕਰਨਗੇ**

ਮੀਡੀਆ ਸਲਾਹਕਾਰ ਤੇ ਸੂਬਾ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਦੱਸਿਆ ਕਿ ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਗੁਰੂ ਨਗਰੀ ਅੰਮ੍ਰਿਤਸਰ ਦੇ ਵਿਕਾਸ ਦੇ ਵਿਜ਼ਨ ਨੂੰ ਲੈ ਕੇ ਭਾਜਪਾ ਵੱਲੋਂ ਚੋਣ ਮੈਦਾਨ 'ਚ ਉਤਾਰੇ ਗਏ ਹਨ। ਭਾਰਤ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਕਾਸ ਲਿਆਂਦਾ, ਪਰ ਮੌਜੂਦਾ ਐੱਮ ਪੀ ਅਤੇ ਰਾਜ ਸਰਕਾਰ ਦੀਆਂ ਗ.ਲਤ ਨੀਤੀਆਂ ਕਾਰਨ ਅੰਮ੍ਰਿਤਸਰ ਵਿਕਾਸ ਪੱਖੋਂ ਪਛੜਦਾ ਗਿਆ। ਇੰਦੌਰ ਛੇ ਸਾਲ 'ਚ ਕਿੱਥੋਂ ਕਿੱਥੇ ਪਹੁੰਚ ਗਿਆ ਪਰ ਅਸੀਂ ਸੀਵਰੇਜ, ਪਾਣੀ ਅਤੇ ਸੜਕ ਵਰਗੀਆਂ ਬੁਨਿਆਦੀ ਲੋੜਾਂ ਦੀਆਂ ਸਮੱਸਿਆਵਾਂ ਤੋਂ ਬਾਹਰ ਨਹੀਂ ਆ ਸਕੇ ਹਨ। ਲੋਕ ਪ੍ਰੇਸ਼ਾਨ ਹਨ। ਇਥੇ ਕਾਨੂੰਨੀ ਵਿਵਸਥਾ 'ਤੇ ਡਰੱਗ ਮਾਫ਼ੀਆ ਦਾ ਬੋਲ ਬਾਲਾ ਹੈ। ਸਾਡੀ ਐਗਰੀਕਲਚਰ ਅਤੇ ਇੰਡਸਟਰੀ ਬੇ-ਹਾਲ ਹੈ। ਅੰਮ੍ਰਿਤਸਰ ਦੇ ਡਿਵੈਲਪਮੈਂਟ ਲਈ ਇੱਥੇ ਸੱਤ ਸਾਲ ਤੋਂ ਮੈਂਬਰ ਪਾਰਲੀਮੈਂਟ ਅਤੇ ਦੋ ਸਾਲ ਦੀ ਇਥੇ ਆਪ ਦੀ ਸਰਕਾਰ ਨੇ ਇਕ ਇੱਟ ਤਕ ਨਹੀਂ ਲਗਾਈ ਹੈ।

ਦੂਜੇ ਪਾਸੇ ਸੰਧੂ ਸਮੁੰਦਰੀ ਹਨ ਜਿਨ੍ਹਾਂ ਨੇ ਐੱਮ ਪੀ ਬਣਨ ਤੋਂ ਪਹਿਲਾਂ ਹੀ ਅੰਮ੍ਰਿਤਸਰ ਦੇ ਵਿਕਾਸ ਅਤੇ ਨੌਜਵਾਨੀ ਨੂੰ ਸਵੈ ਰੁਜ਼ਗਾਰ ਦੇ ਖੇਤਰ 'ਚ ਯੋਗਦਾਨ ਪਾਉਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਦੀ ਪ੍ਰੇਰਨਾ ਸਦਕਾ ਅਮਰੀਕਨ ਪ੍ਰਵਾਸੀ ਭਾਈਚਾਰੇ ਤੋਂ 100 ਮਿਲੀਅਨ ਡਾਲਰ ਭਾਵ 830 ਕਰੋੜ ਸਟਾਰਟ ਅੱਪ ਸ਼ੁਰੂ ਕਰਾਉਣ ਲਈ ਇਕੱਠੇ ਕਰ ਲਏ ਹਨ। ਅੰਮ੍ਰਿਤਸਰ ਨੂੰ ਹਰ ਹਾਲ 'ਚ ਡਰੱਗ ਫ਼ਰੀ ਕੀਤਾ ਜਾਵੇਗਾ। ਅਮਰੀਕਾ ਦੀ ਨਸ਼ਾ ਛਡਾਊ ਦਵਾਈ ਐਨ ਆਰ ਆਈ ਫ਼ਰੀ ਦੇਣ ਲਈ ਤਿਆਰ ਹਨ। ਅੰਮ੍ਰਿਤਸਰ ਦੀ ਗੰਦਗੀ ਨੂੰ ਟੈਕਨੌਲੋਜੀ ਅਤੇ ਪੈਸੇ ਦੀ ਮਦਦ ਨਾਲ ਸਾਫ਼ ਕਰਨ 'ਚ ਉਹ ਮਦਦ ਕਰਨਗੇ। ਇਹ ਤਾਂ ਸਿਰਫ਼ ਸ਼ੁਰੂਆਤ ਹੈ। ਪ੍ਰਧਾਨ ਮੰਤਰੀ ਮੋਦੀ ਸਾਹਿਬ ਦੀਆਂ ਕਈ ਸਕੀਮਾਂ ਹਨ ਜੋ ਇਥੇ ਪਹੁੰਚੀਆਂ ਨਹੀਂ, ਉਹ ਲਿਆਵਾਂਗੇ। ਅੰਮ੍ਰਿਤਸਰ ਨੂੰ ਸਮਾਰਟ ਸਿਟੀ ਬਣਾਉਣ ਕੇਂਦਰ ਤੋਂ ਆਇਆ ਪੈਸਾ ਕਿੱਥੇ ਗ.ਾਇਬ ਹੋ ਗਿਆ ? ਇਸ ਬਾਰੇ ਵੀ ਜਾਂਚ ਕਰਾਈ ਜਾਵੇਗੀ। ਅੰਮ੍ਰਿਤਸਰ ਦੇ ਵਿਕਾਸ ਲਈ ਮੋਦੀ ਸਰਕਾਰ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਣਾ ਹੈ। ਅੰਮ੍ਰਿਤਸਰ 'ਚ ਅਮਰੀਕਨ ਕੌਂਸਲੇਟ ਖੋਲ੍ਹਣ ਦਾ ਸੁਪਨਾ ਵੀ ਜਲਦ ਪੂਰਾ ਹੋਣ ਜਾ ਰਿਹਾ ਹੈ। ਮਲਟੀਪਲ ਵੀਜ਼ਾ ਅਪਲਾਈ ਲਈ 'ਵੀ ਐੱਫ਼ ਐਸ ਗਲੋਬਲ ਸੈਂਟਰ' ਨੂੰ ਅੰਮ੍ਰਿਤਸਰ ਵਿਖੇ ਸਥਾਪਿਤ ਕੀਤਾ ਜਾਵੇਗਾ ਅਤੇ ਲੋਕਾਂ ਲਈ ਬਾਇਓ ਮੈਟਰਿਕ ਉਪਕਰਨ ਉਪਲਬਧ ਕਰਾਇਆ ਜਾਣਾ ਹੈ। ਗੁਰੂ ਨਾਨਕ ਦੇਵ ਹਸਪਤਾਲ ਤੇ ਮੈਡੀਕਲ ਕਾਲਜ ਨੂੰ ਏਮਜ਼ 'ਚ ਤਬਦੀਲ ਕੀਤਾ ਜਾਵੇਗਾ। ਅੰਮ੍ਰਿਤਸਰ 'ਚ ਕੇਂਦਰੀ ਯੂਨੀਵਰਸਿਟੀ ਲਿਆਉਣ, ਅੰਮ੍ਰਿਤਸਰ ਨੂੰ ਆਈ ਟੀ ਹੱਬ ਬਣਾਉਣ, ਅਟਾਰੀ ਬਾਡਰ ( ਆਈ ਪੀ ਸੀ ) ਰਾਹੀ ਵਪਾਰ,

ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਇੰਟਰਨੈਸ਼ਨਲ ਏਅਰ ਪੋਰਟ, ਰਾਜਾਸਾਂਸੀ ਅੰਮ੍ਰਿਤਸਰ ਤੋਂ ਏਅਰ ਕਾਰਗੋ ਦੇ ਪੂਰੀ ਸਮਰੱਥਾ ਦੀ ਵਰਤੋਂ ਕੀਤਾ ਜਾਵੇਗਾ ਜਿਸ ਨਾਲ ਕਿਸਾਨਾਂ ਦੀਆਂ ਸਬਜ਼ੀਆਂ ਅਤੇ ਫਲ਼ ਆਦਿ ਨੂੰ ਬਾਹਰ ਭੇਜਣਾ ਸੰਭਵ ਹੋਵੇਗਾ। ਅੰਮ੍ਰਿਤਸਰ ਵਾਇਆ ਮਖੂ - ਗੁਜਰਾਤ ਅਤੇ ਮੁੰਬਈ ਪੋਰਟ ਰਾਹੀਂ ਯੂ ਏ ਈ ਤੇ ਖਾੜੀ ਦੇਸ਼ਾਂ ਨਾਲ ਵਪਾਰ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਅੰਮ੍ਰਿਤਸਰ ਲਈ ਏਅਰ ਕੁਨੈਕਟੀਵਿਟੀ 'ਚ ਭਾਰੀ ਵਾਧਾ ਕਰਨ ਤੋਂ ਇਲਾਵਾ ਕੈਨੇਡਾ ਅਤੇ ਅਮਰੀਕਾ ਤੋਂ ਸਿੱਧੀਆਂ ਉਡਾਣਾਂ ਆਉਣ ਜਾਗੀਆਂ। ਸਰਹੱਦੀ ਖੇਤਰ ਅੰਮ੍ਰਿਤਸਰ 'ਚ ਐਸ ਈ ਜੈਡ ਸਥਾਪਿਤ ਕੀਤਾ ਜਾਵੇਗਾ ਅਤੇ ਬਾਡਰ ਏਰੀਆ ਡਿਵੈਲਪਮੈਂਟ ਫ਼ੰਡ ਦੀ ਵਰਤੋਂ ਕੇਵਲ ਆਪਣੇ ਮਕਸਦ ਲਈ ਹੀ ਹੋਵੇਗੀ। ਕੰਡਿਆਲੀਆਂ ਤਾਰਾਂ ਤੋਂ ਪਾਰ ਜ਼ਮੀਨਾਂ 'ਚ ਕੰਮ ਕਰਦੇ ਕਿਸਾਨਾਂ ਮਜ਼ਦੂਰਾਂ ਲਈ ਵਧੇਰੇ ਸਮਾਂ ਦਿਵਾਉਣਾ, ਤਾਰ ਤੋਂ ਪਾਰ ਜ਼ਮੀਨਾਂ ਦਾ ਮੁਆਵਜ਼ਾ ਅਤੇ ਕੰਡਿਆਲੀ ਤਾਰ ਨੂੰ ਜ਼ੀਰੋ ਲਾਈਨ 'ਤੇ ਲਿਜਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਅਮਰੀਕਨ ਯੂਨੀਵਰਸਿਟੀਆਂ ਦੀ ਤਰਾਂ ਸਾਡੇ ਇਥੇ ਵੀ ਉਹ ਐਜੂਕੇਸ਼ਨ ਵਿਵਸਥਾ ਹੋਣੀਚਾਹੀਦੀ ਹੈ। ਤਾਂ ਜੋ ਸਾਡੇ ਬੱਚਿਆਂ ਨੂੰ ਕਿਸੇ ਮਜਬੂਰੀ 'ਚ ਵੀ ਬਾਹਰ ਨਾ ਜਾਣਾ ਪਵੇ। ਇਥੇ ਪੂੰਜੀ ਨਿਵੇਸ਼ ਹੋਵੇ। ਫ਼ੈਕਟਰੀਆਂ ਹੋਣ। ਗੁਜਰਾਤ 'ਚ ਲੱਗ ਰਹੀ ਸੈਮੀਕੰਡਕਟਰ ਦੀ ਫ਼ੈਕਟਰੀ ਅਤੇ ਸੋਲਰ ਦੀ ਸਭ ਤੋਂ ਵੱਡੀ ਫ਼ੈਕਟਰੀ ਦੀਆਂ ਬਰਾਂਚਾਂ ਇਥੇ ਹੋਣਗੀਆਂ । ਇੱਥੇ ਬੱਚਿਆਂ ਨੂੰ ਚੰਗੀ ਸਿੱਖਿਆ ਅਤੇ ਸਕਿੱਲ 'ਚ ਟ੍ਰੇਨਿੰਗ ਦਿੱਤੀ ਜਾਵੇਗੀ ।

### ਜਨਤਾ ਦੱਸੇ ਕੀ 7 ਸਾਲਾਂ ਵਿੱਚ ਕਾਂਗਰਸ ਐਮ.ਪੀ ਨੇ ਸ਼ਹਿਰ ਦੇ ਲਈ ਕੀ ਕੀਤਾ: ਤਰਨਜੀਤ ਸਿੰਘ ਸੰਧੂ ਕਿਹਾ: ਸ਼ਹਿਰ ਦੇ ਪੂਰਨ ਵਿਕਾਸ ਦੇ ਲਈ ਵਿਓਪਾਰ ਅਤੇ ਕਾਰੋਬਾਰ ਨੂੰ ਕੀਤਾ ਜਾਏਗਾ ਉਤਸ਼ਾਹਿਤ

# ਵਾਰਡ ਨੰਬਰ 10 ਸ਼ਕਤੀ ਕੇਂਦਰ ਮੂਨ ਐਵਨਿਊ ਵਿੱਚ ਕਾਰਜ ਕਰਤਾ ਸੰਮੇਲਨ

**ਅਮ੍ਰਿਤਸਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਵਾਰਡ ਨੰਬਰ 10 ਦੇ ਮੂਨ ਐਵਨਿਊ ਸ਼ਕਤੀ ਕੇਂਦਰ ਦੀ ਬੂਥ ਮੀਟਿੰਗ ਕੇਂਦਰ ਪ੍ਰਮੁੱਖ ਪ੍ਰਮੋਦ ਮਹਾਜਨ ਦੀ ਅਗਵਾਈ ਹੇਠ ਬੂਥ ਨੰਬਰ 85, 87, 88 ਤੇ 90 ਦੀ ਕਾਰਜਕਾਰਨੀ ਸੰਮੇਲਨ ਦੇ ਦੌਰਾਨ ਬੋਲਦਿਆ ਲੋਕ ਸਭਾ ਹਲਕਾ ਅੰਮ੍ਰਿਤਸਰ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਸ਼ਹਿਰ ਦੀ ਜਨਤਾ ਇਹ ਦੱਸੇ ਕਿ ਪਿਛਲੇ 7 ਸਾਲਾਂ ਤੋਂ ਕਾਂਗਰਸੀ ਐਮ.ਪੀ ਗੁਰਜੀਤ ਸਿੰਘ ਔਜਲਾ ਨੇ ਸ਼ਹਿਰ ਦੇ ਲਈ ਕੀ ਕੀਤਾ। ਸ਼ਹਿਰ ਨੂੰ ਵਿਕਾਸ ਦੇ ਨਾਮ ਤੇ ਧੋਖਾ ਮਿਲਿਆ ਅਤੇ ਨਾ ਹੀ ਇੱਥੇ ਕਿਸੇ ਤਰ੍ਹਾਂ ਦੀ ਇੰਡਸਟਰੀ ਪਹੁੰਚੀ ਅਤੇ ਨਾ ਨੀ ਰੁਜ਼ਗਾਰ ਦੇ ਸਾਧਨ। ਅਜਿਹੀ ਸਥਿਤੀ ਵਿੱਚ ਸ਼ਹਿਰ ਕਿਵੇਂ ਅੱਗੇ ਵੱਧ ਪਾਉਂਦਾ।



ਭਾਜਪਾ ਨੇਤਾ ਹਰੀਸ਼ ਮਹਾਜਨ ਦੇ ਦਫਤਰ ਵਿਖੇ ਹੋਈ ਮੀਟਿੰਗ ਵਿੱਚ ਮਹਿਲਾ ਮੋਰਚਾ ਪ੍ਰਧਾਨ ਸ਼ਰੂਤੀ ਵਿਜ, ਹਲਕਾ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਮੰਡਲ ਪ੍ਰਧਾਨ ਕਿਸ਼ੋਰ ਰੈਨਾ, ਆਈ.ਟੀ ਸੈਲ ਬੇ ਕਨਵੀਨਰ ਪ੍ਰੋਫੈਸਰ ਭਨੋਟ ਤੇ ਭਾਰੀ ਸੰਖਿਆ ਵਿੱਚ ਕਾਰਜਕਰਤਾ ਮੌਜੂਦ ਸਨ। ਸੰਬੋਧਿਤ ਕਰਦਿਆਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਸ਼ਹਿਰ ਸਮੱਸਿਆਵਾਂ ਨਾਲ ਭਰਿਆ ਪਿਆ ਹੈ। ਸਮੱਸਿਆਵਾਂ ਦੇ ਹੱਲ ਕਰਨ ਦੇ ਲਈ ਟੈਕਨੋਲੋਜੀ ਦਾ ਸਹਾਰਾ ਲਿਆ ਜਾਵੇਗਾ। ਸ਼ਹਿਰ ਚ ਸੰਸਾਧਨਾ ਦੀ ਕਿਸੇ ਵੀ ਤਰਹਾਂ ਦੀ ਕਮੀ ਨਾ ਹੋਣ ਦੇ ਬਾਵਜੂਦ ਵੀ ਬਿਜਨਸ ਅਤੇ ਇੰਡਸਟਰੀ ਨਹੀਂ ਵੱਧ ਪਾਈ ਲੇਕਿਨ ਉਹ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਅੰਮ੍ਰਿਤਸਰ ਸ਼ਹਿਰ ਨੂੰ ਅਯੋਧਿਆ ਅਤੇ ਵਾਰਨਸੀ ਵਰਗਾ ਸ਼ਹਿਰ ਬਣਾਉਣਗੇ। ਉਨਾਂ ਕਿਹਾ ਕਿ ਭਾਰਤ ਵਿੱਚ 150 ਤੋਂ ਜਿਆਦਾ ਸਟਾਰਟ ਅਪ ਚੱਲ ਰਹੇ ਹਨ ਲੇਕਿਨ ਅੰਮ੍ਰਿਤਸਰ ਵਿੱਚ ਇੱਕ ਵੀ ਸਟਾਰਟ ਅਪ ਨਹੀਂ ਹੈ। ਅਸੀਂ ਇਥੇ ਸਟਾਰਟ ਅਪ ਸ਼ੁਰੂ ਕਰਾਂਗੇ। ਅਮਰੀਕਾ ਵਿੱਚ ਬੈਠੇ ਭਾਰਤੀ ਅਮਰੀਕਨ ਨੇ ਉਹਨਾਂ ਨੂੰ ਵਿਸ਼ਵਾਸ ਦਵਾਇਆ ਹੈ ਕਿ ਉਹ 850 ਕਰੋੜ ਰੁਪਏ ਅੰਮ੍ਰਿਤਸਰ ਵਿੱਚ ਸਟਾਰਟ ਅਪ ਦੇ ਲਈ ਭੇਜਣਗੇ। ਅੰਮ੍ਰਿਤਸਰ ਦੇ ਬੱਚਿਆਂ ਨੂੰ ਵਿਦੇਸ਼ ਨਹੀਂ ਜਾਣ ਦੀ ਜਰੂਰਤ ਪਵੇਗੀ। ਇਸ ਲਈ ਇਥੇ ਹੀ ਸੰਸਾਧਨਾ ਨੂੰ ਵਧਾਇਆ ਜਾਵੇਗਾ ਅਤੇ ਮਲਟੀ ਨੈਸ਼ਨਲ ਲੈਵਲ ਦੀ ਟ੍ਰੇਨਿੰਗ ਨੂੰ ਅੰਮ੍ਰਿਤਸਰ ਦੇ ਵਿੱਚ ਉਪਲਬਧ ਕਰਵਾਉਣ ਦਾ ਕੋਸ਼ਿਸ਼ ਕੀਤਾ ਜਾਵੇਗੀ। ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਟੂਰਿਜਮ ਦਾ ਹੱਬ ਹੈ ਅਤੇ ਬੱਚਿਆਂ ਨੂੰ ਗਾਈਡ ਦੀ ਟ੍ਰੇਨਿੰਗ ਉਪਲਬਧ ਕਰਵਾਈ ਜਾਏਗੀ ਤਾਂ ਜੋ ਉਹ ਵਿਦੇਸ਼ਾਂ ਤੋਂ ਆਉਣ ਵਾਲੇ ਟੂਰਿਸਟ ਨੂੰ ਏਅਰਪੋਰਟ ਤੋਂ ਰਿਸੀਵ ਕਰਕੇ ਸ਼ਹਿਰ ਦੇ ਵਿਭਿੰਨ ਹਿੱਸਿਆ ਵਿੱਚ ਲੈ ਕੇ ਜਾਣ ਅਤੇ ਆਪਣੇ ਰੁਜ਼ਗਾਰ ਨੂੰ ਵਧਾਉਣ। ਉਹਨਾਂ ਕਿਹਾ ਕਿ ਸਿੱਖਿਆ ਬਹੁਤ ਜਰੂਰੀ ਹੈ। ਡਿਗਰੀ ਦੇ ਬਾਅਦ ਵੀ ਬੱਚਿਆਂ ਨੂੰ ਨੌਕਰੀ ਨਹੀਂ ਮਿਲ ਰਹੀ ਹੈ। ਇਸ ਲਈ ਬੱਚਿਆਂ ਨੂੰ ਸਕਿਲ ਡਿਵੈਲਪਮੈਂਟ ਦੇ ਨਾਲ ਜੋੜਿਆ ਜਾਏਗਾ ਅਤੇ ਸਕਿਲ ਡਿਵੈਲਪਮੈਂਟ ਦੀ ਅਪਗਰੇਡੇਸ਼ਨ ਕੀਤੀ ਜਾਵੇਗੀ। ਉਹਨਾਂ ਨੇ ਕਿਹਾ ਕਿ ਅੰਮ੍ਰਿਤਸਰ ਦਾ ਮੈਡੀਕਲ ਕਾਲਜ ਕਿਸੇ ਸਮੇਂ ਤੇ ਦੇਸ਼ ਦਾ ਨੰਬਰ ਵਨ ਕਾਲਜ ਸੀ ਲੇਕਿਨ ਹੁਣ ਉਹ ਪਿਛਲੀ ਕਤਾਰ ਵਿੱਚ ਖੜਾ ਹੈ। ਇਸ ਨੂੰ ਦੇਸ਼ ਦਾ ਨੰਬਰ ਇੱਕ ਕਾਲਜ ਬਣਾਇਆ ਜਾਣਾ ਉਹਨਾਂ ਦਾ ਮੁੱਖ ਉਦੇਸ਼ ਹੈ। ਇਸੇ ਨਾਲ ਉਹ ਗੁਰੂ ਨਾਨਕ ਦੇਵ ਹਸਪਤਾਲ ਨੂੰ ਏਮਸ ਦੇ ਬਰਾਬਰ ਲੈ ਕੇ ਆਉਣਗੇ। ਉਹਨਾਂ ਕਿਹਾ ਕਿ ਨਸ਼ਾ ਇੱਕ ਵੱਡੀ ਸਮੱਸਿਆ ਹੈ। ਯੂਥ ਨਸ਼ੇ ਵਿੱਚ ਬੁਰੀ ਤਰ੍ਹਾਂ ਫਸ ਚੁੱਕਿਆ ਹੈ। ਡਰੱਗ ਇਨਫੋਰਸਮੈਂਟ ਦੇ ਜਰੀਏ ਡਰੱਗ ਮਾਫੀਆ ਨੂੰ ਫੜਿਆ ਜਾਵੇਗਾ ਅਤੇ ਉਹਨਾਂ ਨੂੰ ਜੇਲ ਅੰਦਰ ਭੇਜਿਆ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਵਿੱਚ ਨਸ਼ੇ ਵਿੱਚ ਫਸੇ ਲੋਕਾਂ ਨੂੰ ਨਸ਼ੇ ਦੀ ਗੋਲੀ ਨਾਲ ਇਲਾਜ ਨਾ ਕਰਕੇ ਅਮਰੀਕਾ ਵਿੱਚ ਨਸ਼ੇ ਨੂੰ ਦੂਰ ਕਰਨ ਲਈ ਟੀਕਾ ਅਤੇ ਨੇਜ਼ਲ ਡਰੋਪ ਦਾ ਪ੍ਰਯੋਗ ਕੀਤਾ ਜਾਂਦਾ ਹੈ ਉਸੇ ਤਰਾ ਇਥੇ ਵੀ ਉਕਤ ਦਵਾ ਦਾ ਪ੍ਰਯੋਗ ਕਰਦੇ ਹੋਏ ਨਸ਼ੇ ਵਿੱਚ ਫਸੇ ਲੋਕਾਂ ਨੂੰ ਨਸ਼ੇ ਤੋਂ ਬਾਹਰ ਕੱਢਿਆ ਜਾਵੇਗਾ। ਉਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪੁਰਾਣੀ ਗਲਤੀ ਨਾ ਦੁਹਰਾਉਣ ਅਤੇ ਸ਼ਹਿਰ ਨੂੰ ਉਨਾਂ ਹੱਥਾਂ ਵਿੱਚ ਨਾ ਸੋਪਣ ਜੋ ਜਿੱਤਣ ਤੋਂ ਬਾਅਦ ਸ਼ਹਿਰ ਨੂੰ ਲਾਵਾਰਿਸ ਛੱਡ ਦਿੰਦੇ ਹਨ। ਉਹ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਵਾਉਂਦੇ ਹਨ ਕਿ ਉਹ ਦਿਨ ਰਾਤ ਉਹਨਾਂ ਨਾਲ ਖੜੇ ਰਹਿਣਗੇ ਅਤੇ ਜੋ ਵਿਸ਼ਵਾਸ ਅਤੇ ਵਾਅਦੇ ਉਨਾਂ ਕੀਤੇ ਹਨ ਉਹ ਪੂਰੇ ਕਰਕੇ ਦਿਖਾਉਣਗੇ। ਇਸ ਮੌਕੇ ਤੇ ਹਲਕਾ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਭਾਜਪਾ ਮਹਿਲਾ ਮੋਰਚਾ ਪ੍ਰਧਾਨ ਸ਼ਰੂਤੀ ਵਿਜ, ਮੰਡਲ ਪ੍ਰਧਾਨ ਕਿਸ਼ੋਰ ਰੈਣਾ, ਸ਼ਕਤੀ ਕੇਂਦਰ ਪ੍ਰਮੁੱਖ ਪ੍ਰਮੋਦ ਮਹਾਜਨ, ਆਈ.ਟੀ ਕਨਵੀਨਰ ਪ੍ਰੋਫੈਸਰ ਭਨੋਟ ਤੇ ਹਰੀਸ਼ ਮਹਾਜਨ ਵੱਲੋਂ ਵੀ ਸੰਬੋਧਿਤ ਕੀਤਾ ਗਿਆ। ਇਸ ਮੌਕੇ ਤੇ ਬੂਥ ਇਨਚਾਰਜ ਪੰਕਜ ਕਪੂਰ, ਪ੍ਰੋਫੈਸਰ ਭਨੋਟ, ਰਜਨੀਸ਼ ਸ਼ਰਮਾ ਤੇ ਅਜੇ ਕੁਮਾਰ ਦੇ ਇਲਾਵਾ ਵਿਜੇ ਵਰਮਾ, ਆਰ.ਕੇ ਰਾਮਪਾਲ, ਦੀਪਕ ਜੋਸ਼ੀ, ਗੋਰਵ ਅਰੋੜਾ, ਸੰਦੀਪ ਮਹਾਜਨ, ਪ੍ਰਮੋਦ ਕੁਮਾਰ, ਜਤਿੰਦਰ ਪਾਲ ਸਿੰਘ, ਰਣਜੀਤ ਸਿੰਘ, ਹਰਦੀਪ ਸਿੰਘ, ਰਜਿੰਦਰ ਕੁਮਾਰ, ਪਰਵੀਨ ਕੁਮਾਰ, ਪੰਕਜ ਵਾਹੀ, ਸਚਿਨ ਜੋਸ਼ੀ ਤੇ ਭਾਰੀ ਸੰਖਿਆ ਵਿੱਚ ਕਾਰਜਕਰਤਾ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਭ ਦੀ ਪਿਆਰੀ ਜਗਤ ਭੂਆ ਕੁਲਵੰਤ ਕੌਰ





ਬਚਪਨ ਵਿੱਚ ਪੜ੍ਹਦੇ ਸੀ
ਕਹਾਣੀ ਭੂਆ ਦੀ
ਉਹ ਸਿਰਫ਼ ਨਾਨਕ ਸਿੰਘ
ਦੀ ਭੂਆ ਸੀ
ਇਹ ਭੂਆ ਤੇ ਸੱਭ ਦੀ
ਪਿਆਰੀ ਭੂਆ
ਕੁਲਵੰਤ ਕੌਰ ਹੈ
ਜਗਤ ਭੂਆ ਕਹਿ ਦੀਏ ਤੇ
ਕੋਈ ਅਤਿਕੱਥਨੀ ਨਹੀਂ ਹੋਵੇਗੀ
ਕੀ ਕੀ ਸਿਫ਼ਤ ਕਰਾਂ ਮੈਂ ਉਸਦੀ
ਇਸ ਭੂਆ ਜਿਹਾ ਨਾ ਕੋਈ
ਹੋਇਆ ਨਾ ਕੋਈ ਹੋਸੀ
ਸਾਦ ਮੁਰਾਦੀ ਉਸਦੀ ਰਹਿਣੀ ਬਹਿਣੀ
ਕਹਿਣੀ ਕੱਥਨੀ ਵਿੱਚ ਫ਼ਰਕ ਨਾ ਕੋਈ
ਦੇਸੀ ਰੇਡੀਓ ਬਸੰਤ ਦੀ
ਆਣ ਤੇ ਸ਼ਾਨ ਹੈ ਭੂਆ
ਭੂਆ ਸੀ ਜਾਂ ਗੁਣਾਂ ਦੀ
ਖਾਣ ਸੀ ਉਹ ਕੋਈ
ਬੋਲਦੀ ਤੇ ਲੱਗਦਾ ਮੂੰਹੋਂ ਫੁੱਲ ਕਿਰਦੇ
ਗੱਲਾਂ ਗੱਲਾਂ ਵਿੱਚ ਹੀ ਸੱਭਨੂੰ
ਉਹ ਗੱਲ ਨਾਲ ਲਾਉਂਦੀ
ਕੋਈ ਮਹਿਮਾਨ ਆਏ ਉਹ
ਵਿੱਛ ਵਿੱਛ ਜਾਂਦੀ
ਫੁੱਲੀ ਨਾ ਸਮਾਉਂਦੀ
ਹੱਸ ਹੱਸ ਸੱਭਨੂੰ
ਖਿਲਾਉਂਦੀ ਪਿਲਾਉਂਦੀ
ਉਸਦੇ ਖਾਣੇ ਵਿੱਚੋਂ ਵੀ
ਮੋਹ ਦੀਆਂ ਲਿਪਟਾਂ
ਚੌਫੇਰੇ ਨੂੰ ਮਹਿਕਾਉਂਦੀਆਂ
ਘਰ ਕੀ ਸੀ ਇਕ
ਸਾਹਿਤਕ ਸੱਥ ਸੀ
ਜੋ ਵੀ ਉਸਦੇ ਘਰੇ ਸੀ ਆਉਂਦਾ
ਆ ਕੇ ਰਾਹਤ ਦੀ ਸਾਹ ਸੀ ਲੈਂਦਾ
ਮੋਹ ਭਿੱਜੇ ਉਸਦੇ ਬੋਲਾਂ ਨੂੰ ਸੁਣਕੇ
ਜੋ ਵੀ ਆਉਂਦਾ ਕਹਿੰਦਾ
ਮੈਂ ਜੀ ਤੁਹਾਨੂੰ ਭੂਆ
ਕਹਿ ਸਕਦਾ ਹਾਂ
ਭੂਆ ਸੁਣ ਉਸਨੂੰ
ਚਾਅ ਹੀ ਚੜ੍ਹ ਜਾਂਦਾ
ਖ਼ੁਸ਼ੀ ਵਿੱਚ ਉਹ
ਗੱਦ ਗੱਦ ਹੋ ਉੱਠਦੀ
ਤਰਾਂ ਤਰਾਂ ਦੇ ਖਾਣੇ ਉਹ
ਹੱਥੀਂ ਬਣਾ ਬਣਾ ਕੇ ਖਿਲਾਉਂਦੀ
ਜੋ ਵੀ ਖਾਂਦਾ ਤ੍ਰਿਪਤ ਹੋ ਜਾਂਦਾ ਉਹ
ਭੂਆ ਸੱਭ ਨੂੰ ਐਨਾ ਪਿਆਰਦੀ ਦੁਲਾਰਦੀ
ਵਾਪਿਸ ਜਾਣ ਨੂੰ ਉਸਦਾ ਚਿਤ ਨਾ ਕਰਦਾ
ਜੀ ਕਰਦਾ ਮੈਂ ਵੀ ਉੱਡ ਕੇ
ਹੁਣੇ ਜਾ ਮਿਲਾਂ ਉਸ ਪਿਆਰੀ
ਜਗਤ ਭੂਆ ਨੂੰ
ਉਸਦੇ ਗੱਲ ਲੱਗ ਜਾਂ ਤੇ ਕਹਾਂ
ਕੀ ਮੈਂ ਵੀ ਤੁਹਾਨੂੰ
ਭੂਆ ਕਹਿ ਸਕਦੀ ਹਾਂ
ਹੱਸਕੇ ਉਹ ਗੱਲ ਲਾ ਕਹੇ
' ਰੰਮੀ ' ਦੱਸ ਖਾਂ ਭਲਾ
ਇਹ ਕਿਹੜੀ ਪੁੱਛਣ ਵਾਲੀ
ਗੱਲ ਹੈ
ਮੈਂ ਤੇ ਹਾਂ ਹੀ ਸੱਭ ਦੀ ਭੂਆ
ਅੱਖਾਂ ਮੂੰਦ ਮੈਂ ਉਸਦੇ
ਆਗੋਸ਼ ਵਿੱਚ ਸਮਾ ਜਾਵਾਂ
ਤੇ ਕਹਾਂ ਉਹ ਮੇਰੀ ਪਿਆਰੀ ਭੂਆ
ਸੱਚੀਂ ਤੂੰ ਕਿੰਨੀ ਪਿਆਰੀ ਹੈਂ
ਜਿੰਨਾ ਸੁਣਿਆ ਸੀ ਤੇਰੇ ਬਾਰੇ
ਮਿਲਕੇ ਉਸਤੋਂ ਵੱਧ ਹੈ
ਪਾਇਆ ਅੱਜ ਮੈਂ ਤੈਨੂੰ
ਅੰਦਰੋਂ ਬਾਹਰੋਂ ਇੱਕੋ ਜਿਹੀ
ਮੁਹੱਬਤ ਨਾਲ ਲਬਰੇਜ਼
ਸੱਭ ਦੀ ਪਿਆਰੀ ਜਗਤ ਭੂਆ ਕੁਲਵੰਤ ਕੌਰ।

**-ਰਮਿੰਦਰ ਰੰਮੀ**

# ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਦਾ ਵਿਰੋਧ ਕਰਦਿਆਂ ਈ ਡੀ ਵਲੋਂ ਅਦਾਲਤ ਅੰਦਰ ਹਲਫਨਾਮਾ ਹੋਇਆ ਦਰਜ਼

ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਸ਼ਰਾਬ ਘੁਟਾਲੇ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਜੇਲ੍ਹ ਵਿੱਚ ਬੰਦ ਸੀਐੱਮ ਅਰਵਿੰਦ ਕੇਜਰੀਵਾਲ ਨੇ ਅੰਤਰਿਮ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਹੈ। ਸ਼ੁੱਕਰਵਾਰ ਨੂੰ ਸੁਪਰੀਮ ਕੋਰਟ 'ਚ ਇਸ 'ਤੇ ਸੁਣਵਾਈ ਹੋਵੇਗੀ। ਇਸ ਤੋਂ ਇੱਕ ਦਿਨ ਪਹਿਲਾਂ ਈਡੀ ਨੇ ਹਲ.ਫਨਾਮਾ ਦਾਇਰ ਕਰਕੇ ਸੀਐੱਮ ਦੀ ਪਟੀਸ਼ਨ ਦਾ ਵਿਰੋਧ ਕੀਤਾ ਹੈ।



ਕੇਜਰੀਵਾਲ ਦੀ ਜਮਾਨਤ ਮਾਮਲੇ ਵਿਚ ਮੰਗਲਵਾਰ ਨੂੰ ਇਕ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਅਰਵਿੰਦ ਕੇਜਰੀਵਾਲ ਇਕ ਚੁਣੇ ਹੋਏ ਮੁੱਖ ਮੰਤਰੀ ਹਨ ਅਤੇ ਆਦਤਨ ਅਪਰਾਧੀ ਨਹੀਂ ਹਨ। ਅਦਾਲਤ ਨੇ ਕਿਹਾ ਸੀ ਕਿ ਚੋਣਾਂ ਨੇੜੇ ਹਨ ਅਤੇ ਦਿੱਲੀ ਦੇ ਮੁੱਖ ਮੰਤਰੀ ਲਈ ਇਹ ਅਸਾਧਾਰਨ ਹਾਲਾਤ ਹਨ। ਇਸ ਨੂੰ ਦੇਖਦਿਆਂ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਸੁਪਰੀਮ ਕੋਰਟ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਅੰਤਰਿਮ ਜ਼ਮਾਨਤ ਦਾ ਵਿਰੋਧ ਕੀਤਾ ਹੈ। ਈਡੀ ਨੇ ਕੇਜਰੀਵਾਲ ਨੂੰ ਜ਼ਮਾਨਤ ਮਿਲਣ ਤੋਂ ਪਹਿਲਾਂ ਅਦਾਲਤ ਵਿੱਚ ਹਲ.ਫਨਾਮਾ ਦਾਇਰ ਕੀਤਾ ਹੈ । ਇਸ ਵਿਚ ਕਿਹਾ ਗਿਆ ਹੈ ਕਿ ਕਾਨੂੰਨ ਸਾਰਿਆਂ ਲਈ ਬਰਾਬਰ ਹੈ ਅਤੇ ਚੋਣ ਪ੍ਰਚਾਰ ਕਰਨਾ ਕੋਈ ਬੁਨਿਆਦੀ, ਸੰਵਿਧਾਨਕ ਜਾਂ ਕਾਨੂੰਨੀ ਅਧਿਕਾਰ ਨਹੀਂ ਹੈ। ਆਪਣੇ ਹਲਫਨਾਮੇ 'ਚ ਕਹੀਆਂ ਹਨ ਕਿ ਚੋਣ ਪ੍ਰਚਾਰ ਲਈ ਕਿਸੇ ਵੀ ਨੇਤਾ ਨੂੰ ਜ਼ਮਾਨਤ ਨਹੀਂ ਦਿੱਤੀ ਗਈ ਹੈ। ਇਸ ਤਰ੍ਹਾਂ, ਕੇਜਰੀਵਾਲ ਨੂੰ ਆਪਣੀ ਪਾਰਟੀ ਦੇ ਉਮੀਦਵਾਰਾਂ ਲਈ ਪ੍ਰਚਾਰ ਕਰਨ ਲਈ ਜ਼ਮਾਨਤ ਦੇਣਾ ਇੱਕ ਗਲਤ ਮਿਸਾਲ ਕਾਇਮ ਕਰੇਗਾ। ਈਡੀ ਦਾ ਕਹਿਣਾ ਹੈ ਕਿ ਕੋਈ ਵੀ ਰਾਜਨੇਤਾ ਕਿਸੇ ਵਿਸ਼ੇਸ਼ ਰੁਤਬੇ ਦਾ ਦਾਅਵਾ ਨਹੀਂ ਕਰ ਸਕਦਾ ਅਤੇ ਜੇਕਰ ਉਹ ਅਪਰਾਧ ਕਰਦੇ ਹਨ ਤਾਂ ਰਾਜਨੇਤਾਵਾਂ ਨੂੰ ਹੋਰ ਨਾਗਰਿਕਾਂ ਵਾਂਗ ਗ੍ਰਿਫਤਾਰ ਕੀਤਾ ਜਾ ਸਕਦਾ ਹੈ। ਜਾਂਚ ਏਜੰਸੀ ਨੇ ਆਪਣੇ ਹਲ.ਫਨਾਮੇ ਵਿੱਚ ਅੱਗੇ ਕਿਹਾ ਹੈ ਕਿ ਸਿਰ.ਫ ਚੋਣ ਪ੍ਰਚਾਰ ਲਈ ਕੇਜਰੀਵਾਲ ਨੂੰ ਅੰਤਰਿਮ ਜ਼ਮਾਨਤ ਦੇਣਾ ਬਰਾਬਰੀ ਦੇ ਨਿਯਮ ਦੇ ਖ਼ਿਲਾ.ਫ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦੀ ਦਿਵਸ 'ਤੇ ਵਿਸ਼ੇਸ਼

# ਸਿੱਖ ਰਾਜ ਦੇ ਸੰਤ : ਬਾਬਾ ਬੀਰ ਸਿੰਘ ਨੌਰੰਗਾਬਾਦ



ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹ ਜੀ ਦੀ ਕਿਰਪਾ ਸਦਕਾ ਬਾਬਾ ਬੀਰ ਸਿੰਘ ਨੌਰੰਗਾਂਬਾਦ ਜੀ ਦੇ ਵਡੇਰਿਆਂ ਨੂੰ ਵਰ ਪ੍ਰਾਪਤ ਹੋਇਆ ਸੀ ਕਿ ਤੁਹਾਡੀ ਕੁੱਲ ਵਿਚ ਇਕ ਰਾਜਯੋਗੀ ਸੰਤ ਸਿਪਾਹੀ ਪੁੱਤਰ ਪੈਦਾ ਹੋਵੇਗਾ।



ਸ਼ਮਸ਼ੇਰ ਸਿੰਘ ਜੇਠੂਵਾਲ

ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲੇ ਮਹਾਂਪੁਰਸ਼ਾਂ ਦਾ ਜਨਮ ਤਰਨਤਾਰਨ ਸਾਹਿਬ ਨੇੜ੍ਹੇ ਪਿੰਡ ਗੱਗੋਬੂਹਾ ਵਿਖੇ ਮਾਤਾ ਧਰਮ ਕੌਰ ਜੀ ਦੀ ਕੁੱਖੋਂ ਪਿਤਾ ਸਰਦਾਰ ਸੇਵਾ ਸਿੰਘ ਜੀ (ਸ਼ਹੀਦ ਮੁਲਤਾਨ ਜੰਗ) ਦੇ ਗ੍ਰਹਿ ਸੰਨ੍ਹ 1768 ਈ: ਬਿਕ੍ਰਮੀ ਸੰਮਤ 1825 ਸਾਵਣ 3 ਨੂੰ ਹੋਇਆ।

ਸਿੱਖ ਰਾਜ ਦੇ ਯੋਧੇ ਜਰਨੈਲ ਸੰਤ ਸਿਪਾਹੀ ਜਿੰਨਾ ਨੇ ਪੇਸ਼ਾਵਰ ਅਤੇ ਕਸ਼ਮੀਰ ਦੀਆਂ ਮੁਹਿਮਾਂ ਵਿਚ ਜੌਹਰ ਵਿਖਾਏ। ਫੌਜੀ ਜੀਵਨ ਵਿਚ ਰਾਵਲਪਿੰਡੀ ਵਿਖੇ ਸੰਤ ਭਾਗ ਸਿੰਘ ਜੀ ਦੀ ਸੰਗਤ ਕਰਕੇ ਨਾਮਬਾਣੀਂ ਦੀਆਂ ਐਸੀਆਂ ਬਖਸ਼ਿਸ਼ਾਂ ਕੀਤੀਆਂ ਕਿ ਆਪ ਜੀ ਨੌਕਰੀ ਛੱਡ ਸਿੱਖ ਧਰਮ ਦੇ ਪ੍ਰਚਾਰਕ ਸਾਧੂ ਹੋ ਗਏ ।

ਗੁਰੂ ਸਾਹਿਬ ਜੀ ਦੀ ਵਰੋਸਾਈ ਧਰਤੀ ਗੋਇੰਦਵਾਲ,ਅਤੇ ਤਰਨਤਾਰਨ ਸਾਹਿਬ ਨੇੜ੍ਹੇ ਪਿੰਡ ਨੌਰੰਗਾਬਾਦ ਵਿਖੇ ਆਪਣਾ ਡੇਰਾ ਸਥਾਪਤ ਕਰ ਲਿਆ। ਜਿਥੇ ਹਜਾਰਾਂ ਸ਼ਸ਼ਤਰਧਾਰੀ ਸਿਪਾਹੀ,ਘੋੜ੍ਹ ਸਵਾਰ ਸੰਗਤਾਂ ਬਾਬਾ ਜੀ ਦੇ ਅਸਥਾਨ ਤੇ ਠਹਿਰਦੀਆਂ ਲੰਗਰਾਂ ਦੇ ਅਟੁੱਟ ਭੰਡਾਰ ਵਰਤਦੇ।

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਅਕਾਲ ਚਲਾਣੇਂ ਤੋਂ ਬਾਅਦ ਡੋਗਰਿਆਂ ਦੀ ਬਦਨੀਤੀ ਕਾਰਨ ਲਾਹੌਰ ਦਰਬਾਰ ਦੇ ਸਿੱਖ ਜਰਨੈਲਾਂ ਨੂੰ ਘੋਰ ਸੰਕਟਮਈ ਹਾਲਾਤਾਂ ਦਾ ਸਾਹਮਣਾ ਕਰਨਾ ਪਿਆ,ਮਹਾਰਾਜਾ ਖੜ੍ਹਕ ਸਿੰਘ,ਕੰਵਰ ਨੌ ਨਿਹਾਲ ਸਿੰਘ,ਮਹਾਰਾਜਾ ਸ਼ੇਰ ਸਿੰਘ ਵਰਗੇ ਜਰਨੈਲਾਂ ਦੇ ਕਤ੍ਹਲ ਹੋਣ ਲੱਗੇ ਉਸ ਸਮੇਂ ਸਿੱਖ ਜਰਨੈਲਾਂ ਦਾ ਗੜ੍ਹ ਮਾਝੇ ਦੀ ਧਰਤ ਦਾ ਇਹ ਡੇਰਾ ਬਣਿਆ।

ਜਿਸ ਵਿਚ ਉਸ ਸਮੇਂ ਹਰੀ ਸਿੰਘ ਨਲੂਆ ਜੀ ਦੇ ਪੁੱਤਰ ਜਵਾਹਰ ਸਿੰਘ,ਕੰਵਰ ਕਸ਼ਮੀਰਾ ਸਿੰਘ,ਪਸ਼ੌਰਾ ਸਿੰਘ,ਦੀਵਾਨ ਵਿਸਾਖਾ ਸਿੰਘ ਆਦਿ ਰਹਿੰਦੇ ਸਨ।ਇਹਨਾ ਸਾਰੇ ਜਰਨੈਲਾਂ ਨੂੰ ਬਾਬਾ ਜੀ ਦੇ ਡੇਰੇ ਤੇ ਇਕ ਥਾਂ ਇਕੱਠੇ ਸਿੱਖ ਰਾਜ ਦਾ ਪ੍ਰਧਾਨ ਮੰਤਰੀ ਡੋਗਰਾ ਜਰ ਨਾ ਸਕਿਆ ਉਸਨੂੰ ਇਹ ਡੇਰਾ ਬਗ਼ਾਵਤ ਦਾ ਕੇਂਦਰ ਲੱਗਣ ਲੱਗਾ।

ਅਕ੍ਰਿਤਘਣ. ਡੋਗਰੇ ਵਲੋਂ 1844 ਨੂੰ ਮੀਆਂ ਲਾਭ ਸਿੰਘ ਦੀ ਅਗਵਾਈ ਹੇਠ ਵੀਹ ਹਜਾਰ ਫੌਜ਼ ਅਤੇ ਪੰਜਾਹ ਤੋਪਾਂ ਭੇਜ ਕੇ ਨੌਰੰਗਾਂਬਾਦ ਤੇ ਹਮਲਾ ਕਰ ਦਿੱਤਾ। ਬਾਬਾ ਬੀਰ ਸਿੰਘ ਜੀ ਨੇ ਡੇਰੇ ਵਿਚ ਠਹਿਰੇ ਸਿੱਖ ਜਰਨੈਲਾਂ ਨੂੰ ਸਿੱਖ ਫੌਜੀਆਂ ਨਾਲ ਲੜ੍ਹਨ ਤੋਂ ਮਨਾ ਕਰ ਦਿੱਤਾ,ਪਰ ਪਾਪੀ ਡੋਗਰਿਆਂ ਦੇ ਭੇਜੇ ਗੁਰੂ ਮਾਰੇ ਸਿਪਾਹੀਆਂ ਨੇ ਅੰਧਾ ਧੁੰਦ ਗੋਲੀਬਾਰੀ ਕਰਕੇ ਸਿੰਘਾਂ ਸਮੇਤ ਬਾਬਾ ਬੀਰ ਸਿੰਘ ਜੀ ਸ਼ਹੀਦ ਕਰ ਦਿੱਤੇ।

ਬਾਬਾ ਬੀਰ ਸਿੰਘ ਜੀ ਮਹਾਰਾਜ ਜੀ ਦੇ ਤੇਜ ਪ੍ਰਤਾਪ ਤੋਂ ਡੋਗਰੇ ਏਨੇ ਭੈਅ ਭੀਤ ਸਨ ਕਿ ਮਹਾਰਾਜ ਜੀ ਦੀ ਤਾਬਿਆ ਬੈਠਿਆਂ ਤੇ ਹੀ ਡੋਗਰਿਆਂ ਦੇ ਭੇਜੇ ਸਿਪਾਹੀਆਂ ਤੋਪਾਂ ਦੇ ਗੋਲ੍ਹੇ ਦਾਗ਼ ਦਿੱਤੇ ਜਿਸ ਵਿਚ ਬਾਬਾ ਜੀ ਸ਼ਹਾਦਤ ਦਾ ਜਾਮ ਪੀ ਗਏ ।

ਬਾਬਾ ਬੀਰ ਸਿੰਘ ਜੀ ਏਨੇ ਤਪ ਤੇਜ ਵਾਲੇ ਸਾਧੂ ਸਨ ਜਿੰਨਾ ਦੀ ਸ਼ਹੀਦੀ ਦੀ ਖ਼ਬਰ ਮਾਝੇ ਤੋਂ ਲੈ ਕੇ ਕਸ਼ਮੀਰ ਤੱਕ ਜੰਗਲ ਦੀ ਅੱਗ ਵਾਂਗ ਫੈਲ ਗਈ ਜਿਸਦਾ ਬੇਈਮਾਨ ਧੋਖ਼ੇਬਾਜ਼ ਡੋਗਰਿਆਂ ਤੋਂ ਬਦਲਾ ਲੈਣ ਲਈ ਸਰਦਾਰ ਹਰੀ ਸਿੰਘ ਨਲੂਆ ਦੇ ਸਪੁੱਤਰ ਜਵਾਹਰ ਸਿੰਘ ਨੇ ਬਾਗ਼ੀ ਸਿੱਖ ਫੌਜ਼ੀਆਂ ਜਰਨੈਲਾਂ ਨੂੰ ਇਕੱਠੇ ਕਰਕੇ ਗੁਰੂ ਮਾਰੀ ਫੌਜ਼ ਤੇ ਡੋਗਰਾ ਹੀਰਾ ਸਿਓ ਤੋਂ ਬਦਲਾ ਲੈਣ ਦੀਆਂ ਤਿਆਰੀਆਂ ਆਰੰਭ ਦਿੱਤੀਆਂ।

ਦੂਜੇ ਪਾਸੇ ਲਾਹੌਰ ਦਰਬਾਰ ਵਿਚ ਬਾਬਾ ਬੀਰ ਸਿੰਘ ਜੀ ਅਤੇ ਸਿੱਖ ਜਰਨੈਲਾਂ ਦੇ ਮਾਰੇ ਜਾਣ ਦੀ ਖੁਸ਼ੀ ਵਜੋਂ ਇਨਾਮ ਵੰਡ ਰਹੇ ਡੋਗਰੇ ਨੂੰ ਜਦੋਂ ਨਲੂਏ ਸ਼ੇਰ ਦੇ ਪੁੱਤ ਦੀ ਤਿਆਰੀ ਦਾ ਪਤਾ ਲੱਗਾ ਤਾਂ ਸਭ ਕੁਝ ਵਿਚੇ ਛੱਡ ਡੋਗਰਾ ਹਜਾਰਾਂ ਫੌਜਾਂ ਧਨ ਦੌਲਤ ਲੈ ਕੇ ਕਸ਼ਮੀਰ ਨੂੰ ਭੱਜ ਉਠਾ। ਜਿਸਦਾ ਅਟਕ ਦਰਿਆ ਤੱਕ ਪਿਛਾ ਕਰਕੇ ਸਰਦਾਰ ਜਵਾਹਰ ਸਿੰਘ ਨਲੂਆ ਨੇ ਜਾ ਘੇਰਿਆ ਜਿਥੇ ਡੋਗਰਾ ਹੀਰਾ ਸਿਓ ਇਕ ਪਿੰਡ ਵਿਚ ਲਕਿਆ ਬੈਠਾ ਸੀ। ਜਿਥੇ ਸਰਦਾਰ ਜਵਾਹਰ ਸਿੰਘ ਹੱਥੋਂ ਡੋਗਰਿਆਂ ਦੇ ਸਾਥੀ ਪੰਡਿਤ ਜੱਲਾ ਤੇ ਲਾਭ ਸਿਓ ਡੋਗਰਾ ਮਾਰੇ ਗਏ ਏਸੇ ਜੰਗ ਚੋਂ ਭੱਜਕੇ ਜਾ ਰਹੇ ਮਹਾਂਪੁਰਸ਼ਾਂ ਦੇ ਕਾਤ੍ਹਲ ਹੀਰਾ ਸਿੰਘ ਨੂੰ ਕਿਤੇ ਢੋਈ ਨਾ ਮਿਲੀ ਤੇ ਰਸਤੇ ਵਿਚ ਬੇਦੀ ਸਿੰਘਾਂ ਹੱਥੋਂ ਮਾਰਿਆ ਗਿਆ ਏਨਾ ਦੋਸ਼ੀਆਂ ਦੇ ਸਿਰ ਵੱਢ ਕੇ ਸਰਦਾਰ ਜਵਾਹਰ ਸਿੰਘ ਵਲੋਂ ਲਾਹੌਰ ਦੀਆਂ ਗਲ੍ਹੀਆਂ ਵਿਚ ਧੂਹੇ ਗਏ,ਲੋਕਾਂ ਵਲੋਂ ਏਨਾ ਦੇ ਸਿਰਾਂ ਵਿਚ ਛਿੱਤਰ ਮਾਰੇ ਗਏ ।ਬਾਬਾ ਬੀਰ ਸਿੰਘ ਜੀ ਦੇ ਉਤਰਾਧਿਕਾਰੀ ਜੰਗੇ ਅਜਾਦੀ ਦੇ ਜਲਾਵਤਨ ਸ਼ਹੀਦ ਭਾਈ ਮਹਾਰਾਜ ਸਿੰਘ ਜੀ ਨੇ ਬਾਬਾ ਜੀ ਦੇ ਸਸਕਾਰ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਰੋਵਰ ਦੀਆਂ ਚੌਹਾਂ ਬਾਹੀਆਂ ਵਿਚ ਬਾਬਾ ਜੀ ਦੇ ਅੰਗੀਠੇ ਦੀ ਬਿਭੂਤੀ ਪਾਈ ਪੰਜ ਘੋੜ੍ਹੇ ਸ੍ਰੀ ਅਕਾਲ ਤਖ਼ਤ ਸਾਹਿਬ ਭੇਟ ਕੀਤੇ।

ਬਾਬਾ ਬੀਰ ਸਿੰਘ ਨੌਰੰਗਾਂਬਾਦ ਵਾਲੇ ਐਸੇ ਧਰਮ ਪ੍ਰਚਾਰਕ ਸਾਧੂ ਸਨ,ਜਿੰਨਾ ਦੇ ਪੂਰੇ ਪੰਜਾਬ ਵਿਚ 360 ਅਸਥਾਨ ਹਨ, ਸਾਵਣ ਦੀ ਤੀਜ ਨੂੰ ਮਹਾਂਪੁਰਸ਼ਾਂ ਦਾ ਜਨਮ ਦਿਵਸ ਪੂਰੇ ਸਿੱਖ ਜਗਤ ਵਿਚ ਮਨਾਇਆ ਜਾਂਦਾ ਹੈ।

ਅਜੋਕੇ ਭੇਖੀ ਖੋਖਲੇ ਪ੍ਰਚਾਰਕ ਪੰਥਕ ਸਟੇਜਾਂ ਤੇ ਕਹਿੰਦੇ ਹਨ ਸੰਤ ਨਹੀ ਹੁੰਦੇ,ਬਾਬਾ ਬੀਰ ਸਿੰਘ ਜੀ ਸਿੱਖ ਰਾਜ ਵੇਲੇ ਸੰਤ ਸਿਪਾਹੀ ਸਾਧੂ ਸਨ।

# ਜਥੇਦਾਰ ਅਕਾਲ ਤਖਤ ਨੇ ਕਿਹਾ ਕਿ ਸ਼ਿਕਾਇਤ ਪਹੁੰਚੀ ਹੈ, ਪੜਤਾਲੀਆ ਕਮੇਟੀ ਜਾਂਚ ਉਪਰੰਤ ਸੌਂਪੇਗੀ ਰਿਪੋਰਟ

## ਮਾਮਲਾ ਨਾਰਾਇਣਗੜ੍ਹ ਗੁਰੂਘਰ ਚ ਪ੍ਰਕਾਸ਼ ਸਥਾਨ ਵਾਲੀ ਜਗ੍ਹਾ ਦੀ ਤਲਾਸ਼ੀ ਲੈਣ ਦਾ



ਤਲਵੰਡੀ ਸਾਬੋ, 09 ਮਈ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਦੇ ਅੰਬਾਲਾ ਜਿਲ੍ਹੇ ਦੇ ਸ਼ਹਿਰ ਨਾਰਾਇਣਗੜ੍ਹ ਦੇ ਗੁਰਦੁਆਰਾ ਰਾਤਗੜ੍ਹ ਸਾਹਿਬ ਵਿਖੇ ਬੀਤੇ ਦਿਨ ਗੁਰਮਤਿ ਸਮਾਗਮ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਦੀ ਆਮਦ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਸਥਾਨ ਵਾਲੀ ਜਗ੍ਹਾ ਦੀ ਮੁੱਖ ਮੰਤਰੀ ਦੇ ਸੁਰੱਖਿਆ ਦਸਤੇ ਵੱਲੋਂ ਤਲਾਸ਼ੀ ਲੈਣ ਦਾ ਮਾਮਲਾ ਹੁਣ ਸ੍ਰੀ ਅਕਾਲ ਤਖਤ ਸਾਹਿਬ ਪੁੱਜ ਗਿਆ ਹੈ। ਇਸਦੀ ਪੁਸ਼ਟੀ ਖੁਦ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘੁਵੀਰ ਸਿੰਘ ਨੇ ਕੀਤੀ ਹੈ। ਅੱਜ ਬੁੱਢਾ ਦਲ ਦੇ ਇੱਕ ਸਮਾਗਮ 'ਚ ਸ਼ਮੂਲੀਅਤ ਕਰਨ ਦਮਦਮਾ ਸਾਹਿਬ ਪੁੱਜੇ ਸਿੰਘ ਸਾਹਿਬ ਗਿਆਨੀ ਰਘੁਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਉਕਤ ਘਟਨਾ ਕਾਰਨ ਸਮੁੱਚੇ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ। ਇਸ ਲਈ ਹਰਿਆਣਾ ਦੀਆਂ ਸਿੱਖ ਸੰਗਤਾਂ ਵੱਲੋਂ ਮਾਮਲੇ ਦੀ ਲਿਖਤੀ ਸ਼ਿਕਾਇਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਭੇਜੀ ਗਈ ਹੈ ਅਤੇ ਅਸੀਂ ਜਲਦ ਇਸ ਮਾਮਲੇ ਸਬੰਧੀ ਇੱਕ ਪੜਤਾਲੀਆ ਕਮੇਟੀ ਦਾ ਗਠਨ ਕਰ ਰਹੇ ਹਾਂ ਜੋ ਮਾਮਲੇ ਦੀ ਪੜਤਾਲ ਕਰ ਜਾਂਚ ਰਿਪੋਰਟ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੌਂਪੇਗੀ ਅਤੇ ਅਗਲੀ ਕਾਰਵਾਈ ਰਿਪੋਰਟ ਦੇ ਆਧਾਰ 'ਤੇ ਹੋਵੇਗੀ। ਇਸ ਮੌਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜ਼ਰ ਭਾਈ ਰਣਜੀਤ ਸਿੰਘ ਵੀ ਮੌਜੂਦ ਰਹੇ।

# 20 ਮਈ ਨੂੰ ਹਲਕਾ ਜਗਰਾਉਂ ਦੇ ਸਰਕਲ ਹਠੂਰ ਅਤੇ ਮੱਲ੍ਹਾ ਦੇ ਪਿੰਡਾਂ ਵਿੱਚ ਅਕਾਲੀ ਦਲ ਵੱਲੋਂ ਹੋਣਗੇ ਚੋਣ ਜਲਸੇ : ਐੱਸ ਆਰ ਕਲੇਰ

## ਰਣਜੀਤ ਸਿੰਘ ਢਿੱਲੋਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਭੇਜਾਂਗੇ : ਬੂਟਾ ਸਿੰਘ ਭੰਮੀਪੁਰਾ



**ਜਗਰਾਉਂ -(ਵਰਿਆਮ ਹਠੂਰ)** ਲੋਕ ਸਭਾ ਲੁਧਿਆਣਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸ.ਰਣਜੀਤ ਸਿੰਘ ਢਿੱਲੋਂ ਵੱਲੋਂ 20 ਮਈ ਨੂੰ ਹਲਕਾ ਜਗਰਾਓਂ ਦੇ ਸਰਕਲ ਹਠੂਰ ਅਤੇ ਸਰਕਲ ਮੱਲਾ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਜਲਸੇ ਕਰਨ ਸਬੰਧੀ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਸ਼੍ਰੀ ਐੱਸ ਆਰ ਕਲੇਰ ਵੱਲੋਂ ਸਰਕਲ ਮੱਲਾ ਦੇ ਪਿੰਡ ਭੰਮੀਪੁਰਾ ਵਿੱਚ ਅਕਾਲੀ ਆਗੂ ਪ੍ਰਧਾਨ ਬੂਟਾ ਸਿੰਘ ਭੰਮੀਪੁਰਾ ਦੇ ਗ੍ਰਹਿ ਵਿਖੇ ਜਿਸ ਵਿੱਚ ਅਨੇਕਾਂ ਆਗੂਆਂ ਅਤੇ ਵਰਕਰਾਂ ਨੇ ਭਾਗ ਲਿਆ, ਖ਼ਾਸ ਮੀਟਿੰਗ ਦੌਰਾਨ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸ਼੍ਰੀ ਐੱਸ ਆਰ ਕਲੇਰ ਨੇ ਕਿਹਾ ਕਿ ਹਰ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਤੇ ਖਾਸਕਰ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਨੌਜਵਾਨਾਂ ਵਿੱਚ ਉਤਸ਼ਾਹ ਦੱਸਦਾ ਹੈ ਕਿ ਇਸ ਵਾਰ ਨਿਜ਼ਾਮ ਬਦਲਣ ਵਾਲਾ ਹੈ। ਪੰਜਾਬ ਦੇ ਲੋਕ ਆਪਣੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਜਿਤਾਉਣ ਲਈ ਪੱਬਾਂ ਭਾਰ ਹਨ। ਕਿਉਂਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਮੌਕੇ ਹੀ ਵੱਡੀ ਪੱਧਰ ਤੇ ਪੰਜਾਬ ਵਿੱਚ ਵਿਕਾਸ ਕਾਰਜ ਹੋਏ ਹਨ। ਜਿੰਨ੍ਹਾਂ ਨੂੰ ਲੋਕ ਅੱਜ ਵੀ ਯਾਦ ਕਰ ਰਹੇ ਹਨ। ਗੱਲਬਾਤ ਕਰਦਿਆਂ ਪ੍ਰਧਾਨ ਬੂਟਾ ਸਿੰਘ ਭੰਮੀਪੁਰਾ ਨੇ ਕਿਹਾ ਕਿ ਉਮੀਦਵਾਰ ਸ: ਰਣਜੀਤ ਸਿੰਘ ਢਿੱਲੋਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਭੇਜਾਂਗੇ ਤੇ ਸੀਟ ਸ਼੍ਰੋਮਣੀ ਅਕਾਲੀ ਦਲ ਦੀ ਝੋਲੀ ਪਾਵਾਂਗੇ, ਉਨ੍ਹਾਂ ਅੱਗੇ ਕਿਹਾ ਕਿ ਹਲਕੇ ਵਿੱਚ ਨੁੱਕੜ ਮੀਟਿੰਗਾਂ ਚੱਲ ਰਹੀਆਂ ਹਨ। ਤੇ 20 ਮਈ ਨੂੰ ਉਮੀਦਵਾਰ ਰਣਜੀਤ ਸਿੰਘ ਢਿੱਲੋਂ ਜਗਰਾਉਂ ਹਲਕੇ ਦੇ ਸਰਕਲ ਹਠੂਰ ਅਤੇ ਸਰਕਲ ਮੱਲ੍ਹਾ ਦੇ ਪਿੰਡਾਂ ਵਿੱਚ ਪਹੁੰਚ ਰਹੇ ਹਨ। ਤੇ ਵੱਖ ਵੱਖ ਪਿੰਡਾਂ ਵਿੱਚ ਸੂਝਵਾਨ ਵੋਟਰਾਂ ਅਤੇ ਸਪੋਟਰਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਉਣਗੇ, ਤੇ ਸਮੁੱਚੀ ਹਲਕੇ ਦੀ ਅਕਾਲੀ ਲੀਡਰਸ਼ਿਪ ਉਨ੍ਹਾਂ ਨਾਲ ਰਹੇਗੀ। ਇਸ ਮੌਕੇ ਹਾਜ਼ਰ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਅਕਾਲੀ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ, ਨੰਬਰਦਾਰ ਗੋਪਾਲ ਸਿੰਘ, ਜਗਦੀਸ਼ ਸਿੰਘ ਦੀਸਾ, ਆਤਮਾ ਸਿੰਘ ਭੰਮੀਪੁਰਾ, ਯੂਥ ਆਗੂ ਮਨਦੀਪ ਸਿੰਘ, ਕੁਲਵਿੰਦਰ ਸਿੰਘ, ਕਿੰਦਰ ਚਾਹਲ, ਸੁਖਦੇਵ ਸਿੰਘ, ਜੁਗਿੰਦਰ ਸਿੰਘ, ਬਲਵਿੰਦਰ ਸਿੰਘ, ਬੂਟਾ ਸਿੰਘ ਨੰਬਰਦਾਰ, ਮਨਦੀਪ ਸਿੰਘ ਨੰਬਰਦਾਰ, ਚਮਨਦੀਪ ਸਿੰਘ ਨੰਬਰਦਾਰ, ਜਗਤਾਰ ਸਿੰਘ ਨੰਬਰਦਾਰ, ਵਿਜੇ ਕੁਮਾਰ ਮਾਸਟਰ, ਹਰਨੇਕ ਸਿੰਘ ਤੇ ਹੋਰ ਹਾਜ਼ਰ।

## 11 ਮਈ ਨੂੰ ਜ਼ਿਲ੍ਹਾ ਗੁਰਦਾਸਪੁਰ ਦੀਆਂ ਅਦਾਲਤਾਂ ਵਿੱਚ ਲੱਗੇਗੀ ਰਾਸ਼ਟਰੀ ਲੋਕ ਅਦਾਲਤ

# ਰਾਸ਼ਟਰੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਹਾ ਲੈਣ ਲੋਕ - ਜ਼ਿਲ੍ਹਾ ਤੇ ਸੈਸ਼ਨ ਜੱਜ

**ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ 9 ਮਈ ਕੁਲਜੀਤ ਸਿੰਘ ਖੋਖਰ** -ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਕਾਰਜਕਾਰੀ ਚੇਅਰਮੈਨ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਜ਼ਿਲ੍ਹੇ ਵਿੱਚ 11 ਮਈ ਨੂੰ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ। 11 ਮਈ ਨੂੰ ਲੱਗਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਰਜਿੰਦਰ ਅਗਰਵਾਲ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ, ਅਤੇ ਕਮੇਟੀ ਘਰ ਦੇ ਹੋਰ ਕੇਸ ਜਿਵੇਂ ਕਿ ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਈਟ ਪਲੈਨ ਆਦਿ, ਸਾਰੇ ਤਰਾਂ ਦੇ ਸਿਵਲ ਕੇਸ, ਛੋਟੇ ਘੱਟ ਸਜ਼ਾ ਵਾਲੇ ਅਪਰਾਧ, ਵਿਆਹੁਤਾ ਝਗੜੇ, ਐਮ.ਏ.ਸੀ.ਟੀ. (ਮੋਟਰ ਐਕਸੀਡੈਂਟ) ਦੇ ਕੇਸ, ਇੰਸ਼ੋਰੈਂਸ ਕਲੇਮ ਦੇ ਕੇਸਾਂ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਰਜ਼ਾਮੰਦੀ ਨਾਲ ਇਸ ਰਾਸ਼ਟਰੀ ਲੋਕ ਅਦਾਲਤ ਜ਼ਰੀਏ ਹੱਲ ਕਰਨਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਆਪਣੇ ਸਬੰਧਿਤ ਕੋਰਟ ਵਿੱਚ ਜਾਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਦਫ਼ਤਰ ਵਿਖੇ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਹੱਲ ਕੀਤੇ ਜਾਂਦੇ ਮੁਕੱਦਮਿਆਂ ਦੀ ਅੱਗੇ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ ਅਤੇ ਲੋਕ ਅਦਾਲਤ ਦਾ ਫ਼ੈਸਲਾ ਅੰਤਿਮ ਹੁੰਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਸ੍ਰੀ ਰਜਿੰਦਰ ਅਗਰਵਾਲ ਨੇ ਕਿਹਾ ਕਿ ਨੈਸ਼ਨਲ ਲੋਕ ਅਦਾਲਤ ਰਾਹੀਂ ਆਪਣੇ ਮੁਕੱਦਮੇ ਹੱਲ ਕਰਵਾਉਣ ਲਈ ਜਿੱਥੇ ਲੋਕਾਂ ਦੇ ਪੈਸੇ ਦੀ ਬੱਚਤ ਹੁੰਦੀ ਹੈ ਉੱਥੇ ਦੋਹਾਂ ਧਿਰਾਂ ਵਿੱਚ ਪ੍ਰੇਮ ਪਿਆਰ ਵੀ ਬਣਿਆ ਰਹਿੰਦਾ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ। ਜੇਕਰ ਲੋਕ ਅਦਾਲਤ ਵਿੱਚ ਕੇਸ ਦਾ ਫ਼ੈਸਲਾ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫ਼ੀਸ ਵੀ ਵਾਪਸ ਹੋ ਜਾਂਦੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਆਪਣੇ ਕੇਸਾਂ ਦਾ ਇਸ ਕੌਮੀ ਲੋਕ ਅਦਾਲਤ ਵਿੱਚ ਫ਼ੈਸਲਾ ਕਰਵਾ ਕੇ ਵੱਧ ਤੋਂ ਵੱਧ ਲਾਭ ਉਠਾਉਣ।



**ਦਮਦਮੀ ਟਕਸਾਲ ਦੇ ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਦੇ ਪੁਰਾਤਨ ਜਨਮ ਅਸਥਾਨ ਗੁਰਦੁਆਰਾ ਪਹੂਵਿੰਡ ਸਾਹਿਬ ਦੀ ਪ੍ਰਬੰਧ ਦੀ ਸੇਵਾ ਅਤੇ ਅਸਥਾਨ ਦੀਆਂ ਚਾਬੀਆਂ ਨਗਰ ਪਹੂਵਿੰਡ ਦੀਆਂ ਸਮੂਹ ਸੰਗਤਾ ਵੱਲੋਂ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ,ਪ੍ਰਧਾਨ ਸੰਤ ਸਮਾਜ ਜੀ ਨੂੰ ਸਪੁਰਦ ਕੀਤੀਆਂ ਗਈਆਂ। ਚਾਬੀਆਂ ਪ੍ਰਾਪਤ ਕਰਦੇ ਹੋਏ ਜਥੇਬੰਦੀ ਦਮਦਮੀ ਟਕਸਾਲ ਦੇ ਜੁੰਮੇਵਾਰ ਸਿੰਘ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


WITH VAHEGURU JI'S ETERNAL BLESSINGS
ਆਵਾਜ਼ੇ ਕੌਮ AWAZE QAUM International Newspaper & WEB TV
CSGB
Sikh Council Sandwell
BIRMINGHAM & SANDWELL
VAISAKHI
NAGAR KIRTAN 2024
SUNDAY 19TH MAY
Nagar Kirtan Arambh 9:30AM
Gurdwara Babe Ke, Hockley, B16
10:20 AM
Guru Nanak Nishkam Sewak Jatha, B21
11:00 AM
Shri Guru Ravidass Bhawan, B21
11:40 AM
Gurdwara Baba Deep Singh Ji Shaheed, B21
13:15 PM
Guru Nanak Gurdwara Smethwick, B66
Gurmat Smagam 14:15 PM
Gurdwara Baba Sang Ji, Smethwick, B66
SCAN THE QR CODE TO REGISTER AS AN OFFICIAL NAGAR KIRTAN SEWADAR FOR 2024. SEWADAR TRAINING IS A REQUIREMENT AND WILL BE PROVIDED FOR THE DAY OF THE NAGAR KIRTAN IN ADVANCE.
SEWADAR FORM
NAGAR KIRTAN WILL CONCLUDE AT GURDWARA BABA SANG JI WITH GURMAT SMAGAM & LANGAR.
ROAD CLOSURES/DIVERSIONS WILL BE IN PLACE FROM 9AM.

### ਕੰਮ ਵਾਲੀ ਥਾਂ 'ਤੇ ਔਰਤਾਂ ਦੇ ਜਿਨਸੀ ਸ਼ੋਸ਼ਣ ਦੇ

# ਕਾਨੂੰਨ ਦੀ ਪਾਲਣਾ ਲਈ ਜ਼ਰੂਰੀ - ਜ਼ਿਲ੍ਹਾ ਪ੍ਰੋਗਰਾਮ ਅਫ਼ਸਰ



**ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ 8 ਮਈ ਕੁਲਜੀਤ ਸਿੰਘ ਖੋਖਰ** -ਪੋਸ਼ ਐਕਟ (ਦ ਸੈਕਸੁਅਲ ਹਰਾਸਮੈਂਟ ਆਫ਼ ਵੂਮੈਨ ਐਟ ਵਰਕ ਪਲੇਸ ਐਕਟ, 2013) ਭਾਰਤ ਸਰਕਾਰ ਦੁਆਰਾ 2013 ਵਿੱਚ ਕੰਮ ਵਾਲੀ ਥਾਂ 'ਤੇ ਔਰਤਾਂ ਦੇ ਦਰਪੇਸ਼ ਜਿਨਸੀ ਸ਼ੋਸ਼ਣ ਦੇ ਮੁੱਦੇ ਨੂੰ ਹੱਲ ਕਰਨ ਲਈ ਲਾਗੂ ਕੀਤਾ ਗਿਆ ਸੀ। ਇਸ ਐਕਟ ਦਾ ਉਦੇਸ਼ ਔਰਤਾਂ ਲਈ ਇੱਕ ਸੁਰੱਖਿਅਤ ਅਤੇ ਅਨੁਕੂਲ ਕੰਮ ਦਾ ਮਾਹੌਲ ਬਣਾਉਣਾ ਅਤੇ ਜਿਨਸੀ ਉਤਪੀੜਨ ਤੋਂ ਸੁਰੱਖਿਆ ਪ੍ਰਦਾਨ ਕਰਨਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਦਾਸਪੁਰ ਮੈਡਮ ਸੁਮਨਦੀਪ ਕੌਰ ਨੇ ਦੱਸਿਆ ਕਿ ਕੰਮਕਾਜ ਵਾਲੀ ਥਾਂ 'ਤੇ ਔਰਤਾਂ ਦਾ ਜਿਨਸੀ ਸ਼ੋਸ਼ਣ (ਰੋਕਥਾਮ, ਨਿਵਾਰਨ ਅਤੇ ਮਨਾਹੀ) ਐਕਟ,2013 ਦੇ ਅਨੁਸਾਰ, ਸਾਰੀਆਂ ਸਰਕਾਰੀ, ਗੈਰ ਸਰਕਾਰੀ ਦਫ਼ਤਰ,ਅਦਾਰੇ ਅਤੇ ਨਿੱਜੀ ਖੇਤਰ ਦੀਆਂ ਸੰਸਥਾਵਾਂ, ਵਿਭਾਗ ਦਫ਼ਤਰਾਂ, ਅਤੇ ਉਨ੍ਹਾਂ ਦੇ ਦਾਇਰੇ ਵਿੱਚ ਆਉਣ ਵਾਲੀਆਂ ਸਾਰੀਆਂ ਸੰਸਥਾਵਾਂ ਲਈ ਐਕਟ ਅਨੁਸਾਰ ਸ਼ਿਕਾਇਤਾਂ ਦੇ ਹੱਲ ਲਈ ਸਮਰਪਿਤ ਅੰਦਰੂਨੀ ਕਮੇਟੀਆਂ ਦੀ ਸਥਾਪਨਾ ਕਰਨਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਐਕਟ ਦੇ ਅਧਿਆਇ-2 ਦੇ ਸੈਕਸ਼ਨ-4 ਵਿੱਚ, ਅੰਦਰੂਨੀ ਕਮੇਟੀ ਦੇ ਗਠਨ ਨੂੰ ਲਾਜ਼ਮੀ ਕਰਦਾ ਹੈ। ਇਹ ਕਮੇਟੀ ਮਹਿਲਾ ਕਰਮਚਾਰੀਆਂ ਦੇ ਅਧਿਕਾਰਾਂ ਦੀ ਰੱਖਿਆ ਕਰਨ ਅਤੇ ਕੰਮ ਵਾਲੀ ਥਾਂ 'ਤੇ ਪਰੇਸ਼ਾਨੀ ਤੋਂ ਮੁਕਤ ਮਾਹੌਲ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਸੁਰੱਖਿਆ ਉਪਾਵਾਂ ਵਜੋਂ ਕੰਮ ਕਰਦੀ ਹੈ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਦੱਸਿਆ ਕਿ ਕਿਸੇ ਕੰਮ ਵਾਲੀ ਥਾਂ ਦਾ ਹਰ ਰੋਜ਼ਗਾਰਦਾਤਾ, ਲਿਖਤੀ ਹੁਕਮ ਦੁਆਰਾ, "ਅੰਦਰੂਨੀ ਸ਼ਿਕਾਇਤਾਂ ਕਮੇਟੀ" ਵਜੋਂ ਜਾਣੀ-ਜਾਣ ਵਾਲੀ ਕਮੇਟੀ ਦਾ ਗਠਨ ਕਰੇਗਾ। ਜਿੱਥੇ ਕਾਰਜ ਸਥਾਨ ਦੇ ਦਫ਼ਤਰ ਜਾਂ ਪ੍ਰਬੰਧਕੀ ਇਕਾਈਆਂ ਵੱਖ-ਵੱਖ ਥਾਵਾਂ 'ਤੇ ਜਾਂ ਮੰਡਲ ਜਾਂ ਉਪ-ਮੰਡਲ ਪੱਧਰ 'ਤੇ ਸਥਿਤ ਹਨ, ਉੱਥੇ ਸਾਰੇ ਪ੍ਰਬੰਧਕੀ ਪੱਧਰਾਂ 'ਤੇ ਅੰਦਰੂਨੀ ਕਮੇਟੀ ਦਾ ਗਠਨ ਕੀਤਾ ਜਾਣਾ ਹੈ।ਅਸੀਂ ਇਸ ਦੁਆਰਾ ਸਾਰੇ ਸਬੰਧਿਤ ਅਥਾਰਟੀਆਂ ਨੂੰ ਇੱਕ ਆਮ ਅਪੀਲ ਜਾਰੀ ਕਰਦੇ ਹਾਂ, ਜਨਤਕ ਅਤੇ ਨਿੱਜੀ ਦੋਵਾਂ ਖੇਤਰਾਂ ਵਿੱਚ, ਐਕਟ ਵਿੱਚ ਨਿਰਧਾਰਿਤ ਉਪਬੰਧਾਂ ਦੇ ਅਨੁਸਾਰ ਅੰਦਰੂਨੀ ਕਮੇਟੀਆਂ ਦੇ ਗਠਨ ਵਿੱਚ ਤੇਜ਼ੀ ਲਿਆਂਦੇ ਹੋਏ ਅੰਦਰੂਨੀ ਕਮੇਟੀਆਂ ਦਾ ਗਠਨ ਕੀਤਾ ਜਾਵੇ। ਇਸ ਨਿਰਦੇਸ਼ ਦੀ ਪਾਲਣਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਵਜੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਚੌਕਸੀ ਦੇ ਤਹਿਤ ਜ਼ਿਲ੍ਹਾ ਪੱਧਰ 'ਤੇ ਸਖ਼ਤ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸਮੂਹ ਜ਼ਿਲ੍ਹਾ ਮੁਖੀਆਂ ਨੂੰ ਇਸ ਦੁਆਰਾ ਆਪਣੇ ਅਧਿਕਾਰ ਖੇਤਰਾਂ ਵਿੱਚ ਆਉਂਦੀਆਂ ਸੰਸਥਾਵਾਂ ਭਾਵੇਂ ਸਰਕਾਰੀ ਜਾਂ ਨਿੱਜੀ ਹਨ ਜਾਂ ਨਿੱਜੀ ਅਦਾਰੇ ਹਨ, ਉਨ੍ਹਾਂ ਵਿੱਚ ਅੰਦਰੂਨੀ ਕਮੇਟੀਆਂ ਦੀ ਸਥਾਪਨਾ ਦੀ ਨਿਗਰਾਨੀ ਕਰਨ ਲਈ ਨਿਰਦੇਸ਼ ਦਿੱਤੇ ਗਏ ਹਨ। ਕੰਮ ਵਾਲੀ ਥਾਂ 'ਤੇ ਔਰਤਾਂ ਦੀ ਸੁਰੱਖਿਆ ਅਤੇ ਸਸ਼ਕਤੀਕਰਨ ਸਭ ਤੋਂ ਮਹੱਤਵਪੂਰਨ ਹੈ ਅਤੇ ਅੰਦਰੂਨੀ ਕਮੇਟੀਆਂ ਦਾ ਗਠਨ ਉਨ੍ਹਾਂ ਦੀ ਸੁਰੱਖਿਆ, ਸਨਮਾਨ ਅਤੇ ਅਧਿਕਾਰਾਂ ਨੂੰ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਵਜੋਂ ਕੰਮ ਕਰਦਾ ਹੈ। ਕਿਸੇ ਕੰਮ ਵਾਲੀ ਥਾਂ ਤੇ ਹਰ ਰੋਜ਼ਗਾਰਦਾਤਾ, ਲਿਖਤੀ ਹੁਕਮ ਦੁਆਰਾ, "ਅੰਦਰੂਨੀ ਸ਼ਿਕਾਇਤਾਂ ਕਮੇਟੀ" ਵਜੋਂ ਜਾਣੀ ਜਾਣ ਵਾਲੀ ਕਮੇਟੀ ਦਾ ਗਠਨ ਕਰੇਗਾ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਦੱਸਿਆ ਕਿ ਕਿਸੇ ਰੁਜ਼ਗਾਰਦਾਤਾ ਨੂੰ ਭਾਵੇਂ ਕਿਸੇ ਵੀ ਪੱਧਰ ਤੇ ਹੋਵੇ 50,000 ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਹੈ, ਜੇਕਰ ਉਹ ਅੰਦਰੂਨੀ ਸ਼ਿਕਾਇਤਾਂ ਕਮੇਟੀ ਦਾ ਗਠਨ ਕਰਨ ਵਿੱਚ ਅਸਫਲ ਰਹਿੰਦੀ ਹੈ, ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਕਾਰਵਾਈ ਕਰਨ ਵਿੱਚ ਅਸਫਲਤਾ, ਵਧੀਕ ਡਿਪਟੀ ਕਮਿਸ਼ਨਰ, (ਜਨਰਲ) ਨੂੰ ਸਾਲਾਨਾ ਰਿਪੋਰਟ ਦਾਇਰ ਕਰਨ ਵਿੱਚ ਅਸਫਲਤਾ ਜਾਂ ਜ਼ਿਲ੍ਹਾ ਅਧਿਕਾਰੀ ਨੂੰ ਸਾਲਾਨਾ ਰਿਪੋਰਟ ਦਾਇਰ ਕਰਨ ਵਿੱਚ ਅਸਫਲ ਰਹਿੰਦਾ ਹੈ। ਅਸੀਂ ਸਾਰੇ ਹਿੱਸੇਦਾਰਾਂ ਨੂੰ ਇਸ ਮਾਮਲੇ ਨੂੰ ਤਰਜੀਹ ਦੇਣ ਅਤੇ ਕੰਮ ਵਾਲੀ ਥਾਂ 'ਤੇ ਔਰਤਾਂ ਦਾ ਜਿਨਸੀ ਸ਼ੋਸ਼ਣ ਐਕਟ ਵਿੱਚ ਦਰਜ ਸਿਧਾਂਤਾਂ ਨੂੰ ਬਰਕਰਾਰ ਰੱਖਣ ਲਈ ਤੁਰੰਤ ਕਾਰਵਾਈ ਕਰਨ ਦੀ ਅਪੀਲ ਕਰਦੇ ਹਾਂ। ਉਨ੍ਹਾਂ ਕਿਹਾ ਕਿ ਐਕਟ ਨੂੰ ਲਾਗੂ ਕਰਨ ਬਾਰੇ ਹੋਰ ਪੁੱਛਗਿੱਛ ਜਾਂ ਸਹਾਇਤਾ ਲਈ, ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਬਲਾਕ -ਏ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਜਾਂ ਸਖੀ ਵਨ ਸਟਾਪ ਸੈਂਟਰ, ਗੁਰਦਾਸਪੁਰ ਦੇ ਫ਼ੋਨ ਨੰਬਰ - 01874-240165 'ਤੇ ਸੰਪਰਕ ਕੀਤਾ ਜਾ ਸਕਦਾ।

### ਗੌਰਮਿੰਟ ਸਕੂਲ ਟੀਚਰ ਯੂਨੀਅਨ ਨੇ

# ਜਿਲਾ ਚੋਣ ਅਧਿਕਾਰੀ ਨੂੰ ਸੌਂਪਿਆ ਮੰਗ ਪੱਤਰ



**ਫ਼ਿਰੋਜ਼ਪੁਰ, 9 ਮਈ (ਮਨੋਹਰ ਲਾਲ)** :— ਲੋਕ ਸਭਾ 2024 ਦੀਆਂ ਚੋਣਾਂ ਨੂੰ ਲੈ ਕੇ ਅਧਿਆਪਕਾਂ ਨੂੰ ਆ ਰਹੀਆਂ ਮੁਸ਼ਿਕਲਾਂ ਨੂੰ ਲੈ ਕੇ ਜੀ.ਐਸ.ਟੀ.ਯੂ ਦਾ ਵਫਦ ਜ਼ਿਲ੍ਹਾ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ ਅਤੇ ਜਨਰਲ ਸਕੱਤਰ ਪਰਮਿੰਦਰ ਸਿੰਘ ਸੋਢੀ ਦੀ ਅਗਵਾਈ ਹੇਠ ਜ਼ਿਲਾ ਚੋਣ ਅਫਸਰ ਸ੍ਰੀ ਰਜੇਸ਼ ਧਿਮਾਨ ਨੂੰ ਮਿਲਿਆ। ਜਥੇਬੰਦੀ ਨੇ ਆਪਣੇ ਮੰਗ ਪੱਤਰ ਵਿੱਚ ਕਿਹਾ ਕਿ ਉਹ ਲੋਕ ਸਭਾ 2014 ਦੀਆਂ ਚੋਣਾਂ ਨੂੰ ਸੰਚਾਰੂ ਢੰਗ ਨਾਲ ਚਲਾਉਣ ਲਈ ਤਿਆਰ—ਬਰ—ਤਿਆਰ ਹਨ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਅਧਿਆਪਕ ਜਾ ਹੋਰ ਅਧਿਕਾਰੀਆਂ ਨੂੰ ਚੋਣਾਂ ਸਬੰਧੀ ਕੁਝ ਮੁਸ਼ਿਕਲਾਂ ਆ ਰਹੀਆਂ ਹਨ, ਜਿਨਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਆਪਣੀਆਂ ਮੰਗਾਂ ਸਬੰਧੀ ਵੇਰਵੇ ਨਾਲ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਚੋਣਾਂ ਦੋਰਾਨ ਇਸਤਰੀ ਮੁਲਾਜ਼ਮ ਦੀ ਡਿਊਟੀ ਉਨ੍ਹਾਂ ਦੀ ਰਿਹਾਇਸ਼ ਦੇ ਨੇੜੇ ਲਗਾਈ ਜਾਵੇ, ਇਸਤਰੀ ਹੈਡ ਟੀਚਰ ਨੂੰ ਪ੍ਰੋਜੈਟਿੰਗ ਅਫਸਰ ਨਾ ਲਗਾਇਆ ਜਾਵੇ ਬਲਕਿ ਪ੍ਰਜੈਂਟਿੰਗ ਅਫਸਰ ਕਿਸੇ ਮਾਸਟਰ ਕੇਡਰ ਦੇ ਪੁਰਸ਼ ਅਧਿਆਪਕ ਨੂੰ ਹੀ ਲਗਾਇਆ ਜਾਵੇ। ਉਨ੍ਹਾਂ ਕਿਹਾ ਕਿ ਕਪਲ ਕੇਸਾਂ ਵਾਲੇ ਮੁਲਾਜ਼ਮਾਂ ਵਿੱਚੋਂ ਇਸਤਰੀ ਨੂੰ ਚੋਣ ਡਿਊਟੀ ਤੋਂ ਛੋੜ ਦਿੱਤੀ ਜਾਵੇ, ਅੰਗਹੀਨ ਮੁਲਾਜ਼ਮ ਜਾਂ ਗਰਭਵਤੀ ਔਰਤਾਂ ਆਦਿ ਨੂੰ ਵੀ ਚੋਣ ਡਿਊਟੀ ਤੋਂ ਛੋੜ ਦਿੱਤੀ ਜਾਵੇ, ਜੋ ਵੀ ਅਧਿਆਪਕ ਚੋਣ ਡਿਊਟੀ ਗਜਟਿਡ ਛੁੱਟੀ ਜਾ ਐਤਵਾਰ ਵਾਲੇ ਦਿਨ ਦਿੰਦੇ ਹਨ ਉਨ੍ਹਾਂ ਨੂੰ ਇਸ ਸਬੰਧੀ ਕਮਾਊ ਛੁੱਟੀ ਵੀ ਦਿੱਤੀ ਜਾਵੇ। ਚੋਣ ਡਿਊਟੀ ਕਰਨ ਵਾਲੇ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਬਣਦਾ ਮਿਹਨਤਨਾਮਾ ਚੋਣਾਂ ਵਾਲੇ ਮੌਕੇ ਤੇ ਹੀ ਦਿੱਤਾ ਜਾਵੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਡਿਪਟੀ ਕਮਿਸ਼ਨਰ ਜਾਂ ਕਮਿਸ਼ਨਰ ਦੇ ਸਟਾਫ ਦੀ ਵੀ ਡਿਊਟੀ ਲਗਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਇਸਤਰੀ ਸਟਾਫ ਨੂੰ ਡਿਊਟੀ ਤੋਂ ਛੂਟ ਮਿਲ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਜਿੰਦਰ ਸਿੰਘ, ਅੰਗਰੇਜ਼ ਸਿੰਘ, ਸੁਖਵਿੰਦਰ ਸਿੰਘ, ਮਨਜੀਤ ਸਿੰਘ, ਸਤਪਾਲ ਸਿੰਘ, ਲਖਬੀਰ ਸਿੰਘ, ਅਨਵਰ ਮਸੀਹ, ਇੰਦਰਜੀਤ ਸਿੰਘ, ਹਰਪ੍ਰੀਤ ਸੇਖੋਂ ਆਦਿ ਅਧਿਆਪਕ ਆਗੂ ਹਾਜਿਰ ਸਨ।

# ਐਚ.ਪੀ.ਮਾਡਲ ਸਕੂਲ ਦੇ 12 ਵੀਂ ਦੇ ਨਤੀਜੇ ਵਿੱਚ ਮੁੰਡਿਆਂ ਦੀ ਝੰਡੀ




**ਸ਼ਾਹਕੋਟ/ਮਹਿਤਪੁਰ। ਸੁਰਿੰਦਰ ਛਾਬੜਾ**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਬਾਰਵੀਂ ਕਲਾਸ ਦੇ ਨਤੀਜਿਆਂ ਵਿੱਚ ਇਸ ਵਾਰ ਐਚ.ਪੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਸੰਗੋਵਾਲ ਦੇ ਮੁੰਡਿਆਂ ਦੀ ਝੰਡੀ ਰਹੀ। ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਹਰਪ੍ਰੀਤ ਸਿੰਘ ਅਤੇ ਰਿਲਛੀ ਪਾਲ ਮੈਡਮ ਸੰਦੀਪ ਕੌਰ ਨੇ ਦੱਸਿਆ ਕਿ ਇਸ ਵਾਰ ਸਕੂਲ ਦੇ 62 ਬੱਚਿਆਂ ਨੇ ਬਾਰਵੀਂ ਦੀ ਪ੍ਰੀਖਿਆ ਦਿੱਤੀ ਸੀ ਤੇ ਸਾਰੇ ਬੱਚੇ ਪਹਿਲੀ ਪੁਜੀਸ਼ਨ ਵਿੱਚ ਪਾਸ ਹੋਏ ਹਨ। ਕਮਰਸ ਗਰੁੱਪ ਵਿੱਚ ਮਨਜੋਤ ਸਿੰਘ ਨੇ 500 ਵਿੱਚੋਂ 469 ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਗੌਰਵ ਕੁਮਾਰ ਨੇ 459 ਨੰਬਰ ਪ੍ਰਾਪਤ ਕਰਕੇ ਦੂਜਾ ਸਥਾਨ ਗੁਰਲੀਨ ਕੌਰ ਨੇ 442 ਨੰਬਰ ਪ੍ਰਾਪਤ ਕਰਕੇ ਤੀਜਾ ਸਥਾਨ ਅਤੇ ਮਨਦੀਪ ਕੌਰ ਨੇ 432 ਨੰਬਰ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ ਅਤੇ ਬਾਕੀ ਸਾਰੇ ਬੱਚੇ 70% ਤੋਂ ਉੱਪਰ ਨੰਬਰ ਪ੍ਰਾਪਤ ਕਰਕੇ ਪਾਸ ਹੋਏ। ਇਸੇ ਤਰ੍ਹਾਂ ਆਰਟਸ ਗਰੁੱਪ ਵਿੱਚ ਰਨਦੀਪ ਕੌਰ ਨੇ 437 ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਪਲਵੀ ਨੇ 432 ਨੰਬਰ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਬਿਲ ਕਿਸ ਨੇ 419 ਨੰਬਰ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਮੈਨੇਜਮੈਂਟ ਕਮੇਟੀ ਤੇ ਪ੍ਰਿੰਸੀਪਲ ਸੰਦੀਪ ਕੌਰ ਨੇ ਵਿਦਿਆਰਥੀਆਂ ਉਹਨਾਂ ਦੇ ਮਾਪਿਆਂ ਤੇ ਸਟਾਫ ਮੈਂਬਰਾਂ ਨੂੰ ਵਧੀਆ ਨਤੀਜਾ ਆਉਣ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਸਕੂਲ ਖਟਾਫ ਵਿੱਚ ਹਨੀ ਸੋਧੀ, ਸਰਬਜੀਤ ਸਿੰਘ, ਪ੍ਰੀਆ, ਸਤਿੰਦਰ ਕੌਰ, ਅਮਨਦੀਪ ਸਿੰਘ, ਅਮਰਜੀਤ ਸਿੰਘ, ਰਮਨਦੀਪ ਕੌਰ, ਮਨਜੋਤ ਕੌਰ, ਮਨਿੰਦਰ ਕੌਰ, ਕੋਮਲਪ੍ਰੀਤ ਕੌਰ, ਸੁਮਨ, ਸੰਦੀਪ ਕੌਰ ਮੌਜੂਦ ਸਨ।

# ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਕਣਕ ਦੇ ਨਾੜ ਨੂੰ ਅੱਗ ਬਿਲਕੁਲ ਨਾ ਲਗਾਈ ਜਾਵੇ - ਮੁੱਖ ਖੇਤੀਬਾੜੀ ਅਫ਼ਸਰ

**ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ 9 ਮਈ ਕੁਲਜੀਤ ਸਿੰਘ ਖੋਖਰ** -ਖੇਤੀਬਾੜੀ ਅਤੇ ਕਿਸਾਨ ਭਲਾਈ



ਵਿਭਾਗ ਦੇ ਗੁਰਦਾਸਪੁਰ ਤਾਇਨਾਤ ਮੁੱਖ ਖੇਤੀਬਾੜੀ ਅਧਿਕਾਰੀ ਡਾ. ਸੁਰਿੰਦਰਪਾਲ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਣਕ ਦੇ ਨਾੜ ਨੂੰ ਅੱਗ ਬਿਲਕੁਲ ਨਾ ਲਗਾਉਣ। ਉਨ੍ਹਾਂ ਕਿਹਾ ਕਿ ਨਾੜ ਨੂੰ ਅੱਗ ਲਗਾਉਣ ਨਾਲ ਨਾਈਟਰੋਜਨ, ਫਾਸਫੋਰਸ ਅਤੇ ਪੁਟਾਸ਼ ਤੋਂ ਇਲਾਵਾ ਵੱਡੀ ਮਾਤਰਾ ਵਿੱਚ ਲਘੂ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਇਸ ਦੇ ਨਾਲ ਜ਼ਿਹਰੀਲੀਆਂ ਗੈਸਾਂ ਜਿਵੇਂ ਕਾਰਬਨ ਡਾਈਆਕਸਾਈਡ, ਕਾਰਬਨ ਮੋਨੋਆਕਸਾਈਡ, ਮੀਥੇਨ, ਨਾਈਟਰਸ ਆਕਸਾਈਡ ਆਦਿ ਪੈਦਾ ਹੁੰਦੀਆਂ ਹਨ, ਜਿਸ ਕਾਰਨ ਮਨੁੱਖਾਂ ਵਿੱਚ ਸਾਹ, ਅੱਖਾਂ ਵਿੱਚ ਜਲਨ ਅਤੇ ਚਮੜੀ ਦੇ ਰੋਗਾਂ ਦਾ ਖ਼ਤਰਾ ਪੈਦਾ ਹੋ ਜਾਂਦਾ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਵਿਸ਼ਵ ਪੱਧਰ ਤੇ ਆਲਮੀ ਤਪਸ਼ ਵਧਣ ਨਾਲ ਹੋ ਰਹੀਆਂ ਮੌਸਮੀ ਤਬਦੀਲੀਆਂ ਦੇ ਪ੍ਰਤੀਕੂਲ ਪ੍ਰਭਾਵ ਪਿਛਲੇ ਸਾਲਾਂ ਦੌਰਾਨ ਫ਼ਸਲਾਂ ਦੀ ਕਾਸ਼ਤ ਉੱਪਰ ਪ੍ਰਤੱਖ ਰੂਪ ਵਿੱਚ ਦੇਖਣ ਨੂੰ ਮਿਲ ਰਹੇ ਹਨ, ਜਿਸ ਦੇ ਨਤੀਜੇ ਵਜੋਂ ਬੇਮੌਸਮੀ ਬਰਸਾਤਾਂ ਨਾਲ ਅਚਨਚੇਤ ਹੜ੍ਹ ਆ ਰਹੇ ਹਨ ਅਤੇ ਦਿਨ ਦਾ ਤਾਪਮਾਨ ਵਧਣ ਕਾਰਨ ਸੋਕੇ ਵਰਗੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀ ਮਾਹਿਰਾਂ ਅਨੁਸਾਰ ਮੌਸਮੀ ਤਬਦੀਲੀਆਂ ਕਾਰਨ ਫ਼ਸਲਾਂ ਨੂੰ ਲੱਗਣ ਵਾਲੇ ਕੀੜਿਆਂ ਮਕੌੜਿਆਂ ਅਤੇ ਬਿਮਾਰੀਆਂ ਵਿੱਚ ਬਦਲਾਅ ਵੀ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਖੇਤੀਬਾੜੀ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਵਾਤਾਵਰਣ ਪੱਖੀ ਖੇਤੀ ਤਕਨੀਕਾਂ ਨੂੰ ਤਰਜੀਹ ਦੇਣੀ ਪਵੇਗੀ। ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਣਕ ਦੇ ਨਾੜ ਨੂੰ ਅੱਗ ਬਿਲਕੁਲ ਨਾ ਲਗਾਉਣ ਤਾਂ ਜੋ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕਣਕ ਦੇ ਨਾੜ ਦਾ ਵਿਗਿਆਨਿਕ ਢੰਗ ਨਾਲ ਨਿਪਟਾਰਾ ਕਰਨ ਲਈ ਕਿਸਾਨ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਨਾਲ ਸੰਪਰਕ ਕਰ ਸਕਦੇ ਹਨ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹੇ ਵਿੱਚ 20 ਬਲਾਕ ਨੋਡਲ ਅਫ਼ਸਰ, 74 ਕਲੱਸਟਰ ਕੋਆਰਡੀਨੇਟਰ ਅਤੇ 285 ਪਿੰਡ ਨੋਡਲ ਅਫ਼ਸਰ ਲਗਾਏ ਗਏ ਹਨ। ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਗਿਆ ਹੈ ਜਿਸ ਦਾ ਟੋਲ ਫ਼ਰੀ ਨੰਬਰ ਦਾ ਨੰਬਰ 18001801852 ਹੈ। ਉਨ੍ਹਾਂ ਦੱਸਿਆ ਕਿ ਨੋਡਲ ਅਫ਼ਸਰਾਂ ਵੱਲੋਂ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪਿੰਡ-ਪਿੰਡ ਜਾ ਕੇ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਲਈ ਪ੍ਰਚਾਰ ਕੀਤਾ ਜਾ ਰਿਹਾ ਹੈ, ਹਰੇਕ ਪਿੰਡ ਵਿੱਚ ਗੁਰਦੁਆਰਿਆਂ ਅਤੇ ਮੰਦਰਾਂ ਰਾਹੀਂ ਅਨਾਊਂਸਮੈਂਟ ਕਰਵਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਖੇਤਾਂ ਵਿੱਚ ਲੱਗੀ ਅੱਗ ਨੂੰ ਬਝਾਉਣ ਲਈ ਜ਼ਿਲ੍ਹੇ ਵਿੱਚ ਫਾਇਰ ਬ੍ਰਿਗੇਡ ਦੀਆਂ ਟੀਮਾਂ ਵੀ ਤਾਇਨਾਤ ਕੀਤੀਆਂ ਗਈ ਹਨ ਜੋ ਖੇਤਾਂ ਵਿੱਚ ਅੱਗ ਬੁਝਾਉਣ ਦਾ ਕੰਮ ਕਰ ਰਹੀਆਂ ਹਨ।



# ਜਨਮ ਦਿਨ ਮੁਬਾਰਕ

**ਮਨਦੀਪ ਕੌਰ ਪੁੱਤਰੀ ਸ. ਜਗਸੀਰ ਸਿੰਘ ਪਿੰਡ ਬੁਰਜ ਸੇਮਾ ਨੂੰ ਅਦਾਰਾ ਆਵਾਜਿ ਕੌਮ ਵਲੋਂ ਜਨਮ ਦਿਨ ਦੀਆਂ ਲੱਖ - ਲੱਖ ਵਧਾਈਆਂ।**

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਵੱਲੋਂ ਅੱਠਵੇਂ ਦਿਨ ਦੇ

# ਸ਼ਹੀਦੀ ਦੀਵਾਨ ਪਿੰਡ ਬਾਬੋਵਾਲ ਵਿਖੇ ਸਜੇ



**ਚੌਕ ਮਹਿਤਾ,09 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮਹਿਤਾ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ 6 ਜੂਨ ਨੂੰ ਟਕਸਾਲ ਹੈੱਡ ਕੁਆਟਰ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਈ ਜਾ ਰਹੀ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦੀ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਦੇ ਚੱਲਦਿਆਂ 1 ਮਈ ਤੋਂ ਵੱਖ ਵੱਖ ਨਗਰਾਂ 'ਚ ਆਰੰਭ ਕੀਤੇ ਗਏ ਸ਼ਬਦ ਕੀਰਤਨ ਤੇ ਕਥਾ ਸਮਾਗਮ ਦੀ ਲੜੀ ਤਹਿਤ ਬੀਤੀਂ ਸ਼ਾਮ ਨੂੰ 8ਵਾਂ ਸ਼ਹੀਦੀ ਦੀਵਾਨ ਪਿੰਡ ਬਾਬੋਵਾਲ ਵਿਖੇ ਸਜਾਇਆ ਗਿਆ।

ਸਮਾਗਮ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਥਾ ਵਿਚਾਰ ਕਰਦਿਆਂ ਸੂਰਜ ਪ੍ਰਕਾਸ਼ ਗਰੰਥ 'ਚੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜਵਿਨ ਨਾਲ ਸਬੰਧਤ ਪ੍ਰਸੰਗ ਸੰਗਤਾਂ ਨੂੰ ਸਰਵਣ ਕਰਾਇਆ।ਇਸ ਮੌਕੇ ਦਮਦਮੀ ਟਕਸਾਲ ਦੇ ਵਿਦਿਆਰਥੀ ਭਾਈ ਸਿਮਰਨਜੀਤ ਸਿੰਘ ਤੇ ਭਾਈ ਲਵਜੀਤ ਸਿੰਘ ਦੇ ਰਾਗੀ ਜਥੇ ਵੱਲੋਂ ਸ਼ਬਦ ਕੀਰਤਨ ਕੀਤਾ ਗਿਆ,ਜਦਕਿ ਮੰਚ ਸੰਚਾਲਨ ਦੀ ਸੇਵਾ ਪ੍ਰਿੰ.ਗੁਰਦੀਪ ਸਿੰਘ ਰੰਧਾਵਾ ਤੇ ਪੋਥੀ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਵੱਲੋਂ ਨਿਭਾਈ ਗਈ।

ਸਮਾਗਮ 'ਚ ਜਥੇ.ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ ਸ੍ਰੀ ਆਨੰਦਪੁਰ ਸਾਹਿਬ ਵਾਲੇ, ਜਥੇਦਾਰ ਬਾਬਾ ਬੋਹੜ ਸਿੰਘ,ਸੈਕਟਰੀ ਰਛਪਾਲ ਸਿੰਘ,ਭਾਈ ਪਰਮਜੀਤ ਸਿੰਘ ਮਿਸਤਰੀ,ਕੇਵਲ ਸਿੰਘ,ਹੌਲਦਾਰ ਮਲੂਕ ਸਿੰਘ,ਕੈ.ਸੁਖਵੰਤ ਸਿੰਘ,ਗੁਰਮੀਤ ਸਿੰਘ,ਸੁਰਜੀਤ ਸਿੰਘ,ਸਰਵਨ ਸਿੰਘ ਨੰਬਰਦਾਰ,ਸਮਸ਼ੇਰ ਸਿੰਘ ਸ਼ੇਰਾ,ਹਰਭਜਨ ਸਿੰਘ,ਧੀਰ ਸਿੰਘ,ਸੂਬਾ ਸਿੰਘ,ਭਿੰਦਰ ਸਿੰਘ ਭਿੰਦੂ,ਕੁਲਵਿੰਦਰ ਸਿੰਘ,ਏ.ਐੱਸ.ਆਈ.ਬਲਵਿੰਦਰ ਸਿੰਘ,ਸਵਿੰਦਰ ਸਿੰਘ ਬਾਸਰਪੁਰ,ਡਾ.ਅਵਤਾਰ ਸਿੰਘ ਬੁੱਟਰ ਤੇ ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

### ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਨੇ ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ

# ਵਿਸ਼ਵ ਰੈੱਡ ਕਰਾਸ ਦਿਵਸ ਮੌਕੇ ਮੁ.ਫਤ ਮੈਡੀਕਲ ਕੈਂਪ ਲਗਾਇਆ

**ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ 8 ਮਈ ਕੁਲਜੀਤ ਸਿੰਘ ਖੋਖਰ** - ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ,ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਵੱਲੋਂ ਅੱਜ ਵਿਸ਼ਵ ਰੈੱਡ ਕਰਾਸ ਦਿਵਸ ਮਨਾਇਆ ਗਿਆ। ਇਸ ਮੌਕੇ ਸੋਸਾਇਟੀ ਵੱਲੋਂ ਸ੍ਰੀ ਗੁਰੂ ਤੇਗ.ਬਹਾਦਰ ਕਲੀਨਿਕ, ਬਰਿਆਰ ਵਿਚ ਚਲਾਈ ਜਾ ਰਹੀ ਕਲੀਨਿਕ ਵਿਚ ਦਿਓਲ ਮੈਲਟੀਸਪੈਸਲਟੀ ਹਸਪਤਾਲ, ਕਲਾਨੌਰ ਰੋਡ, ਗੁਰਦਾਸਪੁਰ ਦੇ ਸਹਿਯੋਗ ਨਾਲ ਇੱਕ ਮੁ.ਫਤ ਮੈਡੀਕਲ ਕੈਂਪ ਲਗਾਇਆ ਗਿਆ। ਸ੍ਰੀ ਰਾਜੀਵ ਸਿੰਘ, ਸਕੱਤਰ ਰੈੱਡ ਕਰਾਸ ਸੋਸਾਇਟੀ, ਗੁਰਦਾਸਪੁਰ ਵੱਲੋਂ ਦੱਸਿਆ ਗਿਆ ਕਿ ਇਸ ਕੈਂਪ ਵਿਚ 80 ਦੇ ਕਰੀਬ ਜਨਾਨਾ ਰੋਗ, ਹੱਡੀਆਂ ਦੇ ਰੋਗ ਅਤੇ ਹੋਰ ਬਿਮਾਰੀਆਂ ਤੋਂ ਪੀੜਤ ਵਿਅਕਤੀਆਂ ਦਾ ਚੈੱਕਅਪ ਕਰਨ ਦੇ ਨਾਲ-ਨਾਲ ਮੁ.ਫਤ ਵਿੱਚ ਸ਼ੂਗਰ ਦਾ ਚੈੱਕਅਪ ਅਤੇ ਏ.ਸੀ.ਜੀ ਵੀ ਕੀਤੀ ਗਈ। ਇਹਨਾਂ ਵਿਅਕਤੀਆਂ ਨੂੰ ਚੈੱਕਅਪ ਕਰਨ ਤੋਂ ਬਾਅਦ ਮੌਕੇ ਤੇ ਮੁ.ਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਤੇ ਦਿਓਲ ਹਸਪਤਾਲ ਦੇ ਐਮ.ਡੀ ਸ੍ਰੀ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਦੇ ਨਾਲ ਮਿਲਕੇ ਭਵਿੱਖ ਵਿੱਚ ਇਸ ਤਰਾਂ ਦੇ ਲੋਕ ਭਲਾਈ ਨਾਲ ਸਬੰਧਿਤ ਕੈਂਪ ਲਗਾਏ ਜਾਣਗੇ।




ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ, ਗੁਰਦਾਸਪੁਰ ਨੂੰ ਇਹ ਬਿਲਡਿੰਗ ਸ੍ਰੀ ਇੰਦਰਜੀਤ ਸਿੰਘ ਬੈਂਸ ਵੱਲੋਂ ਲੋਕ ਭਲਾਈ ਦੇ ਕੰਮਾਂ ਲਈ ਦਾਨ ਦੇ ਰੂਪ ਵਿਚ ਦਿੱਤੀ ਗਈ ਹੈ ਅਤੇ ਉਨ੍ਹਾਂ ਦੀ ਇੱਛਾ ਮੁਤਾਬਿਕ ਇਸ ਸੋਸਾਇਟੀ ਵੱਲੋਂ ਇਸ ਬਿਲਡਿੰਗ ਵਿਚ ਗ.ਰੀਬ ਅਤੇ ਜ਼ਰੂਰਤਮੰਦ ਵਿਅਕਤੀਆਂ ਲਈ ਮੁ.ਫਤ ਕਲੀਨਿਕ ਖੋਲੀ ਗਈ ਹੈ। ਇਸ ਮੌਕੇ ਤੇ ਰੈੱਡ ਕਰਾਸ ਸੋਸਾਇਟੀ ਦੇ ਕਾਰਜਕਾਰੀ ਮੈਂਬਰ ਡਾ ਸੁਰਿੰਦਰ ਕੋਰ ਪੰਨੂ, ਸ੍ਰੀ ਓਮ ਪ੍ਰਕਾਸ਼ ਸ਼ਰਮਾ, ਸ੍ਰੀ ਇੰਦਰਜੀਤ ਸਿੰਘ ਬਾਜਵਾ ਤੋਂ ਇਲਾਵਾ ਦਿਓਲ ਹਸਪਤਾਲ ਦੀ ਤਰਫ਼ੋਂ ਮੈਡੀਕਲ ਟੀਮ ਵਿਚ ਡਾ ਕਮਲਦੀਪ, ਡਾ ਨਵਦੀਪ ਕੋਰ, ਡਾ ਅੰਕੁਸ਼ ਸ੍ਰੀ ਸਰਵਨ ਸਿੰਘ, ਸ੍ਰੀ ਮਨਦੀਪ ਸਹੋਤਾ, ਪੀ.ਆਰ.ਓ ਅਤੇ ਮੈਡੀਕਲ ਸਟਾਫ਼ ਵੀ ਮੌਜੂਦ ਸੀ।

# ਗੁਰਦੁਆਰਾ ਜਾਮਨੀ ਸਾਹਿਬ ਵਿਖੇ ਮੱਸਿਆ ਦੇ ਦਿਹਾੜੇ ਤੇ ਲਾਇਆ ਡੈਂਟਲ ਕਾਲਜ

ਫ਼ਿਰੋਜ਼ਪੁਰ, 9 ਮਈ (ਮਨੋਹਰ ਲਾਲ):— ਮੋਗਾ ਰੋਡ 'ਤੇ ਸਥਿਤ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਪਿੰਡ ਬਜੀਦਪੁਰ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਅਮਾਵਸ ਦੇ ਮੌਕੇ 'ਤੇ ਦੰਦਾਂ ਦਾ ਮੁ.ਫਤ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਵਿੱਚ ਜੈਨੇਸਿਸ ਡੈਂਟਲ ਕਾਲਜ ਤੋਂ ਬੀ.ਡੀ.ਐਸ ਡਾਕਟਰਾਂ ਡਾ: ਸੁਕੀਰਤ ਕੌਰ, ਡਾ: ਕਦਰ, ਡਾ: ਪਰਬਰਾ ਅਤੇ ਡਾ: ਸਮਰਿਤੀ ਨੇ 100 ਤੋਂ ਵੱਧ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਇਸ ਮੌਕੇ ਡਾ: ਸੁਕੀਰਤ ਕੌਰ, ਡਾ: ਕਦਰ, ਡਾ: ਪਾਰਬ੍ਰਹਮ ਅਤੇ ਡਾ: ਸਮ੍ਰਿਤੀ ਨੇ ਦੱਸਿਆ ਕਿ ਇਸ ਕੈਂਪ ਵਿਚ ਜ਼ਿਆਦਾਤਰ ਮਰੀਜ਼ ਦੰਦਾਂ ਦੇ ਸੜਨ ਅਤੇ ਦੰਦਾਂ ਦੀ ਸਮੱਸਿਆ ਤੋਂ ਪੀੜਤ ਪਾਏ ਗਏ। ਇਸ ਲਈ ਡਾ: ਸੁਕੀਰਤ ਕੌਰ, ਡਾ: ਕਦਰ, ਡਾ: ਪਾਰਬ੍ਰਹ ਅਤੇ ਡਾ: ਸਮ੍ਰਿਤੀ ਨੇ ਮਰੀਜ਼ਾਂ ਨੂੰ ਦੰਦਾਂ ਦੀ ਦੇਖਭਾਲ ਲਈ ਸੁਝਾਅ ਦਿੱਤੇ ਅਤੇ ਦਿਨ ਵਿਚ ਦੋ ਵਾਰ ਬੁਰਸ਼ ਕਰਨ ਦੀ ਸਲਾਹ ਦਿੱਤੀ। ਅੰਤ ਵਿੱਚ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਧਾਲੀਵਾਲ ਨੇ ਮਰੀਜ਼ਾਂ ਨੂੰ ਮੁ.ਫਤ ਦਵਾਈਆਂ ਵੰਡੀਆਂ।



# ਨਾਮਜ਼ਦਗੀਆਂ ਦੇ ਪਹਿਲੇ ਦਿਨ ਇੱਕ ਅਜ਼ਾਦ ਉਮੀਦਵਾਰ ਨੇ ਆਪਣੇ ਪੇਪਰ ਦਾਖਲ ਕੀਤੇ



**ਗੁਰਦਾਸਪੁਰ, ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 7 ਮਈ (ਕੁਲਜੀਤ ਸਿੰਘ ਖੋਖਰ)** -ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਅੱਜ ਨਾਮਜ਼ਦਗੀਆਂ ਭਰਨ ਦੇ ਪਹਿਲੇ ਦਿਨ ਲੋਕ ਸਭਾ ਹਲਕਾ 01-ਗੁਰਦਾਸਪੁਰ ਤੋਂ ਅਜ਼ਾਦ ਉਮੀਦਵਾਰ ਨੇ ਆਪਣੇ ਨਾਮਜ਼ਦਗੀ ਪੇਪਰ ਦਾਖਲ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਿਟਰਨਿੰਗ ਅਫ਼ਸਰ ਲੋਕ ਸਭਾ ਹਲਕਾ 01-ਗੁਰਦਾਸਪੁਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਅੱਜ ਨਾਮਜ਼ਦਗੀਆਂ ਦੇ ਪਹਿਲੇ ਦਿਨ ਅਜ਼ਾਦ ਉਮੀਦਵਾਰ ਸ੍ਰੀ ਤਰਸੇਮ ਮਸੀਹ ਪੁੱਤਰ ਪਿਆਰਾ ਮਸੀਹ ਵੱਲੋਂ ਲੋਕ ਸਭਾ ਹਲਕਾ ਗੁਰਦਾਸਪੁਰ ਲਈ ਆਪਣੇ ਨਾਮਜ਼ਦਗੀ ਪੇਪਰ ਦਾਖ਼ਲ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਲੋਕ ਸਭਾ ਹਲਕਾ 01-ਗੁਰਦਾਸਪੁਰ ਲਈ ਨਾਮਜ਼ਦਗੀ ਪੱਤਰ ਰਿਟਰਨਿੰਗ ਅਫ਼ਸਰ, 01 ਗੁਰਦਾਸਪੁਰ ਲੋਕ ਸਭਾ ਹਲਕਾ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਜਾਂ ਸ੍ਰੀ ਕਰਮਜੀਤ ਸਿੰਘ, ਪੀ.ਸੀ.ਐੱਸ., ਉਪ ਮੰਡਲ ਮੈਜਿਸਟ੍ਰੇਟ ਗੁਰਦਾਸਪੁਰ-ਕਮ-ਸਹਾਇਕ ਰਿਟਰਨਿੰਗ ਅਫ਼ਸਰ ਕੋਲ ਉਮੀਦਵਾਰ ਜਾਂ ਉਸ ਦੇ ਕਿਸੇ ਤਜਵੀਜ਼ਕਾਰ ਦੁਆਰਾ ਅਦਾਲਤ ਡਿਪਟੀ ਕਮਿਸ਼ਨਰ-ਕਮ-ਰਿਟਰਨਿੰਗ ਅਫ਼ਸਰ, ਗੁਰਦਾਸਪੁਰ ਦੇ ਕਮਰਾ ਨੰਬਰ 213, ਪਹਿਲੀ ਮੰਜ਼ਿਲ, ਬਲਾਕ ਬੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਵਿਖੇ 8, 9, 10, 13 ਅਤੇ 14 ਮਈ 2024 ਨੂੰ ਸਵੇਰੇ 11:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਦਰਮਿਆਨ ਦਾਖ਼ਲ ਕਰਵਾਏ ਜਾ ਸਕਦੇ ਹਨ। ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਨਾਮਜ਼ਦਗੀਆਂ ਦੀ ਪੜਤਾਲ 15 ਮਈ (ਬੁੱਧਵਾਰ) ਨੂੰ ਹੋਵੇਗੀ। ਉਮੀਦਵਾਰ 17 ਮਈ, 2024 (ਸ਼ੁੱਕਰਵਾਰ) ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਹਨ।

# ਰਾਜਪੁਰਾ ਵਿਖੇ ਕਿਸਾਨ ਸੁਰਿੰਦਰਪਾਲ ਸਿੰਘ ਦੀ ਹੋਈ ਮੌਤ ਲਈ ਮੋਦੀ ਤੇ ਪੰਜਾਬ ਸਰਕਾਰ ਜਿੰਮੇਵਾਰ : ਮਾਨ

ਫ਼ਤਹਿਗੜ੍ਹ ਸਾਹਿਬ, 9 ਮਈ (ਮਨਪ੍ਰੀਤ ਸਿੰਘ ਖਾਲਸਾ):- "ਜੋ ਕਿਸਾਨ ਵਰਗ ਅੱਤ ਦੀ ਗਰਮੀ-ਸਰਦੀ, ਤੂਫਾਨ, ਝੱਖੜ, ਮੀਹ-ਹਨ੍ਹੇਰੀ ਅਤੇ ਕਾਲੀਆ ਰਾਤਾਂ ਵਿਚ ਆਪਣੀ ਫਸਲ ਨੂੰ ਪਾਲਣ ਲਈ ਮਿਹਨਤ ਕਰਕੇ ਸਮੁੱਚੇ ਮੁਲਕ ਦਾ ਢਿੱਡ ਭਰਦਾ ਹੈ, ਉਸ ਕਿਸਾਨ ਵਰਗ ਵੱਲੋਂ ਆਪਣੀਆ ਫਸਲਾਂ ਦੀ ਸਹੀ ਕੀਮਤ ਪ੍ਰਾਪਤ ਕਰਨ, ਇਨ੍ਹਾਂ ਦੀ ਸਹੀ ਸਮੇ ਤੇ ਖਰੀਦ-ਵੇਚ ਕਰਨ, ਉਨ੍ਹਾਂ ਦੀ ਬੀਮਾ ਸਕੀਮ ਲਾਗੂ ਕਰਵਾਉਣ ਅਤੇ ਸੁਆਮੀਨਾਥਨ ਰਿਪੋਰਟ ਲਾਗੂ ਕਰਵਾਉਣ ਹਿੱਤ ਜੇਕਰ ਅੱਜ ਸਾਲ ਡੇਢ ਸਾਲ ਸੜਕਾਂ ਤੇ ਬੈਠਕੇ ਸੰਘਰਸ਼ ਕਰਨਾ ਪੈ ਰਿਹਾ ਹੈ ਤਾਂ ਇਹ ਸੈਂਟਰ ਦੀ ਮੌਜੂਦਾ ਬੀਜੇਪੀ ਦੀ ਮੋਦੀ ਹਕੂਮਤ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਜਿੰਮੇਵਾਰ ਹਨ । ਜਿਨ੍ਹਾਂ ਨੇ ਕਿਸਾਨ ਵਰਗ ਨੂੰ ਬਿਨ੍ਹਾਂ ਵਜਹ ਵੱਡੇ ਇਮਤਿਹਾਨ ਵਿਚ ਪਾਇਆ ਹੋਇਆ ਹੈ । ਜੋ ਬੀਤੇ ਕੁਝ ਦਿਨ ਪਹਿਲੇ ਕਿਸਾਨ ਸੁਰਿੰਦਰਪਾਲ ਸਿੰਘ ਦੀ ਪੁਲਿਸ ਧੱਕਾਮੁੱਕੀ ਵਿਚ ਮੌਤ ਹੋਈ ਹੈ ।ਇਸ ਲਈ ਵੀ ਇਹ ਦੋਵੇ ਸਰਕਾਰਾਂ ਸਿੱਧੇ ਤੌਰ ਤੇ ਜਿੰਮੇਵਾਰ ਹਨ । ਜੋ ਕਿਸਾਨ ਵਰਗ ਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਕਾਤਲ ਹਨ । ਜੋ ਸਰਕਾਰਾਂ ਮੁਲਕ ਦਾ ਢਿੱਡ ਭਰਨ ਵਾਲੇ ਵਰਗ ਨਾਲ ਹੀ ਹਰ ਪਲ ਹਰ ਖੇਤਰ ਵਿਚ ਵਧੀਕੀਆ ਤੇ ਜ਼ਬਰ ਕਰ ਰਹੀ ਹੈ, ਉਸਨੂੰ ਕੋਈ ਇਖਲਾਕੀ ਤੇ ਸਮਾਜਿਕ ਹੱਕ ਨਹੀ ਕਿ ਉਹ ਆਪਣੀ ਸਿਆਸੀ ਤਾਕਤ ਦੀ ਦੁਰਵਰਤੋ ਕਰਕੇ ਇਸ ਵਰਗ ਨਾਲ ਜ਼ਬਰ ਕਰੇ ਅਤੇ ਅੱਤ ਦੀ ਗਰਮੀ-ਸਰਦੀ ਵਿਚ ਇਨ੍ਹਾਂ ਪਰਿਵਾਰਾਂ ਨੂੰ ਸੰਘਰਸ ਕਰਨ ਲਈ ਮਜਬੂਰ ਕਰੇ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੈਟਰ ਦੀ ਮੌਜੂਦਾ ਮੋਦੀ ਹਕੂਮਤ ਤੇ ਪੰਜਾਬ ਦੀ ਭਗਵੰਤ ਮਾਨ ਹਕੂਮਤ ਨੂੰ ਕਿਸਾਨ ਵਰਗ ਨਾਲ ਕੀਤੀਆ ਜਾ ਰਹੀਆ ਘੋਰ ਜਿਆਦਤੀਆਂ ਅਤੇ ਹੁਣ ਤੱਕ ਸੁਰਿੰਦਰਪਾਲ ਸਿੰਘ ਅਤੇ ਹੋਰ 700 ਦੇ ਕਰੀਬ ਕਿਸਾਨਾਂ ਦੀ ਹੋਈ ਅਜਾਈ ਮੌਤ ਲਈ ਇਨ੍ਹਾਂ ਦੋਵਾਂ ਸਰਕਾਰਾਂ ਨੂੰ ਸਿੱਧੇ ਤੌਰ ਤੇ ਦੋਸ਼ੀ ਠਹਿਰਾਉਦੇ ਹੋਏ ਅਤੇ ਸੁਰਿੰਦਰਪਾਲ ਸਿੰਘ ਦੇ ਕਾਤਲਾਂ ਤੇ ਫੌਰੀ ਕੇਸ ਦਰਜ ਕਰਕੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਬੇਸੱਕ ਮੁਲਕ ਇਸ ਸਮੇ ਲੋਕ ਸਭਾ ਚੋਣਾਂ ਵਿਚ ਮਸਰੂਫ ਹੈ । ਪਰ ਜਿਸ ਸਰਕਾਰ ਵੱਲੋ ਆਪਣੇ ਨਾਗਰਿਕਾਂ ਦੇ ਜੀਵਨ ਦੀ ਸੁਰੱਖਿਆ, ਰੁਜਗਾਰ ਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਸਹੀ ਰੱਖਣ ਹਿੱਤ ਬਣਦੀਆਂ ਜਿੰਮੇਵਾਰੀਆ ਨਹੀ ਨਿਭਾਈਆ ਜਾ ਰਹੀਆ ਬਲਕਿ ਉਨ੍ਹਾਂ ਨੂੰ ਇਨਸਾਫ ਦੇਣ ਦੀ ਬਜਾਇ ਉਨ੍ਹਾਂ ਉਤੇ ਜ਼ਬਰ ਕਰਕੇ ਮੌਤ ਦੇ ਮੂੰਹ ਵਿਚ ਧਕੇਲਿਆ ਜਾ ਰਿਹਾ ਹੈ । ਅਜਿਹੀਆ ਸਰਕਾਰਾਂ ਨੂੰ ਕੋਈ ਵਿਧਾਨਿਕ, ਇਖਲਾਕੀ ਹੱਕ ਨਹੀ ਕਿ ਉਹ ਆਪਣੀ ਤਾਕਤ ਤੇ ਗੈਰ ਵਿਧਾਨਿਕ ਢੰਗਾਂ ਦੀ ਵਰਤੋ ਕਰਕੇ, ਨਿਰਪੱਖਤਾ ਨਾਲ ਚੋਣਾਂ ਨਾ ਕਰਵਾਕੇ ਜ਼ਬਰੀ ਆਪਣੇ ਨਿਵਾਸੀਆ ਉਤੇ ਰਾਜ ਕਰੇ ਅਤੇ ਉਨ੍ਹਾਂ ਨਾਲ ਵਿਤਕਰੇ, ਬੇਇਨਸਾਫ਼ੀਆਂ ਕਰੇ ।ਉਨ੍ਹਾਂ ਕਿਹਾ ਕਿ ਅਸੀ ਆਪਣੀ ਜਿੰਮੇਵਾਰੀ ਨੂੰ ਮਹਿਸੂਸ ਕਰਦੇ ਹੋਏ ਬਰਸਾਤਾਂ ਸੁਰੂ ਹੋਣ ਤੋ ਪਹਿਲੇ ਪੰਜਾਬ ਸਰਕਾਰ, ਮੁੱਖ ਸਕੱਤਰ ਮਾਲ ਵਿਭਾਗ ਦੇ ਅਧਿਕਾਰੀਆ ਨੂੰ ਇਥੋ ਦੀਆਂ ਨਦੀਆ, ਨਹਿਰਾਂ, ਕੱਸੀਆ, ਚੋਇਆ ਆਦਿ ਦੀ ਸਹੀ ਸਮੇ ਤੇ ਸਫਾਈ ਅਤੇ ਮੁਰੰਮਤ ਕਰਵਾਉਣ ਲਈ ਉਚੇਚੇ ਤੌਰ ਤੇ 2 ਵਾਰੀ ਪੱਤਰ ਲਿਖ ਚੁੱਕੇ ਹਾਂ । ਨਾ ਤਾਂ ਅਧਿਕਾਰੀ ਇਸਦਾ ਕੋਈ ਸਾਨੂੰ ਪਹੁੰਚ ਜੁਆਬ ਦਿੰਦੇ ਹਨ ਅਤੇ ਨਾ ਹੀ ਸੰਬੰਧਤ ਪੱਤਰ ਵਿਸੇ ਉਤੇ ਅਮਲ ਕਰਕੇ ਬਰਸਾਤਾਂ ਤੋ ਹੋਣ ਵਾਲੇ ਜਾਨੀ ਮਾਲੀ ਨੁਕਸਾਨ ਤੋ ਬਚਾਉਣ ਲਈ ਇਥੋ ਦੇ ਨਿਵਾਸੀਆ ਦੀ ਜਿੰਮੇਵਾਰੀ ਨੂੰ ਪੂਰਨ ਕਰ ਰਹੇ ਹਨ । ਇਸੇ ਤਰ੍ਹਾਂ ਕਿਸਾਨ ਵਰਗ ਦੀ ਮਿਹਨਤ ਨਾਲ ਪੈਦਾ ਕੀਤੀ ਗਈ ਕਣਕ ਦੀ ਫਸਲ ਜੋ ਮੰਡੀਆਂ ਵਿਚ ਬੋਰੀਆ ਭਰਨ ਉਪਰੰਤ ਚੱਠੇ ਲਗਾਏ ਗਏ ਹਨ, ਉਨ੍ਹਾਂ ਦੀ ਚਕਾਈ ਨਾ ਹੋਣ ਕਾਰਨ ਕਿਸੇ ਸਮੇ ਵੀ ਬਰਸਾਤ ਆਉਣ ਤੇ ਵੱਡਾ ਮਾਲੀ ਨੁਕਸਾਨ ਹੋ ਸਕਦਾ ਹੈ । ਜਿਸਦਾ ਖਮਿਆਜਾ ਇਥੋ ਦੇ ਨਿਵਾਸੀਆਂ ਅਤੇ ਕਿਸਾਨ ਵਰਗ ਉਤੇ ਹੀ ਆਖਰ ਪੈਦਾ ਹੈ । ਫਿਰ ਇਹ ਕਣਕ ਦੀ ਚਕਾਈ ਕਿਉਂ ਨਹੀਂ ਕਰਵਾਈ ਜਾ ਰਹੀ ? ਇਥੋ ਦੀ ਅਫਸਰਸਾਹੀ ਇਸ ਵਿਸੇ ਉਤੇ ਅਣਗਹਿਲੀ ਕਰਕੇ ਪੰਜਾਬ ਸੂਬੇ, ਪੰਜਾਬੀਆਂ ਅਤੇ ਕਿਸਾਨ ਵਰਗ ਦੀ ਮਾਲੀ ਹਾਲਤ ਨਾਲ ਖਿਲਵਾੜ ਕਰਨ ਤੋ ਬਾਜ ਕਿਉਂ ਨਹੀ ਆ ਰਹੀਆ ? ਫਿਰ ਇਥੋ ਦੀ ਦਿਨ-ਬ-ਦਿਨ ਵੱਧਦੀ ਬੇਰੁਜਗਾਰੀ, ਇਥੋ ਦੇ ਨਿਵਾਸੀਆ ਦੀ ਸਿਹਤ ਸੰਬੰਧੀ ਪ੍ਰਦਾਨ ਕਰਨ ਵਾਲੀਆ ਸਹੂਲਤਾਂ ਅਤੇ ਇਥੋ ਦੇ ਬੱਚਿਆਂ ਨੂੰ ਉੱਚ ਵਿਦਿਆ ਤਾਲੀਮ, ਪੀਣ ਵਾਲਾ ਸਾਫ ਪਾਣੀ ਆਦਿ ਦੀਆਂ ਜਿੰਮੇਵਾਰੀਆ ਤੋ ਕਿਉਂ ਭੱਜ ਰਹੀ ਹੈ ? ਸਰਕਾਰਾਂ ਦੀਆਂ ਅਣਗਹਿਲੀਆ ਦੀ ਬਦੌਲਤ ਪੰਜਾਬ ਸੂਬੇ ਦੇ ਹਾਲਾਤ ਅਤਿ ਵਿਸਫੋਟਕ ਬਣਦੇ ਜਾ ਰਹੇ ਹਨ । ਇਸ ਉਤੇ ਇਹ ਰਿਸਵਤਖੋਰ ਤੇ ਘਪਲੇ ਕਰਨ ਵਾਲੀਆ ਸਰਕਾਰਾਂ ਇਹ ਮਸਲੇ ਹੱਲ ਨਹੀ ਕਰ ਸਕਦੀਆ । ਇਸ ਲਈ ਸਮੁੱਚੇ ਪੰਜਾਬੀਆਂ ਅਤੇ ਸਿੱਖ ਕੌਮ ਨੂੰ ਮੇਰੀ ਹਾਰਦਿਕ ਅਪੀਲ ਹੈ ਕਿ ਇਸ ਸੰਜੀਦਾ ਮਸਲੇ ਦੇ ਸਹੀ ਹੱਲ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋ 13 ਲੋਕ ਸਭਾ ਹਲਕਿਆ, ਯੂ.ਟੀ. ਚੰਡੀਗੜ੍ਹ, ਹਰਿਆਣਾ, ਜੰਮੂ ਕਸਮੀਰ ਵਿਖੇ ਖੜ੍ਹੇ ਕੀਤੇ ਉਮੀਦਵਾਰਾਂ ਨੂੰ ਸਾਨ ਨਾਲ ਜਿਤਾਕੇ ਆਪਣੇ ਸੂਬੇ ਤੇ ਨਿਵਾਸੀਆ ਪ੍ਰਤੀ ਫਰਜਾ ਦੀ ਪੂਰਤੀ ਕੀਤੀ ਜਾਵੇ ਤਾਂ ਕਿ ਕਿਸਾਨ ਵਰਗ ਤੇ ਇਥੋ ਦੇ ਨਿਵਾਸੀਆ ਨਾਲ ਹੋ ਰਹੇ ਜ਼ਬਰ ਤੇ ਬੇਇਨਸਾਫ਼ੀਆਂ ਨੂੰ ਆਪਾ ਸਭ ਰਲ ਮਿਲਕੇ ਹੱਲ ਕਰ ਸਕੀਏ।




ਮਹਾਨ ਜਰਨੈਲ ਬਾਬਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ
੩੦੦ ਸਾਲਾਂ ਜਨਮ ਸ਼ਤਾਬਦੀ ਦੇ ਸਮਾਪਨ ਦੇ ਮੌਕੇ ਤੇ
ਸ਼ੋਮਣੀ ਪੰਥ ਅਕਾਲੀ ਬੁੱਢਾ ਦਲ ਅਤੇ ਸਮੂਹ ਦਲ ਪੰਥ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਅਤੇ ਚੜਦੀ ਕਲਾ ਟਾਈਮ ਟੀਵੀ ਦੇ ਸਹਿਯੋਗ ਨਾਲ
ਕਾਰ ਸੇਵਾ ਗੁਰਦੁਆਰਾ ਚਿੱਲ੍ਹਾ ਸਾਹਿਬ ਸਿਰਸਾ
ਬਾਬਾ ਜੱਸਾ ਸਿੰਘ ਰਾਮਗੜ੍ਹਿਆ ਜਨਮ ਸ਼ਤਾਬਦੀ ਕਮੇਟੀ
ਇੰਟਰਨੈਸ਼ਨਲ ਸਿੱਖ ਫੋਰਮ
ਸ਼ੋਮਣੀ ਗਤਕਾ ਫੈਡਰੇਸ਼ਨ ਆਫ ਇੰਡੀਆ
ਵਲੋਂ
SGFI
ਆਵਾਜ਼ਿ ਕੌਮ AWAZE QAUM International Newspaper & WEB TV
ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ
ਸਿੰਘ ਸਾਹਿਬ ਗਿ: ਹਰਪ੍ਰੀਤ ਸਿੰਘ ਜੀ ਜੱਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
ਮਹਾਨ ਸ਼ਤਾਬਦੀ ਗੁਰਮਤਿ ਸਮਾਗਮ
ਸਥਾਨ : ਗੁਰਦੁਆਰਾ ਚਿੱਲ੍ਹਾ ਸਾਹਿਬ, ਸਿਰਸਾ
ਮਿਤਿ : 12 ਮਈ 2024 ਦਿਨ : ਐਤਵਾਰ, ਸਮਾਂ ਸਵੇਰੇ 9:00 ਵਜੇ ਤੋਂ ਦੁਪਿਹਰ 3:00 ਵਜੇ ਤੱਕ
ਸਿੰਘ ਸਾਹਿਬ ਬਾਬਾ ਮਾਨ ਸਿੰਘ ਜੀ ਮੜ੍ਹੀਆਂ ਵਾਲੇ
ਜਥੇਦਾਰ ਬਾਬਾ ਜਗਤਾਰ ਸਿੰਘ ਜੀ (ਗੁਰਦੁਆਰਾ ਚਿੱਲ੍ਹਾ ਸਾਹਿਬ)
ਸਮਾਗਮ ਦੌਰਾਨ ਇਤਿਹਾਸਿਕ ਸ਼ਸਤਰਾਂ ਦੇ ਦਰਸ਼ਨ ਬੁੱਢਾ ਦਲ ਵਲੋਂ ਕਰਵਾਏ ਜਾਣਗੇ
ਪਹੁੰਚ ਰਹੇ ਸੰਤ ਮਹਾਪੁਰਸ਼, ਰਾਗੀ, ਢਾਡੀ, ਪ੍ਰਚਾਰਕ ਅਤੇ ਪੰਥਕ ਸ਼ਖਸ਼ੀਅਤਾਂ
ਜ: ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਗੁ: ਪ੍ਰ: ਕਮੇਟੀ
ਜ: ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਗੁ: ਪ੍ਰ: ਕਮੇਟੀ
ਸ: ਜਗਜੀਤ ਸਿੰਘ ਦਰਦੀ ਪਦਮ ਸ਼੍ਰੀ ਅਤੇ ਪ੍ਰਧਾਨ ਸਿੱਖ ਫੋਰਮ
ਭਾਈ ਗੁਰਪ੍ਰੀਤ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
ਭਾਈ ਜਸਕਰਨ ਸਿੰਘ ਜੀ ਪੰਥ ਪ੍ਰਸਿੱਧ ਰਾਗੀ ਜੱਥਾ ਪਟਿਆਲਾ ਵਾਲੇ
ਡਾ ਸੁਖਪ੍ਰੀਤ ਸਿੰਘ ਉਦੋਕੇ ਪੰਥ ਪ੍ਰਸਿੱਧ ਹਿਸ਼ਟੋਰਿਅਨ ਅਤੇ ਪ੍ਰਚਾਰਕ
ਭਾਈ ਸੁਖਜੀਤ ਸਿੰਘ ਘਨਇਆ ਪੰਥ ਪ੍ਰਸਿਧ ਕਥਾ ਵਾਚਕ ਬੁੱਢਾ ਦਲ
ਖਾਲਸਾ ਫਤਿਹ ਮਾਰਚ
11 ਸਈ 2024, ਸ਼ਾਮ 3:00 ਵਜੇ
ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਹਿਸਾਰ ਤੋਂ ਸਵੇਰੇ 9 ਵਜੇ ਆਰੰਭ ਹੋ ਕੇ ਢੰਡੂਰ, ਅਗਰੋਹਾ, ਫਤਿਹਾਬਾਦ, ਡਿੰਗ ਹੁੰਦਾ ਹੋਇਆ ਸ਼ਾਮ ੩ ਵਜੇ ਸਿਰਸਾ ਹੁੱਡਾ ਚੋਕ ਪਹੁੰਚ ਕੇ ਵੱਖ ਵੱਖ ਬਾਜਾਰਾਂ ਤੋਂ ਹੁੰਦਾ ਹੋਇਆ ਸ਼ਾਮ 7 ਵਜੇ ਗੁਰਦੁਆਰਾ ਚਿੱਲ੍ਹਾ ਸਾਹਿਬ ਸਮਾਪਤੀ ਹੋਵੇਗੀ
18 ਵੀਂ ਸਦੀ ਦੇ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਤੇ ਆਧਾਰਿਤ ਇਤਿਹਾਸਕ ਲਾਈਟ ਅਤੇ ਸਾਊਂਡ ਨਾਟਕ
ਕੌਮ ਦਾ ਯੋਧਾ
11 ਸਈ 2024, ਸ਼ਾਮ 7:00 ਵਜੇ
11 ਮਈ ਨੂੰ ਨਿਹੰਗ ਸਿੰਘ ਜੱਥੇਬੰਦੀਆਂ ਜੰਗੀ ਘੋੜੇ ਅਤੇ ਊਂਠਾਂ ਸਮੇਤ ਪੂਰੇ ਜਾਹੋ ਜਲਾਲ ਨਾਲ ਖਾਲਸਾ ਫਤਿਹ ਮਾਰਚ ਵਿਚ ਸ਼ਾਮਿਲ ਹੋਣਗੀਆਂ ਅਤੇ
12 ਮਈ ਨੂੰ ਗੁਰਦੁਆਰਾ ਚਿੱਲ੍ਹਾ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ
ਫ੍ਰੀ ਮੈਡਿਕਲ ਕੈਂਪ, ਖੂਨ-ਦਾਨ ਕੈਂਪ ਅਤੇ ਇਤਿਹਾਸਿਕ ਚਿਤਰ ਪ੍ਰਦਰਸ਼ਨੀ ਵੀ ਰਹੇਗੀ
Media Partner
CHARDIKLA TIME TV
ਸੰਪਰਕ: 98964-51113, 94164-13612, 94160-45751, 94160-05797, 81684-29100

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਸੰਤ ਮੋਹਨ ਸਿੰਘ ਮਤਵਾਲਾ ਪਬਲਿਕ ਸਕੂਲ ਤਿਲੋਕੇਵਾਲਾ ਸਿਰਸਾ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੌਰਾ ਕੀਤਾ ਗਿਆ ਸਕੂਲ ਦੇ ਪ੍ਰਿੰਸੀਪਲ ਸ. ਪਰਮਜੀਤ ਸਿੰਘ ਨਾਲ ਸਕੂਲ ਦੇ ਪ੍ਰਬੰਧ ਅਤੇ ਵਿਦਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵਾਸਤੇ ਵਿਚਾਰ ਵਟਾਂਦਰਾ ਕੀਤਾ ਗਿਆ।













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ

## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗੀ

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ। ਇੰਟਰਨੈਸ਼ਨਲ ਪੰਥਕ ਦਲ ਅਤੇ ਅਦਆਰਾ ਆਵਾਜ਼ਿ ਕੌਮ ਵੱਲੋਂ ਮਾਤਾ ਜੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਭਾਈ ਗੁਰਮੀਤ ਸਿੰਘ ਖਨਿਆਣ, ਜੋ ਕਿ ਸਿੱਖ ਸੰਘਰਸ਼ ਦੇ ਪਾਂਧੀ ਹਨ, ਲੰਮੇ ਸਮੇਂ ਤੋਂ ਜਲਾਵਤਨੀ ਹਨ, ਨਾਲ ਡੂੰਘੇ ਦੁੱਖ ਦੇ ਪ੍ਰਗਟਾਵਾ ਕਰਦੇ ਹਾਂ। ਅਕਾਲ ਪੁਰਖ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬੀਬੀ ਸਤਵੰਤ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV



**ਸਵ. ਮਾਤਾ ਸਤਵੰਤ ਕੌਰ ਜੀ**

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਜੀ



--★ ਗੁਰੂ ਪੰਥ ਦਾ ਸੇਵਾਦਾਰ ★--

## ਭਾਈ ਰਘਵੀਰ ਸਿੰਘ ਵਾਲਸਾਲ

ਐਡੀਟਰ-ਇਨ-ਚੀਫ਼

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ

ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ।

# ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਨਮਿਤ ਅੰਤਿਮ ਅਰਦਾਸ ਅੰਤਿਮ ਅਰਦਾਸ ਦਿਨ ਐਤਵਾਰ 12 ਮਈ 2024 ਨੂੰ


## ਪਿੰਡ ਖਾਨਿਆਨ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਵੇਗੀ

ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਸਤਵੰਤ ਕੌਰ ਜੀ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਹਨ। ਅਸੀਂ ਇਸ ਮੌਕੇ ਭਾਈ ਗੁਰਮੀਤ ਸਿੰਘ ਖਨਿਆਣ, ਜੋ ਕਿ ਸਿੱਖ ਸੰਘਰਸ਼ ਦੇ ਪਾਂਧੀ ਹਨ, ਲੰਮੇ ਸਮੇਂ ਤੋਂ ਜਲਾਵਤਨੀ ਹਨ, ਨਾਲ ਡੂੰਘੇ ਦੁੱਖ ਦੇ ਪ੍ਰਗਟਾਵਾ ਕਰਦੇ ਹਾਂ। ਅਕਾਲ ਪੁਰਖ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਪ੍ਰਮਾਤਮਾ ਬੀਬੀ ਸਤਵੰਤ ਕੌਰ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

ਆਵਾਜ਼ਿ ਕੌਮ AWAZE QAUM International Newspaper & WEB TV



ਸਵ. ਮਾਤਾ ਸਤਵੰਤ ਕੌਰ ਜੀ
ਸਿੱਖ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਯੋਧੇ ਭਾਈ ਗੁਰਮੀਤ ਸਿੰਘ ਖਾਨਿਆਨ ਦੇ ਸਤਿਕਾਰਯੋਗ ਮਾਤਾ ਜੀ



--★ ਗੁਰੂ ਪੰਥ ਦਾ ਸੇਵਾਦਾਰ ★--

# ਭਾਈ ਪ੍ਰਗਟ ਸਿੰਘ ਨਿੱਝਰ

(ਰੋਮਾਨੀਆ ਕਾਂਡ)

ਜਰਮਨੀ

ੴ ਸਤਿਗੁਰ ਪ੍ਰਸਾਦਿ ॥

ਜੇਹਾ ਚੀਰੀ ਲਿਖਿਆ, ਤੇਹਾ ਹੁਕਮ ਕਮਾਇ । ਘੱਲੇ ਆਵਹਿ ਨਾਨਕਾ, ਸੱਦੇ ਉਠਿ ਜਾਇ ॥



ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪਰਮ ਸਤਿਕਾਰਯੋਗ ਮਾਤਾ ਜੀ

# ਸਰਦਾਰਨੀ ਸਤਵੰਤ ਕੌਰ

**(ਮਾਤਾ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ
ਭਾਈ ਗੁਰਮੀਤ ਸਿੰਘ ਖਨਿਆਣ ਅਤੇ ਸ: ਅਮਰੀਕ ਸਿੰਘ ਫੋਰਮੈਨ)**

ਮਿਤੀ 7 ਮਈ, 2024 ਨੂੰ ਅਕਾਲ ਪੁਰਖ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ । ਉਨ੍ਹਾਂ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ

**ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ**

# ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ

**ਪਿੰਡ ਖਨਿਆਣ (ਨੇੜੇ ਅਮਲੋਹ) ਜਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ ਵਿਖੇ**

**12 ਮਈ, 2024 (ਦਿਨ ਐਤਵਾਰ) ਪਿੰਡ ਵਾਲੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ ।**

**ਭੋਗ ਦਾ ਸਮਾਂ : ਦੁਪਿ: 12-00 ਵਜੇ ਤੋਂ 2-00 ਵਜੇ ਤੱਕ**

**ਕੀਰਤਨ ਉਪਰੰਤ ਗੁਰੂ ਕਾ ਲੰਗਰ**

ਗੁਰੂ ਦੇ ਭਾਣੇ ਵਿੱਚ

**ਅਮਰੀਕ ਸਿੰਘ ਫੋਰਮੈਨ (ਸਪੁੱਤਰ) ਮੋ: 98154-06876**

**ਭਾਈ ਗੁਰਮੀਤ ਸਿੰਘ ਖਨਿਆਣ (ਸਪੁੱਤਰ)**

ਸਮੂਹ ਪਰਿਵਾਰ, ਖਨਿਆਣ

ਆਵਾਜ਼ਿ ਕੌਮ AWAZE QAUM International Newspaper & WEB TV

|| ੴ ਸਤਿਗੁਰ ਪ੍ਰਸਾਦਿ ||

|| ਸੇਵਕ ਕੀ ਓੜਕਿ ਨਿਬਹੀ ਪ੍ਰੀਤ ||

||ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ ||

ਖਾਲਸਾ ਰਾਜ ਲਈ ਜੂਝ ਰਹੇ ਜਲਾਵਤਨੀ ਤੇ ਸਿਖ ਫੈਡਰੇਸ਼ਨ
ਜਰਮਨ ਦੇ ਆਗੂ ਭਾਈ ਗੁਰਮੀਤ ਸਿੰਘ ਖਨਿਆਣ ਦੇ

ਸਤਿਕਾਰਯੋਗ ਮਾਤਾ ਜੀ



**ਸਰਦਾਰਨੀ ਸਤਵੰਤ ਕੌਰ**

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ 7 ਮਈ 2024 ਨੂੰ ਗੁਰੂ ਚਰਨਾਂ ਵਿਚ
ਜਾ ਬਿਰਾਜੇ ਹਨ|ਓਹਨਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ
**ਭੋਗ ਅਤੇ ਅੰਤਿਮ ਅਰਦਾਸ 12 ਮਈ 2024 , ਦਿਨ ਐਤਵਾਰ 1:00 ਵਜੇ**
ਬਾਅਦ ਦੁਪਹਿਰ ਗੁਰਦਵਾਰਾ ਸਾਹਿਬ , ਪਿੰਡ ਖਨਿਆਣ ਤਹਿਸੀਲ
ਅਮਲੋਹ ਜਿਲਾ ਫਤਹਿਗੜ ਸਾਹਿਬ ਵਿਖੇ ਹੋਵੇਗੀ

ਦੁੱਖ ਦੇ ਸਮੇਂ - ਖਨਿਆਣ ਪਰਿਵਾਰ ਦੇ ਨਾਲ

*ਭਾਈ ਦਲਜੀਤ ਸਿੰਘ ਬਿੱਟੂ, ਬਾਬਾ ਹਰਦੀਪ ਸਿੰਘ, ਭਾਈ ਸੁਰਿੰਦਰ ਸਿੰਘ ਕਿਸ਼ਨਪੁਰਾ,*

*ਭਾਈ ਰਵਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਰਿਆ, ਭਾਈ ਸਤਨਾਮ ਸਿੰਘ ਖੰਡਾ,*

*ਭਾਈ ਨਰਾਇਣ ਸਿੰਘ ਚੌੜਾ,ਭਾਈ ਬਖਸ਼ੀਸ਼ ਸਿੰਘ, ਰਾਮ ਸਿੰਘ ਢਾਪਾਲੀ*

ਆਵਾਜ਼ਿ ਕੌਮ AWAZE QAUM International Newspaper & WEB TV

### ਵਿਧਾਨ ਸਭਾ ਹਲਕਾ ਮਜੀਠਾ ਦੇ

# ਸਾਬਕਾ ਵਿਧਾਇਕ ਨੇ ਵੀ ਅਕਾਲੀ ਦਲ ਦਾ ਸਾਥ ਛੱਡਿਆ



**ਅੰਮ੍ਰਿਤਸਰ, 9 ਮਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਦਾ ਗੜ੍ਹ ਮੰਨੇ ਜਾਂਦੇ ਵਿਧਾਨ ਸਭਾ ਹਲਕਾ ਮਜੀਠਾ ਦੇ ਵਿਚ ਲੋਕ ਸਭਾ ਚੋਣਾਂ ਦੌਰਾਨ ਅਕਾਲੀ ਦਲ ਨੂੰ ਆਪਣੀ ਸਾਖ ਬਚਾਉਣ ਦੇ ਲਈ ਤਰਲਿਆਂ 'ਤੇ ਆਉਣਾ ਪੈ ਸਕਦਾ ਹੈ। ਇਕ ਦੇ ਬਾਅਦ ਇਕ ਅਕਾਲੀ ਆਗੂਆਂ ਵੱਲੋਂ ਅਕਾਲੀ ਦਲ ਨੂੰ ਛੱਡਣ ਦੇ ਬਾਅਦ ਹਲਕੇ ਦੇ ਅਕਾਲੀ ਆਗੂਆਂ ਦੇ ਹੌਸਲੇ ਪਸਤ ਹੋ ਗਏ ਹਨ। ਅੱਜ ਜਦੋਂ ਹਲਕੇ ਦੇ ਬਹੁਤ ਹੀ ਮੰਝੇ ਹੋਏ ਅਤੇ ਸੀਨੀਅਰ ਅਕਾਲੀ ਆਗੂ ਵੱਲੋਂ ਵੀ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਦਿੱਤਾ ਗਿਆ। ਉਹ ਵਿਧਾਨ ਸਭਾ ਹਲਕਾ ਮਜੀਠਾ ਦੇ ਜਿੱਥੇ ਵਿਧਾਇਕ ਰਹੇ ਉੱਥੇ ਅਕਾਲੀ ਦਲ ਦੀਆਂ ਵੱਖ ਵੱਖ ਸਰਕਾਰਾਂ ਸਮੇਂ ਪੇਡਾ ਅਤੇ ਪਨਸੀਡ ਦੇ ਵੀ ਚੇਅਰਮੈਨ ਰਹਿ ਚੁੱਕੇ ਹਨ। ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਅਤੇ ਕੇਂਦਰੀ ਮੰਤਰੀ ਸ੍ਰੀ ਸੋਮ ਪ੍ਰਕਾਸ਼ ਦੀ ਮੌਜੂਦਗੀ ਦੇ ਵਿਚ ਜਦੋਂ ਇਸ ਅਕਾਲੀ ਆਗੂ ਸ. ਰਣਜੀਤ ਸਿੰਘ ਵਰਿਆਮ ਨੰਗਲ ਦੀ ਭਾਜਪਾ ਵਿਚ ਸ਼ਾਮਿਲ ਹੋਣ ਦੀ ਖ਼ਬਰ ਬਾਹਰ ਨਿਕਲੀ ਤਾਂ ਲੋਕਾਂ ਵਿਚ ਇਹ ਸੰਦੇਸ਼ ਗਿਆ ਕਿ ਵਿਧਾਨ ਸਭਾ ਹਲਕਾ ਮਜੀਠਾ ਦੇ ਵਿਚ ਅਕਾਲੀ ਦਲ ਨੂੰ ਹੁਣ ਆਪਣੇ ਸਾਰੇ ਪੈਂਤੜੇ ਬਦਲਣੇ ਪੈਣਗੇ। ਤਾਂ ਜੋ ਆਉਣ ਵਾਲੇ ਨਤੀਜਿਆਂ ਦੇ ਬਾਅਦ ਉਨ੍ਹਾਂ ਨੂੰ ਕਿਸੇ ਨਮੋਸ਼ੀ ਦਾ ਸਾਹਮਣਾ ਨਾ ਕਰਨਾ ਪਵੇ। ਸੂਬਾ ਬੁਲਾਰਾ ਪ੍ਰੋ. ਸਰਚਾਂਦ ਸਿੰਘ ਨੇ ਦੱਸਿਆ ਕਿ ਦਸੂਹੇ ਦੇ ਵਿਚ ਜਦੋਂ ਸਾਬਕਾ ਵਿਧਾਇਕ ਵਰਿਆਮ ਨੰਗਲ ਨੇ ਭਾਜਪਾ ਵਿਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਤਾਂ ਉਨ੍ਹਾਂ ਨੇ ਭਾਵਕ ਸ਼ਬਦਾਂ ਵਿਚ ਕਿਹਾ ਕਿ ਜੇ ਪੰਜਾਬ ਦੀ ਇਸ ਸਮੇਂ ਤਰਸਯੋਗ ਹਾਲਤ ਹੈ ਤਾਂ ਇਸ ਦੇ ਲਈ ਕੋਈ ਹੋਰ ਜ਼ਿੰਮੇਵਾਰ ਨਹੀਂ ਸਗੋਂ ਅਕਾਲੀ ਦਲ ਹੀ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਪੰਜਾਬ ਨੂੰ ਸਿਰਫ਼ ਭਾਜਪਾ ਹੀ ਹਰ ਪੱਖੋਂ ਸੰਪੰਨ ਅਤੇ ਮਜ਼ਬੂਤ ਬਣਾਉਣ ਦੇ ਸਮਰੱਥ ਹੈ। ਇਸੇ ਕਰਕੇ ਹੀ ਉਨ੍ਹਾਂ ਦੇ ਸਮੁੱਚੇ ਧੜੇ ਨੇ ਭਾਜਪਾ ਵਿਚ ਸ਼ਾਮਿਲ ਹੋਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਨੇ ਭਾਜਪਾ ਆਗੂਆਂ ਨੂੰ ਜਿੱਥੇ ਭਰੋਸਾ ਦਿਵਾਇਆ ਕਿ ਉਹ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਜਿਤਾਉਣ ਲਈ ਨੌਂ ਦੇ ਨੌਂ ਵਿਧਾਨ ਸਭਾ ਹਲਕਿਆਂ ਵਿਚ ਆਪਣੇ ਸਾਥੀਆਂ ਨੂੰ ਸਰਗਰਮ ਕਰਕੇ ਭਾਜਪਾ ਨਾਲ ਜੋੜਨਗੇ, ਉੱਥੇ ਉਨ੍ਹਾਂ ਨੇ ਸਮੂਹ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸਮੇਂ ਦੀ ਨਜ਼ਾਕਤ ਨੂੰ ਪਛਾਣਨ ਅਤੇ ਆਪਣੀ ਕੀਮਤੀ ਵੋਟ ਭਾਜਪਾ ਦੇ ਉਮੀਦਵਾਰਾਂ ਦੇ ਹੱਕ ਵਿਚ ਪਾਉਣ। ਉਨ੍ਹਾਂ ਨੇ ਕਿਹਾ ਕਿ ਇਸ ਵਿਚ ਕੋਈ ਵੀ ਅਤਿ ਕਥਨੀ ਨਹੀਂ ਹੈ ਕਿ ਬਚੇ ਬਚੇ ਨੂੰ ਪਤਾ ਹੈ ਕਿ ਤੀਸਰੀ ਵਾਰ ਦੇਸ਼ ਦਾ ਪ੍ਰਧਾਨ ਮੰਤਰੀ ਕੌਣ ਬਣਨ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੀ ਸਪਸ਼ਟ ਸਥਿਤੀ ਦੇ ਬਾਵਜੂਦ ਵੀ ਜੇ ਪੰਜਾਬ ਦੇ ਲੋਕ ਸਹੀ ਫ਼ੈਸਲਾ ਨਹੀਂ ਲੈਣਗੇ ਤਾਂ ਇਸ ਦਾ ਖ਼ਿਮਆਜ਼ਾ ਸਾਨੂੰ ਹੀ ਭੁਗਤਣਾ ਪੈ ਸਕਦਾ ਹੈ। ਸਾਬਕਾ ਵਿਧਾਇਕ ਰਣਜੀਤ ਸਿੰਘ ਵਰਿਆਮ ਨੰਗਲ ਦੀ ਦੂਰ-ਦ੍ਰਿਸ਼ਟੀ ਅਤੇ ਸਿਆਸੀ ਪਰਿਪਕਤਾ ਤੋਂ ਜਾਣੂ ਕਰਾਉਂਦਿਆਂ ਗੁਰਪ੍ਰਤਾਪ ਸਿੰਘ ਜੀ ਟਿੱਕਾ ਅਤੇ ਅਜੈਬੀਰ ਪਾਲ ਸਿੰਘ ਰੰਧਾਵਾ ਨੇ ਕਿਹਾ ਕਿ ਵਰਿਆਮ ਨੰਗਲ ਦੇ ਭਾਜਪਾ ਵਿਚ ਸ਼ਾਮਿਲ ਹੋਣ ਨਾਲ ਜਿੱਥੇ ਵਿਰੋਧੀਆਂ ਨੂੰ ਸਿਆਸੀ ਤੌਰ 'ਤੇ ਭਾਰੀ ਨੁਕਸਾਨ ਹੋਵੇਗਾ ਉੱਥੇ 4 ਜੂਨ ਨੂੰ ਆਉਣ ਵਾਲੇ ਨਤੀਜੇ ਭਾਜਪਾ ਦੇ ਹੱਕ ਵਿਚ ਆਉਣਗੇ। ਦੇਰ ਸ਼ਾਮ ਜਦੋਂ ਵਰਿਆਮ ਨੰਗਲ ਅੰਮ੍ਰਿਤਸਰ ਪੁੱਜੇ ਤਾਂ ਉਨ੍ਹਾਂ ਦਾ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ ਦੇ ਵੱਡੇ ਕੱਦ ਵਾਲੇ ਨੇਤਾ ਵੱਲੋਂ ਭਾਜਪਾ ਵਿਚ ਸ਼ਾਮਿਲ ਹੋਣ ਤੋਂ ਇਹ ਸਪਸ਼ਟ ਹੋ ਗਿਆ ਹੈ ਕਿ ਪੰਜਾਬ ਦੇ ਵਡੇਰੇ ਹਿਤਾਂ ਨੂੰ ਧਿਆਨ ਵਿਚ ਰੱਖ ਕੇ ਪੰਜਾਬ ਦੇ ਸੂਝਵਾਨ ਲੋਕ ਭਾਜਪਾ ਨਾਲ ਜੁੜ ਰਹੇ ਹਨ। ਇਸ ਮੌਕੇ ਜਿਮੀਂ ਰੰਧਾਵਾ ਸਾਬਕਾ ਸਰਪੰਚ ਵਰਿਆਮ ਨੰਗਲ, ਸੁਖ ਗਿੱਲ ਵਰਿਆਮ ਨੰਗਲ, ਜਗਦੀਸ਼ ਰਾਜ ਮੈਂਬਰ ਪੰਚਾਇਤ ਵਰਿਆਮ ਨੰਗਲ, ਗੁਰਮੀਤ ਸਿੰਘ ਸ਼ਿਹਜ਼ਾਦਾ ਵੀ ਹਾਜ਼ਰ ਸਨ।

### ਜੀਤਮਹਿੰਦਰ ਸਿੱਧੂ ਦੇ ਹੱਕ 'ਚ ਚੋਣ ਪ੍ਰਚਾਰ ਦੌਰਾਨ

# ਨੁੱਕੜ ਮੀਟਿੰਗਾਂ ਕਰਦੇ ਦਿਖਾਈ ਦਿੱਤੇ ਪਤਨੀ, ਬੇਟੀ ਅਤੇ ਨੂੰਹ



**ਤਲਵੰਡੀ ਸਾਬੋ, 09 ਮਈ (ਗੁਰਜੰਟ ਸਿੰਘ ਨਥੇਹਾ)**- ਲੋਕ ਸਭਾ ਚੋਣ ਮੈਦਾਨ ਚ ਜਿੱਥੇ ਵੱਖ-ਵੱਖ ਸਿਆਸੀ ਧਿਰਾਂ ਦੇ ਉਮੀਦਵਾਰਾਂ ਨੇ ਚੋਣ ਮੈਦਾਨ ਪੂਰੀ ਤਰ੍ਹਾਂ ਭਖਾ ਰੱਖਿਆ ਹੈ ਉੱਥੇ ਉਮੀਦਵਾਰਾਂ ਦੇ ਪਰਿਵਾਰਿਕ ਮੈਂਬਰ ਵੀ ਉਨ੍ਹਾਂ ਦੀ ਜਿੱਤ ਲਈ ਜੀ ਤੋੜ ਮਿਹਨਤ ਕਰ ਰਹੇ ਹਨ। ਇਸੇ ਲੜੀ ਵਿੱਚ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਦੇ ਹੱਕ ਵਿੱਚ ਉਨਾਂ ਦੇ ਧਰਮਪਤਨੀ ਬੀਬਾ ਨਿਮਰਤ ਕੌਰ ਸਿੱਧੂ, ਬੇਟੀ ਬੀਆ ਸਿੱਧੂ ਅਤੇ ਨੂੰਹ ਏਕਨੂਰ ਵੱਲੋਂ ਨੁੱਕੜ ਮੀਟਿੰਗਾਂ ਕਰਦਿਆਂ ਭਵਿੱਖੀ ਯੋਜਨਾਵਾਂ ਤੋਂ ਜਾਣੂੰ ਕਰਵਾ ਵੋਟਾਂ ਮੰਗੀਆਂ ਜਾ ਰਹੀਆਂ ਹਨ। ਉਕਤ ਮੀਟਿੰਗਾਂ ਨੂੰ ਸੰਬੋਧਨ ਦੌਰਾਨ ਬੀਬਾ ਨਿਮਰਤ ਕੌਰ ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਦੌਰਾਨ ਬੀਬੀਆਂ ਨੂੰ ਇੱਕ ਹਜ਼ਾਰ ਰੁਪਿਆ ਪ੍ਰਤੀ ਮਹੀਨਾ ਮਾਣ ਭੱਤਾ ਦੇਣ ਦਾ ਵਾਇਦਾ ਕਰ ਸਰਕਾਰ ਤਾਂ ਬਣਾ ਲਈ ਪਰ 26 ਮਹੀਨੇ ਬੀਤੇ ਜਾਣ ਦੇ ਬਾਵਜ਼ੂਦ 'ਆਪ' ਸਰਕਾਰ ਨੇ ਬੀਬੀਆਂ ਨਾਲ ਕੀਤਾ ਉਕਤ ਵਾਇਦਾ ਪੂਰਾ ਨਹੀ ਕੀਤਾ ।ਸਰਕਾਰ ਨੇ ਆਰਥਿਕ ਪੱਖੋਂ ਕਮਜ਼ੋਰ ਲੋਕਾਂ ਦੇ ਆਟਾ ਦਾਲ ਕਾਰਡ ਕਈ ਮਹੀਨੇ ਕੱਟਕੇ ਰੱਖੇ ਤਾਂਕਿ ਉਨਾਂ ਨੂੰ ਅਨਾਜ ਨਾ ਮਿਲ ਸਕੇ ਅਤੇ ਇਸਦਾ ਸਭ ਤੋਂ ਵੱਧ ਖਮਿਆਜ਼ਾ ਬੀਬੀਆਂ ਭੈਣਾਂ ਨੂੰ ਭੁਗਤਣਾ ਪਿਆ। ਉਨਾਂ ਕਿਹਾ ਕਿ ਕਾਂਗਰਸ ਨੇ ਜੋ ਕਿਹਾ ਉਹ ਕਰਕੇ ਵੀ ਦਿਖਾਇਆ ਅਤੇ ਇਸਦਾ ਸਭ ਤੋਂ ਵੱਡਾ ਸਬੂਤ ਕਿ ਕਾਂਗਰਸ ਨੇ ਬੀਬੀਆਂ ਨੂੰ ਸਰਕਾਰੀ ਬੱਸਾਂ ਚ ਮੁਫਤ ਸਫਰ ਦਾ ਵਾਇਦਾ ਕੀਤਾ ਤਾਂ ਪੂਰਾ ਵੀ ਕਰਕੇ ਦਿਖਾਇਆ ਅਤੇ ਅੱਜ ਵੀ ਸਾਰੀਆਂ ਬੀਬੀਆਂ ਭੈਣਾਂ ਸਰਕਾਰੀ ਬੱਸਾਂ ਚ ਮੁਫਤ ਸਫਰ ਕਰਦੀਆਂ ਹਨ। ਪਿੰਡ ਗਾਟਵਾਲੀ 'ਚ ਪਿਛਲੇ ਦਿਨੀਂ ਹੋਈਆਂ ਮੀਟਿੰਗਾਂ ਦੌਰਾਨ ਬੀਬੀ ਕਰਮਜੀਤ ਕੌਰ, ਪ੍ਰਿਤਪਾਲ ਕੌਰ, ਵੀਰਾਂ ਕੌਰ, ਮਨਦੀਪ ਕੌਰ, ਜਸਵਿੰਦਰ ਕੌਰ, ਰਾਣੀ ਕੌਰ, ਬਲਜੀਤ ਕੌਰ, ਗੁੱਡੀ ਕੌਰ, ਮਾਤਾ ਗੁਰਮੇਲ ਕੌਰ ਤੋਂ ਇਲਾਵਾ ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਰਾਮਾਂ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਸੀ.ਆਗੂ ਤਰਸੇਮ ਲਾਲੇਆਣਾ, ਹਰਪਾਲ ਗਾਟਵਾਲੀ, ਬਲਵੀਰ ਗਿਆਨਾ, ਪਾਲ ਸਿੰਘ ਲਾਲੇਆਣਾ ਅਤੇ ਹਰਪਾਲ ਵਿਰਕ ਆਦਿ ਮੌਜੂਦ ਦਿਖਾਈ ਦਿੱਤੇ।

# ਸਟੇਟ ਟੀਮ ਵਲੋਂ ਸਮੂਹ ਸਮੂਹ ਸਿਹਤ ਅਧਿਕਾਰੀਆਂ ਨਾਲ ਕੀਤੀ ਗਈ ਅਹਿਮ ਮੀਟਿੰਗ



**ਚੌਕ ਮਹਿਤਾ, 9 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਤਰਨਤਾਰਨ ਡਾ ਸੰਜੀਵ ਕੋਹਲੀ ਅਤੇ ਜਿਲਾ ਟੀਕਾਕਰਣ ਅਫਸਰ ਡਾ ਵਰਿੰਦਰਪਾਲ ਕੌਰ ਦੀ ਅਗਵਾਹੀ ਹੇਠਾਂ ਸਿਹਤ ਵਿਭਾਗ ਤਰਨਤਾਰਨ ਵਿਖੇ ਵੈਕਸੀਨੇਸ਼ਨ ਸੰਬਧੀ ਸਾਰੀਆਂ ਸਿਹਤ ਸੇਵਾਵਾਂ ਦੀ ਸਮੀਖਿਆ ਕਰਨ ਲਈ ਸਟੇਟ ਪੱਧਰ ਤੋਂ ਆਏ ਅਸਿਸਟੇਂਟ ਡਾਇਰੈਕਟਰ ਡਾ ਬਲਵਿੰਦਰ ਕੌਰ ਅਤੇ ਵਿਸ਼ਵ ਸਿਹਤ ਸੰਸ਼ਥਾ ਦੇ ਸਟੇਟ ਐਸ.ਐਮ.ਓ. ਡਾ ਵਿਕਰਮ ਗੁਪਤਾ ਜੀ ਵਲੋਂ ਸਮੂਹ ਪ੍ਰੋਗਰਾਮ ਅਧਿਕਾਰੀਆਂ, ਸੀਨੀਅਰ ਮੈਡੀਕਲ ਅਫਸਰਾਂ ਅਤੇ ਹੈਡ-ਕਵਾਟਰ ਐਲ.ਐਚ.ਵੀ. ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਅਵਸਰ ਤੇ ਜਾਣਕਾਰੀ ਦਿੰਦਿਆਂ ਅਸਿਸਟੇਂਟ ਡਾਇਰੈਕਟਰ ਡਾ ਬਲਵਿੰਦਰ ਕੌਰ ਨੇ ਕਿਹਾ ਕਿ ਜਿਲਾ ਤਰਨਤਾਰਨ ਵਿਖੇ ਚੈਕਿੰਗ ਦੌਰਾਨ ਵੈਕਸੀਨੇਸ਼ਨ ਦਾ ਸਾਰਾ ਕੰਮ ਤੱਸਲੀਬਖਸ਼ ਪਾਇਆ ਗਿਆ ਹੈ, ਪਰ ਫਿਰ ਵੀ ਆਨ-ਲਾਈਨ ਐਂਟਰੀ ਦੇ ਕੰਮ ਵਿਚ ਸੁਧਾਰ ਲਿਆਓਣ ਦੀ ਲੋੜ ਹੈ। ਇਸ ਅਵਸਰ ਤੇ ਸਟੇਟ ਐਸ.ਐਮ.ਓ. ਡਾ ਵਿਕਰਮ ਗੁਪਤਾ ਨੇ ਬਲਾਕ ਵਾਈਸ ਵੈਕਸੀਨੇਸ਼ਨ ਡਾਟਾ ਅਨੈਲਸਿਸ ਕੀਤਾ ਅਤੇ ਆਨਲਾਈਨ ਐਂਟਰੀਆਂ ਪੂਰੀਆਂ ਕਰਨ ਤੇ ਜੋਰ ਦਿੱਤਾ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਦੇਵੀ ਬਾਲਾ, ਜਿਲ੍ਹਾ ਸਿਹਤ ਅਫਸਰ ਡਾ ਸੁਖਬੀਰ ਕੌਰ, ਜਿਲਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਡੀ.ਐਮ.ਸੀ. ਡਾ ਸੰਦੀਪ ਕਾਲੜਾ, ਐਸ.ਐਮ.ਓ. ਡਾ ਰਮਨਦੀਪ ਸਿੰਘ ਪੱਡਾ, ਸਟੇਟ ਐਮ.ਓ. ਡਾ ਮਨਹਰਦੀਪ ਕੌਰ, ਐਸ.ਐਮ.ਓ. ਡਾ ਇਸ਼ਿਤਾ, ਯੂ.ਐਨ.ਡੀ.ਪੀ. ਪ੍ਰੋਜੈਕਟ ਅਫਸਰ ਡਾ ਜਾਵੇਦ ਅਹਿਮਦ ਅਤੇ ਤਰੁਣ ਕਲਸੀ, ਡਾ ਸੁਖਜਿੰਦਰ ਸਿੰਘ, ਡਾ ਅਮਨਦੀਪ ਸਿੰਘ, ਜਿਲਾ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ, ਹਾਜਰ ਸੀ।

# ਵਧੀਆ ਸੇਵਾਵਾਂ ਦੌਰਾਨ ਸਿਵਲ ਸਰਜਨ ਤੇ ਸਿਵਲ ਹਸਪਤਾਲ ਦੇ ਮੁਲਾਜਮਾਂ ਹੋਏ ਸਨਮਾਨਿਤ



**ਚੌਕ ਮਹਿਤਾ, 9 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਸਿਵਲ ਸਰਜਨ ਦਫ਼ਤਰ ਅਤੇ ਸਿਵਲ ਹਸਪਤਾਲ ਦੇ ਮੁਲਾਜਮਾਂ ਨੂੰ ਵਧੀਆ ਸੇਵਾਵਾਂ ਦੇਣ ਲਈ ਸਨਮਾਨਿਤ ਕੀਤਾ ਗਿਆ ਇਸ ਮੌਕੇ ਤੇ ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਪੰਜਾਬ ਦੇ ਮੁੱਖੀ ਤੇ ਚੇਅਰਮੈਨ ਡਾਕਟਰ ਰਾਕੇਸ਼ ਸ਼ਰਮਾ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਮਦਨ ਮੋਹਨ ਅਤੇ ਡਾਕਟਰ ਸਵਰਨਜੀਤ ਧਵਨ, ਸੀਨੀਅਰ ਮੈਡੀਕਲ ਅਫ਼ਸਰ ਅਤੇ ਸਿਵਲ ਹਸਪਤਾਲ ਅੰਮ੍ਰਿਤਸਰ ਦੇ ਸੁਪਰੀਟੈਂਡੰਟ ਅਚਾਰੀਆ ਗੁਰੂ ਮੀਤ ਰਾਜਪ੍ਰੋਹਿਤ ਸਟੇਟ ਪ੍ਰਧਾਨ, ਰਘੂ ਤਲਵਾਰ ਜ਼ਿਲ੍ਹਾ ਪ੍ਰਧਾਨ, ਸੁਮਨ ਸ਼ਰਮਾਂ, ਮਲਵਿੰਦਰ ਸਿੰਘ, ਨਵਦੀਪ ਸਿੰਘ ਕਲਰਕ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਮੌਜੂਦ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਬਾਬਾ ਨੱਥਾ ਸਿੰਘ ਜੀ ਦੇ ਸਵਰਗਵਾਸ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 9 ਮਈ (ਆਵਾਜਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਨੱਥਾ ਸਿੰਘ ਜੀ (ਬਦਿਆਲਾ ਪਿੰਡ ਜ਼ਿਲ੍ਹਾ ਬਠਿੰਡਾ) ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਬਾਬਾ ਨੱਥਾ ਸਿੰਘ ਜੀ ਸਵਰਗੀ ਸੰਤ ਬਾਬਾ ਫ਼ਤਿਹ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਦਿਆਲਾ ਦੇ ਉਤਰਾਧਿਕਾਰੀ ਸਨ। ਉਨ੍ਹਾਂ ਨੇ ਰਾਜਸਥਾਨ ਵਿਖੇ ਗੁਰਦੁਆਰਾ ਸਾਹਿਬ ਬੁੱਢਾ ਜੌਹੜ ਦੇ ਵਿਕਾਸ ਲਈ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਦੀਆਂ ਪੰਥਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

# ਲੋਕ ਸਭਾ ਚੋਣਾਂ ਲਈ ਕਾਊਂਟਿੰਗ ਸਟਾਫ਼ ਸਬੰਧੀ ਹੋਈ ਪਹਿਲੀ ਰੈਂਡੇਮਾਈਜੇਸ਼ਨ : ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਆਦਿੱਤਿਆ ਉੱਪਲ

**ਪਠਾਨਕੋਟ, 9 ਮਈ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਪਠਾਨਕੋਟ ਵਿਖੇ ਲੋਕ ਸਭਾ ਚੋਣਾਂ-2024 ਲਈ ਜਿਲ੍ਹਾ ਪਠਾਨਕੋਟ ਅੰਦਰ ਕਾਊਂਟਿੰਗ ਲਈ ਕਾਊਂਟਿੰਗ ਸਟਾਫ਼ ਸਬੰਧੀ ਪਹਿਲੀ ਰੈਂਡੇਮਾਈਜੇਸ਼ਨ ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਜੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ 'ਤੇ ਸਰਵਸ੍ਰੀ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਜ), ਅਭਿਸੇਕ ਸਰਮਾ ਸਹਾਇਕ ਕਮਿਸਨਰ ਜਰਨਲ, ਯੁਗਲ ਕਿਸੋਰ ਜਿਲ੍ਹਾ ਇਨਫਰਮੈਟਿਕ ਅਫਸਰ ਪਠਾਨਕੋਟ, ਯੁਗੇਸ ਸਿੰਘ ਕਾਨੂਗੋ ਚੋਣ ਦਫਤਰ ਪਠਾਨਕੋਟ ਅਤੇ ਹੋਰ ਵੀ ਸਟਾਫ ਹਾਜਰ ਸੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਸਬੰਧੀ ਕਾਊਂਟਿੰਗ ਸਟਾਫ਼ ਦੀ ਪਹਿਲੀ ਰੈਂਡੇਮਾਈਜੇਸ਼ਨ ਵਿੱਚ ਜਿਲ੍ਹਾ ਪਠਾਨਕੋਟ ਵਿਖੇ ਲੋਕ ਸਭਾ ਚੋਣਾਂ-2024 ਅਧੀਨ ਲੋਕ ਸਭਾ ਸੈਗਮੈਂਟ 001-ਸੁਜਾਨਪੁਰ, 002-ਭੋਆ(ਐਸ.ਸੀ.) ਅਤੇ 003-ਪਠਾਨਕੋਟ ਲਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਲਈ ਤਾਇਨਾਤ ਕੀਤਾ ਗਿਆ ਸਟਾਫ਼ ਆਪਣੀ ਚੋਣ ਡਿਊਟੀ ਨੂੰ ਪੂਰੀ ਜ਼ਿੰਮੇਵਾਰੀ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਕਿਸੇ ਤਰਾਂ ਦੀ ਅਣਗਹਿਲੀ ਜਾਂ ਕੁਤਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਯੂਰਪ ਦੀਆਂ ਪੰਥਕ ਜਥੇਬੰਦੀਆਂ ਵੱਲੋਂ

# ਜਲਾਵਤਨੀ ਭਾਈ ਖਨਿਆਣ ਦੀ ਮਾਤਾ ਦੇ ਅਕਾਲ ਚਲਾਣੇ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਲੰਡਨ, 9 ਮਈ (ਸਰਬਜੀਤ ਸਿੰਘ ਬਨੂੜ )**- ਯੂਰਪ ਦੀਆਂ ਪੰਥਕ ਜਥੇਬੰਦੀਆਂ ਵੱਲੋਂ ਜਲਾਵਤਨ ਆਗੂ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ ਦੇ ਸਤਿਕਾਰਯੋਗ ਮਾਤਾ ਸਤਵੰਤ

ਆਵਾਜ਼ਿ ਕੌਮ AWAZE QAUM International Newspaper & WEB TV

ਕੌਰ ਦੇ ਅਕਾਲ ਚਲਾਣਾ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਇਸ ਮੌਕੇ ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਜਲਾਵਤਨ ਸਰਕਾਰ ਦੇ ਪ੍ਰਧਾਨ ਮੰਤਰੀ ਗੁਰਮੇਜ ਸਿੰਘ ਗਿੱਲ, ਸਿੱਖ ਫੈਡਰੇਸ਼ਨ ਯੂ ਕੇ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ, ਭਾਈ ਬਲਵਿੰਦਰ ਸਿੰਘ ਢਿੱਲੋਂ, ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋਂ, ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਣਸੂ ਅਤੇ ਅਮਰੀਕਾ ਤੋਂ ਗੁਰਮੇਲ ਸਿੰਘ ਢੇਸੀ, ਜਥਾ ਠੀਕਰੀਵਾਲ ਦੇ ਮੁਖੀ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਕਿਹਾ ਭਾਈ ਗੁਰਮੀਤ ਸਿੰਘ ਖਨਿਆਣ ਸਿੱਖ ਸੰਘਰਸ਼ ਦੇ ਪਾਂਧੀ ਹਨ ਜੋ ਲੰਮੇ ਸਮੇ ਤੋਂ ਜਰਮਨ ਯੂਰਪ ਵਿੱਚ ਪਰਿਵਾਰ ਸਮੇਤ ਜਲਾਵਤਨੀ ਦੀ ਜ਼ਿੰਦਗੀ ਬਸ਼ਰ ਕਰ ਰਹੇ ਹਨ।

ਆਗੂਆਂ ਨੇ ਕਿਹਾ ਕਿ ਮਾਤਾ, ਪਿਤਾ ਵਲੋਂ ਵਿਰਸੇ ਵਿੱਚ

**ਸਮੂਹ ਜਥੇਬੰਦੀਆਂ ਨੂੰ 12 ਮਈ ਨੂੰ ਅੰਤਿਮ ਅਰਦਾਸ ਵਿੱਚ ਖਨਿਆਣ ਪਹੁੰਚਣ ਦੀ ਅਪੀਲ**

ਮਿਲੇ ਸੰਸਕਾਰਾਂ ਦੀ ਬਦੌਲਤ ਭਾਈ ਭਾਈ ਗੁਰਮੀਤ ਸਿੰਘ ਖਨਿਆਣ ਸਿੱਖ ਸੰਘਰਸ਼ ਵਿੱਚ ਵੱਧ ਚੜ ਕੇ ਹਿੱਸਾ ਲੈਂਦੇ ਹਨ। ਉਨ੍ਹਾਂ ਕਿਹਾ ਕਿ ਭਾਈ ਖਨਿਆਣ ਜਰਮਨ ਵਿੱਚ ਜਲਾਵਤਨ ਹੋਣ ਕਰਕੇ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਨਹੀ ਹੋ ਸਕਣਗੇ। ਇਸ ਦੁੱਖ ਦੀ ਘੜੀ ਸਮੂਹ ਜਲਾਵਤਨੀ ਸਿੱਖਾਂ ਵੱਲੋਂ ਪੰਜਾਬ ਦੀਆਂ ਸਾਰੀਆਂ ਸਿੱਖ ਸੰਸਥਾਵਾਂ, ਜਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ 12 ਮਈ ਨੂੰ ਮਾਤਾ ਜੀ ਦੀ ਅੰਤਿਮ ਅਰਦਾਸ ਵਿੱਚ ਪਿੰਡ ਖਨਿਆਣ ਜਿਲ੍ਹਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਪਹੁੰਚਣ। ਜਿਕਰਯੋਗ ਹੈ ਕਿ ਬੀਤੇ ਸਾਲ ਭਾਈ ਖਨਿਆਣ ਦੇ ਪਿਤਾ ਜੀ ਵੀ ਪੰਜਾਬ ਵਿੱਚ ਅਕਾਲ ਚਲਾਣਾ ਕਰ ਗਏ ਸਨ।

### ਵਾਤਾਵਰਣ ਦੇ ਸੁਧਾਰ ਸੰਬੰਧੀ ਜਾਗਰੁਕਤਾ ਲਹਿਰ ਲਈ ਹੋਰ ਮੈਂਬਰ

# ਹਰਿਆਵਲ ਪੰਜਾਬ ਅੰਮ੍ਰਿਤਸਰ ਵਿੱਚ ਹੋਏ ਸ਼ਾਮਿਲ:ਇੰਜੀ ਮਨਜੀਤ ਸਿੰਘ ਸੈਣੀ



**ਚੌਕ ਮਹਿਤਾ, 9 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਰਿਆਵਲ ਪੰਜਾਬ ਅੰਮ੍ਰਿਤਸਰ ਮਨੁੱਖਤਾ ਦੇ ਭਲੇ ਲਈ ਪਾਣੀ ਬਚਾਓ, ਹਵਾ -ਪਾਣੀ ਨੂੰ ਪ੍ਰਦੂਸ਼ਣ ਮੁਕਤ ਕਰਨ ਅਤੇ ਕੂੜਾ ਕਰਕਟ ਦੇ ਸੰਭਾਲ ਆਦੀ ਲਈ ਕੰਮ ਕਰ ਰਹੀ ਹੈ, ਦੀ ਅਹਿਮ ਮੀਟਿੰਗ ਨਿਊ ਅੰਮ੍ਰਿਤਸਰ ਵਿਖੇ ਹੋਈ ਜਿਸ ਨੂੰ ਅੱਜ ਬਹੁਤ ਹੀ ਵੱਡਾ ਹੁੰਗਾਰਾ

ਆਵਾਜ਼ਿ ਕੌਮ AWAZE QAUM International Newspaper & WEB TV

ਮਿਲਿਆ ਜਦੋਂ ਨਿਊ ਅੰਮ੍ਰਿਤਸਰ ਦੇ 25 ਨਵੇਂ ਮੈਂਬਰਾਂ ਨੇ ਸਾਮਿਲ ਹੋ ਇਸ ਸਮਾਜ ਸੇਵਾ ਨੂੰ ਅਤਿ ਲੋੜ ਸਮਝਦੇ ਹੋਏ ਤਹਿ ਦਿਲੋਂ ਪਬਲਿਕ ਜਾਗ੍ਰਿਤੀ ਲਿਆਉਣ ਲਈ ਸਾਥ ਦੇਣ ਦਾ ਵਾਇਦਾ ਕੀਤਾ ਹਰਿਆਵਲ ਪੰਜਾਬ ਅੰਮ੍ਰਿਤਸਰ ਦੇ ਸੰਯੋਜਕ ਪ੍ਰੋਫੈਸਰ ਰਾਜੀਵ ਸ਼ਰਮਾ ਅਤੇ ਸਹਿ ਸੰਯੋਜਕ ਡਾ: ਹਰਜੀਤ ਸਿੰਘ ਵੱਲੋਂ ਮੀਟਿੰਗ ਵਿੱਚ ਹਾਜਿਰ ਸ੍ਰੀ ਮਾਨਕ ਸਾਹਨੀ ਜੀ ਨੂੰ ਹਰਿਆਵਲ ਪੰਜਾਬ ਅੰਮ੍ਰਿਤਸਰ ਮਹਾਂਨਗਰ ਦਾ ਸਹਿ- ਸੰਯੋਜਕ ਅਤੇ ਸ੍ਰੀ ਵਿਪਨ ਸ਼ਰਮਾ ਜੀ ਨੂੰ ਸਹਿ ਸੰਯੋਜਕ ਸਿੱਖਿਆ ਸੰਸਥਾਵਾਂ ਅਤੇ ਪ੍ਰੋਫੈਸਰ ਸੁਧਾ ਸ਼ਰਮਾ ਜੀ ਨੂੰ ਮਹਿਲਾ ਪ੍ਰਮੁੱਖ ਹਰਿਆਵਲ ਪੰਜਾਬ ਅੰਮ੍ਰਿਤਸਰ ਦੀ ਜ਼ੁੰਮੇਵਾਰੀ ਦਿੱਤੀ ਗਈ ਇਹਨਾਂ ਨੂੰ ਸਰੋਪਿਆਓ ਪਾ ਸਨਮਾਨਿਤ ਵੀ ਕੀਤਾ ਗਿਆ । ਇਹਨਾਂ ਨੇ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦਾ ਵਾਇਦਾ ਕੀਤਾ ਏਕ ਪੇੜ ਦੇਸ਼ ਕੇ ਨਾਮ ਦੇ ਪ੍ਰਧਾਨ ਇੰਜੀ: ਮਨਜੀਤ ਸਿੰਘ ਸੈਣੀ ਵੱਲੋਂ ਅੰਮ੍ਰਿਤਸਰ ਵਿਖੇ ਹਰਿਆਵਲ ਪੰਜਾਬ ਵੱਲੋਂ ਕੀਤੇ ਰੁੱਖਾਂ ਪ੍ਰਤੀ ਕੰਮਾਂ ਦਾ ਵਰਣਨ ਕੀਤਾ ਅਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਬੇਨਤੀ ਕੀਤੀ। ਪ੍ਰੋਫੈਸਰ ਰਾਜੀਵ ਸ਼ਰਮਾ ਨੇ ਪਾਣੀ ਬਚਾਉਣ ਦੇ ਤਰੀਕੇ ਦੱਸਦੇ , ਪਾਣੀ ਬਚਾਉਣ ਦਾ ਸੁਨੇਹਾ ਘਰ ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਡਾ ਹਰਜੀਤ ਸਹਿ ਸ਼ੰਯੋਜਕ ਵੱਲੋਂ ਸਿਹਤ ਨੂੰ ਠੀਕ ਰੱਖਣ ਲਈ ਯੋਗਾ ਕਰਨ ਅਤੇ ਸੰਤੁਲਤ ਭੋਜਨ ਕਰਨ ਸੰਬੰਧੀ ਵਿਸਥਾਰ ਨਾਲ ਦੱਸਿਆ ਡਾ ਇਕਬਾਲ ਸਿੰਘ ਤੁੰਗ ਵੱਲੋਂ ਪਿੱਪਲ ਦੇ ਗੁਣ ਦੱਸਦੇ ਵੱਧ ਤੋਂ ਵੱਧ ਮੈਡੀਕੇਟਿਡ ਬੂਟੇ ਲਗਾਉਣ ਦੀ ਸਲਾਹ ਦਿੱਤੀ ਅਤੇ ਪਾਣੀ ਨੂੰ ਟੈਸਟ ਕਰ ਦੱਸਿਆ ਕਿ ਕਿਵੇਂ ਆਰ ਓ ਦਾ ਪਾਣੀ ਮਿਨਰਲ ਰਹਿਤ ਹੁੰਦਾ ਹੈ ਉਹਨਾਂ ਮਿਨਰਲ ਭਰਪੂਰ ਪਾਣੀ ਪੀਣ ਤੇ ਜ਼ੋਰ ਦਿੱਤਾ ਅੰਤ ਵਿੱਚ ਮਾਨਿਕ ਜੀ ਨੇ ਆਏ ਸੱਜਣਾਂ ਦਾ ਧੰਨਵਾਦ ਕੀਤਾ ।

### ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ

# "ਜਲ ਹੀ ਜੀਵਨ" ਤਹਿਤ ਜਲ ਸ਼ਕਤੀ ਅਭਿਆਨ ਦੀ ਸ਼ੁਰੂਆਤ ਹੋਈ




**ਨਵੀਂ ਦਿੱਲੀ 9 ਮਈ (ਮਨਪ੍ਰੀਤ ਸਿੰਘ ਖਾਲਸਾ)**:- ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਸਪੋਰਟਸ ਐਂਡ ਫਿਜ਼ੀਕਲ ਐਜੂਕੇਸ਼ਨ ਬ੍ਰਾਂਚ ਦੇ ਨਿਰਦੇਸ਼ਾਂ ਅਨੁਸਾਰ "ਜਲ ਸ਼ਕਤੀ ਅਭਿਆਨ" ਤਹਿਤ ਗੁਰੂ ਨਾਨਕ ਪਬਲਿਕ ਸਕੂਲ ਦੇ ਪ੍ਰਿੰਸੀਪਲ ਮਨਪ੍ਰੀਤ ਕੌਰ, ਐਚ.ਓ.ਡੀ. ਪ੍ਰਦੀਪ

ਆਵਾਜ਼ਿ ਕੌਮ AWAZE QAUM International Newspaper & WEB TV

ਚੱਢਾ ਅਤੇ ਅਧਿਆਪਕਾਂ ਦੀ ਅਗਵਾਈ ਵਿੱਚ ਪਾਣੀ ਬਚਾਓ ਪ੍ਰੋਗਰਾਮ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ । ਖੇਡ ਵਿਭਾਗ ਨਾਲ ਸਬੰਧਤ 10ਵੀਂ ਅਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਨੇ ਜਲ ਸ਼ਕਤੀ ਅਭਿਆਨ ਦੇ ਸਹਿਯੋਗ ਨਾਲ ਸਕੂਲ ਵਿੱਚ ਮੌਜੂਦ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪਾਣੀ ਦੀ ਮਹੱਤਤਾ ਅਤੇ ਇਸ ਦੀ ਸੰਭਾਲ ਲਈ ਕੀਤੇ ਗਏ ਵੱਖ-ਵੱਖ ਉਪਰਾਲਿਆਂ ਬਾਰੇ ਬੜੇ ਉਤਸ਼ਾਹ ਨਾਲ ਦੱਸਿਆ ਪਾਣੀ ਦੀ ਸੰਭਾਲ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਪਾਣੀ ਹੀ ਜੀਵਨ ਹੈ ਅਤੇ ਪਾਣੀ ਤੋਂ ਬਿਨਾਂ ਸੁੰਦਰ ਅਤੇ ਸੁਨਹਿਰੀ ਆਉਣ ਵਾਲੇ ਕੱਲ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ, ਪਾਣੀ ਦੀ ਸੰਭਾਲ ਨਾਲ ਹੀ ਪਾਣੀ ਸੰਕਟ ਦਾ ਹੱਲ ਹੈ।

ਪ੍ਰੋਗਰਾਮ ਦੌਰਾਨ ਸਾਰਿਆਂ ਨੂੰ ਜਾਗਰੂਕ ਕੀਤਾ ਗਿਆ ਕਿ 2048 ਤੱਕ ਦੁਨੀਆ ਦੇ ਕਈ ਸਥਾਨਾਂ 'ਤੇ ਪਾਣੀ ਦਾ ਗੰਭੀਰ ਸੰਕਟ ਪੈਦਾ ਹੋ ਜਾਵੇਗਾ। ਵਿਦਿਆਰਥੀਆਂ ਨੇ ਪਾਣੀ ਦੀ ਬਰਬਾਦੀ ਨਾ ਕਰਨ ਅਤੇ ਪਾਣੀ ਦੀ ਸੰਭਾਲ ਕਰਨ ਦੇ ਨਵੇਂ ਅਤੇ ਸਰਲ ਤਰੀਕਿਆਂ ਬਾਰੇ ਵੀ ਚਰਚਾ ਕੀਤੀ ਅਤੇ ਰਹੀਮ ਜੀ ਦੇ ਦੋਹੇ 'ਰਹਿਮਨ ਪਾਣੀ ਰਾਖੀਏ, ਬਿਨ ਪਾਣੀ ਸਭ ਸੂੰਨ' ਰਾਹੀਂ ਪਾਣੀ ਦੀ ਮਹੱਤਤਾ ਬਾਰੇ ਦੱਸਿਆ ਅਤੇ ਕਿਹਾ ਕਿ ਅੱਜ ਜੋ ਕੁਝ ਸਿੱਖਿਆ ਹੈ, ਉਸ ਨੂੰ ਆਪਣੀ ਜ਼ਿੰਦਗੀ ਵਿਚ ਅਪਣਾਓ । ਨਾਲ ਹੀ ਆਪਣੇ ਗੁਆਂਢੀਆਂ, ਆਪਣੇ ਜਾਣਕਾਰਾਂ ਅਤੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਜਾਗਰੂਕ ਕਰੋ ਤਾਂ ਜੋ ਧਰਤੀ ਦੇ ਨਾਲ ਸੰਸਾਰਿਕ ਜੀਵਾਂ ਦਾ ਵੀ ਭਵਿੱਖ ਸੁਰੱਖਿਅਤ ਰਹਿ ਸਕੇ।

### ਬੰਗੀ ਨਿਹਾਲ ਸਿੰਘ ਵਿਖੇ ਸਵੀਪ ਟੀਮ ਵੱਲੋਂ

# ਜਾਗਰੂਕਤਾ ਕੈਂਪ ਆਯੋਜਿਤ




**ਤਲਵੰਡੀ ਸਾਬੋ, 09 ਮਈ (ਗੁਰਜੰਟ ਸਿੰਘ ਨਥੇਹਾ)**- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ. ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾ ਅਤੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਦੀ ਅਗਵਾਈ ਹੇਠ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ 94 ਤਲਵੰਡੀ ਸਾਬੋ ਦੇ ਪਿੰਡ ਬੰਗੀ ਨਿਹਾਲ ਸਿੰਘ ਵਿਖੇ ਸਵੀਪ ਟੀਮ ਵਲੋਂ ਸਵੀਪ ਗਤੀਵਿਧੀਆਂ ਸਬੰਧੀ ਸ਼ਪੈਸਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਸਵੀਪ ਟੀਮ ਮੈਂਬਰਾਂ ਵੱਲੋਂ ਬੂਥ ਲੈਵਲ ਅਫ਼ਸਰਾਂ ਅਤੇ ਮਹਿਲਾ ਪ੍ਰੇਰਿਕਾ ਦੀ ਮੱਦਦ ਨਾਲ ਲੋਕਾਂ ਨੂੰ ਬਿਨਾਂ ਕਿਸੇ ਡਰ, ਲਾਲਚ ਅਤੇ ਦਬਾਅ ਤੋਂ ਲਗਾਤਾਰ ਵੱਧ ਤੋਂ ਵੱਧ ਵੋਟਾਂ ਪਾਉਣ ਤੇ ਪਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਵੀਪ ਟੀਮ ਮੈਂਬਰਾਂ ਵੱਲੋਂ ਪਿੰਡਾਂ ਦੀਆਂ ਸੱਥਾ, ਚੌਰਾਹਿਆਂ ਤੇ ਹੋਰ ਸਾਂਝੀਆਂ ਥਾਵਾਂ ਤੇ ਆਮ ਪਬਲਿਕ ਨੂੰ ਵੱਧ ਚੜ੍ਹ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪੂਰੀ ਸਮਝ ਨਾਲ ਈ.ਵੀ.ਐਮ ਅਤੇ ਵੀਵੀਪੈਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਜਾਗਰੂਕਤਾ ਕੈਂਪ ਦੌਰਾਨ ਹਾਜ਼ਰੀਨ ਨੂੰ ਵੋਟ ਦੀ ਮਹੱਤਤਾ ਬਾਰੇ ਦਸਦਿਆਂ ਕਿਹਾ ਕਿ ਇੱਕ-ਇੱਕ ਵੋਟ ਲੋਕਤੰਤਰ ਨੂੰ ਮਜ਼ਬੂਤ ਬਣਾ ਸਕਦੀ ਹੈ। ਇਸ ਜਾਗਰੂਕਤਾ ਕੈਂਪ ਦੌਰਾਨ ਸਵੀਪ ਟੀਮ ਮੈਂਬਰ ਗੁਰਦਰਸ਼ਨ ਸਿੰਘ, ਅਮਨਜੋਤ ਕੌਰ, ਗੁਰਪ੍ਰੀਤ ਕੌਰ, ਰਣਜੀਤ ਸਿੰਘ ਅਤੇ ਵਿਸ਼ਵਦੀਪ ਸਿੰਘ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

# ਰੈਡ ਕਰਾਸ ਦਿਵਸ ਤੇ ਖ਼ੂਨਦਾਨ ਕਰਨ ਦਾ ਕੀਤਾ ਪ੍ਰਣ—ਪੀ.ਸੀ ਕੁਮਾਰ




ਫ਼ਿਰੋਜ਼ਪੁਰ, 9 ਮਈ (ਮਨੋਹਰ ਲਾਲ) :— ਅੱਜ ਸਕੂਲ ਵਿਚ ਬੱਚਿਆਂ, ਟੀਚਰਾਂ ਅਤੇ ਮਾਤਾ—ਪਿਤਾ ਦੇ ਸਹਿਯੋਗ ਨਾਲ ਇਹ ਦਿਨ ਉਨ੍ਹਾਂ ਦੁਆਰਾ ਕੀਤੇ ਗਏ ਅਦੁਕਤੇ ਕੰਮ ਵਿਚੋਂ ਵਿਸ਼ਵ ਵਿਚ ਕੁਦਰਤਿ, ਗੈਰ

ਆਵਾਜ਼ਿ ਕੌਮ AWAZE QAUM International Newspaper & WEB TV

ਕੁਦਰਤਿ ਆਫਤਾਂ, ਭਾਵ, ਜੰਗਾਂ, ਫਲੱਡ, ਕਾਲ ਆਦਿ ਸਮੇਂ ਜਾਨ—ਮਾਲ ਨੁਕਸਾਨ ਤੋਂ ਲੋੜਵੰਦਾਂ ਨੂੰ ਮੱਦਦ ਕਰਨ ਵਾਸਤੇ ਹੋਂਦ ਵਿਚ ਆਏ। ਇਸ ਰੈਡ ਕਰਾਬ ਸਬੰਧੀ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜਨ ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓ ਅਤੇ ਸਦਾਵਰਦ ਪੰਚਾਇਤੀ ਤੇ ਮੁੱਖ ਕਾਰਿਆਕਰਤਾ ਸਮਾਜ ਸੁਦਾਰਭ ਪਹਿਲਾਂ ਦੀ ਡਰਾਅ ਸਕੂਲ ਵਿਚ ਪਹੁੰਚੇ, ਜਿਥੇ ਉਨ੍ਹਾਂ ਇਕੱਠ ਨੂੰ ਸਰੀਰਕ, ਮਾਨਸਿਕ, ਸਮਾਜਿਕ, ਕੁਰੀਤੀਆਂ, ਰਾਜਕਰਤਾ ਆਦਿ ਬਾਰੇ ਸੁਚੇਤ ਕੀਤਾ, ਉਥੇ ਖ਼ੂਨਦਾਨ ਉਤਮ ਦਾਨ ਦੇ ਬਾਰੇ ਜਾਣੂ ਕਰਵਾਇਆ ਅਤੇ ਨਾਲ ਹੀ ਜਾਗਰੂਕਤਾ ਕਰਕੇ ਬੱਚੇ ਕੋਲੋਂ ਖ਼ੂਨਦਾਨ ਦਾ ਹੈਡ ਟੀਚਰ ਵੱਲੋਂ ਧੰਨਵਾਦ ਕੀਤਾ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਮਨਾਇਆ ਰੈਡ ਕਰਾਸ ਦਿਵਸ



ਫ਼ਿਰੋਜ਼ਪੁਰ, 9 ਮਈ (ਮਨੋਹਰ ਲਾਲ) :— ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਜਿਸ ਵਿਚ ਹਰ ਦਿਨ—ਤਿਉਹਾਰ ਮਨਾ ਕੇ ਬੱਚਿਆਂ ਵਿਚ ਜਾਗਰੂਕਤਾ ਪੈਦਾ ਕੀਤੀ ਜਾਂਦੀ ਹੈ। ਅੱਜ ਸਕੂਲ ਵਿੱਚ ਵਿਸ਼ਵ ਰੈੱਡ ਕਰਾਸ ਦਿਵਸ

ਆਵਾਜ਼ਿ ਕੌਮ AWAZE QAUM International Newspaper & WEB TV

ਮਨਾਇਆ ਗਿਆ। ਇਸ ਦੌਰਾਨ ਸਕੂਲੀ ਬੱਚਿਆਂ ਨੇ ਸਕੂਲ ਦੇ ਵਿਹੜੇ ਵਿੱਚ ਸਵੇਰ ਦੀ ਸਭਾ ਦੌਰਾਨ ਵਿਸ਼ਵ ਰੈਡ ਕਰਾਸ ਦਿਵਸ ਸਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਰੈੱਡ ਕਰਾਸ ਦਿਵਸ ਮਨਾਉਣ ਅਤੇ ਇਸ ਦਿਨ ਦੀ ਮਹੱਤਤਾ ਬਾਰੇ ਵਿਚਾਰਾਂ ਕੀਤੀਆਂ। ਇਸ ਦੌਰਾਨ ਸਾਰੇ ਵਿਦਿਆਰਥੀਆਂ ਨੇ ਫਸਟ ਏਡ ਬਾਕਸ ਗਤੀਵਿਧੀ ਵਿੱਚ ਭਾਗ ਲਿਆ ਅਤੇ ਹਰੇਕ ਜਮਾਤ ਨੇ ਇੱਕ ਫਸਟ ਏਡ ਬਾਕਸ ਬਣਾਇਆ, ਜਿਸ ਵਿੱਚ ਫਸਟ ਏਡ ਲਈ ਸਾਰੀਆਂ ਜ਼ਰੂਰੀ ਵਸਤਾਂ ਅਤੇ ਦਵਾਈਆਂ ਸਨ। ਇਸ ਗਤੀਵਿਧੀ ਨੂੰ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਨੂੰ ਫਸਟ ਏਡ ਬਾਕਸ ਦੀ ਮਹੱਤਤਾ ਅਤੇ ਸਮੇਂ ਸਿਰ ਇਸਦੀ ਵਰਤੋਂ ਬਾਰੇ ਦੱਸਣਾ ਸੀ। ਸਾਇੰਸ ਅਧਿਆਪਕ ਤਨੁਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਫਸਟ ਏਡ ਬਾਕਸ ਅਤੇ ਇਸ ਵਿੱਚ ਰੱਖੀਆਂ ਸਾਰੀਆਂ ਲੋੜੀਂਦੀਆਂ ਦਵਾਈਆਂ ਦੀ ਵਰਤੋਂ ਬਾਰੇ ਵਿਸਥਾਰ ਵਿੱਚ ਦੱਸਿਆ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਨੂੰ ਦੱਸਿਆ ਕਿ ਵਿਸ਼ਵ ਰੈੱਡ ਕਰਾਸ ਦਿਵਸ ਹਰ ਸਾਲ 8 ਮਈ ਨੂੰ ਮਨਾਇਆ ਜਾਂਦਾ ਹੈ। ਰੈੱਡ ਕਰਾਸ ਦੇ ਸੰਸਥਾਪਕ ਅਤੇ ਪਹਿਲੇ ਨੋਬਲ ਸ਼ਾਂਤੀ ਪੁਰਸਕਾਰ ਜੇਤੂ ਜੀਨ ਹੈਨਰੀ ਡੂਨਟ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਗਿਆ। ਇਸ ਸੰਸਥਾ ਦਾ ਮੁੱਖ ਉਦੇਸ਼ ਜੰਗ ਦੌਰਾਨ ਜ਼ਖਮੀ ਹੋਏ ਸੈਨਿਕਾਂ ਦੀ ਮਦਦ ਅਤੇ ਇਲਾਜ ਕਰਨਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਫਸਟ ਏਡ ਸਿੱਖਣੀ ਚਾਹੀਦੀ ਹੈ ਤਾਂ ਜੋ ਲੋੜ ਪੈਣ ਤੇ ਅਸੀਂ ਕਿਸੇ ਵੀ ਜ਼ਖਮੀ ਵਿਅਕਤੀ ਦੀ ਮਦਦ ਕਰ ਸਕੀਏ।

# ਵਿਸ਼ਵ ਥੈਲੇਸੀਮੀਆਂ ਦਿਵਸ ਮੌਕੇ ਕੱਢੀ ਜਾਗਰੂਕਤਾ ਰੈਲੀ




**ਚੌਕ ਮਹਿਤਾ, 9 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤ ਵਿਭਾਗ ਵਲੋਂ ਤਰਨਤਾਰਨ ਵਲੋਂ ਸਿਵਲ ਸਰਜਨ ਡਾ ਸੰਜੀਵ ਕੋਹਲੀ ਜੀ ਦੀ ਪ੍ਰਧਾਨਗੀ ਹੇਠਾਂ ਸਿਵਲ ਹਸਪਤਾਲ ਵਿਖੇ ਵਿਸ਼ਵ ਥੈਲੇਸੀਮੀਆਂ ਦਿਵਸ ਮੌਕੇ ਜਿਲ੍ਹਾ ਪੱਧਰੀ ਜਾਗਰੂਕਤਾ ਰੈਲੀ ਦਾ ਆਯੋਜਨ ਕਰਵਾਇਆ ਗਿਆ। ਇਸ ਮੌਕੇ ਤੇ ਸਿਵਲ ਸਰਜਨ ਡਾ ਸੰਜੀਵ ਕੋਹਲੀ ਨੇ ਕਿਹਾ ਕਿ ਥੈਲੇਸੀਮੀਆਂ ਇਕ ਜੈਨੇਟਿਕ ਰੋਗ ਹੈ, ਜਿਸ ਵਿੱਚ ਖ਼ੂਨ ਦੇ ਸੈਲਾਂ ਵਿਚ ਵਿਗਾੜ ਪੈਦਾ ਹੋ ਜਾਂਦੇ ਹਨ। ਜੋਕਿ ਥੈਲੇਸੀਮੀਆਂ ਗ੍ਰਸਤ ਮਾਤਾ-ਪਿਤਾ ਤੋਂ ਬੱਚਿਆਂ ਵਿੱਚ ਜਮਾਂਦਰੂ ਤੌਰ ਤੇ ਹੋ ਸਕਦਾ ਹੈ। ਥੈਲੇਸੀਮੀਆਂ ਦੇ ਆਮ ਲੱਛਣ ਖ਼ੂਨ ਦੀ ਕਮੀਂ ਰਹਿਣਾਂ, ਚਮੜੀ ਦਾ ਪੀਲਾਪਣ, ਕਮਜੋਰੀ ਰਹਿਣਾਂ, ਬੱਚਿਆਂ ਵਿਚ ਘੱਟ ਵਿਕਾਸ, ਪੇਟ ਦਾ ਫੁਲਿਆਂ ਰਹਿਣਾਂ, ਪਿਸ਼ਾਬ ਦਾ ਗਾੜ੍ਹਾਪਨ, ਬੇਹੋਸ਼ੀ ਦੀ ਹਾਲਤ ਆਦਿ ਹੋ ਸਕਦੇ ਹਨ। ਇਸਤੋਂ ਬਚਾਓ ਲਈ ਸਾਨੂੰ ਸਮੇਂ ਸਮੇਂ ਤੇ ਆਪਣੀ ਜਾਂਚ ਕਰਵਾਓਣੀ ਚਾਹੀਦੀ ਹੈ ਅਤੇ ਕਿਸੇ ਤਰਾ ਦੇ ਲੱਛਣ ਸਾਹਣੇ ਆਓਣ ਤੇ ਤੁਰੰਤ ਨਜਦੀਕੀ ਸਰਕਾਰੀ ਸਿਹਤ ਕੇਂਦਰ ਤੇ ਜਾ ਕੇ ਆਪਣਾਂ ਇਲਾਜ ਕਰਾਓਣਾਂ ਚਾਹੀਦਾ ਹੈ ਇਸ ਮੌਕੇ ਜਿਲ੍ਹ ਟੀਕਾਕਰਨ ਅਫਸਰ ਡਾ ਵਰਿੰਦਰਪਾਲ ਕੌਰ, ਐਸ.ਐਮ.ਓ. ਡਾ ਰਮਨਦੀਪ ਪੱਡਾ, ਡਾ ਨੀਰਜ ਲੱਤਾ, ਡਾ ਅਮਨਦੀਪ ਸਿੰਘ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਸਮੂਹ ਨਰਸਿੰਗ ਸਟਾਫ ਅਤੇ ਨਰਸਿੰਗ ਸਟੂਡੇਂਟ ਹਾਜਰ ਸਨ।